ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ. ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 90418 78800

# ਸਾਂਝੀ ਸੋਚ

SANJHI SOCH HD
ਸਾਂਝੀ ਸੋਚ
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ'ਤੇ ਪਹਿਰਾ

DOWNLOAD THE APP
NOW AVAILABLE ON
24x7 LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-11 ISSUE 1783 | 26 June, 2024 Wednesday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260

# ਵਿਕੀਲੀਕਸ ਦੇ ਫਾਊਂਡਰ ਜੂਲੀਅਨ ਅਸਾਂਜੇ ਪੰਜ ਸਾਲ ਬਾਅਦ ਹੋਏ ਰਿਹਾਅ

**ਲੰਦਨ ਸਾਂਝੀ ਸੋਚ ਬਿਊਰੋ**

ਅਮਰੀਕਾ ਦੀ ਜਾਸੂਸੀ ਦੇ ਦੋਸ਼ਾਂ 'ਚ ਜੇਲ੍ਹ 'ਚ ਬੰਦ ਵਿਕੀਲੀਕਸ ਦੇ ਫਾਊਂਡਰ ਜੂਲੀਅਨ ਅਸਾਂਜੇ ਮੰਗਲਵਾਰ ਨੂੰ 5 ਸਾਲ ਬਾਅਦ ਲੰਡਨ ਦੀ ਜੇਲ੍ਹ ਤੋਂ ਰਿਹਾਅ ਹੋ ਗਏ। ਉਨ੍ਹਾਂ ਨੇ ਅਮਰੀਕੀ ਸਰਕਾਰ ਨਾਲ ਇਕ ਸਮਝੌਤੇ ਦੇ ਅਧੀਨ ਜਾਸੂਸੀ ਦੀ ਗੱਲ ਸਵੀਕਾਰ ਕਰ ਲਈ ਹੈ। ਯੂ.ਐੱਸ. ਜ਼ਿਲ੍ਹਾ ਕੋਰਟ ਦੇ ਦਸਤਾਵੇਜ਼ਾਂ ਅਨੁਸਾਰ, 52 ਸਾਲ ਦੇ ਅਸਾਂਜੇ ਨੇ ਅਮਰੀਕਾ ਨਾਲ ਇਕ ਸਮਝੌਤਾ ਕੀਤਾ ਹੈ। ਇਸ ਦੇ ਅਧੀਨ ਉਹ ਬੁੱਧਵਾਰ ਨੂੰ ਅਮਰੀਕਾ ਦੀ ਸਾਈਪਨ ਕੋਰਟ 'ਚ ਪੇਸ਼ ਹੋਣਗੇ। ਇੱਥੇ ਉਹ ਅਮਰੀਕਾ ਦੇ ਖੁਫ਼ੀਆ ਦਸਤਾਵੇਜ਼ਾਂ ਨੂੰ ਦਾਸਲ ਕਰਨ ਲਈ ਸਾਜਿਸ਼ ਰਚਣ ਦੇ ਦੋਸ਼ ਨੂੰ ਸਵੀਕਾਰ ਕਰਨਗੇ।

ਦੋਸ਼ ਮੰਨਣ ਤੋਂ ਬਾਅਦ ਅਸਾਂਜੇ ਨੂੰ 62 ਮਹੀਨੇ (5 ਸਾਲ 2 ਮਹੀਨੇ) ਜੇਲ੍ਹ ਦੀ ਸਜ਼ਾ ਸੁਣਾਈ ਜਾਵੇਗੀ, ਜੋ ਉਹ ਪਹਿਲੇ ਹੀ ਪੂਰੀ ਕਰ ਚੁੱਕੇ ਹਨ। ਜੂਲੀਅਨ ਹੁਣ ਤੱਕ ਬ੍ਰਿਟਿਸ਼ ਜੇਲ੍ਹ 'ਚ



1901 ਦਿਨ ਦੀ ਸਜ਼ਾ ਕੱਟ ਚੁੱਕੇ ਹਨ। ਅਮਰੀਕਾ ਨਾਲ ਕੀਤੇ ਗਏ ਸਮਝੌਤੇ ਤੋਂ ਬਾਅਦ ਉਨ੍ਹਾਂ ਨੂੰ ਬ੍ਰਿਟੇਨ ਦੀ ਹਾਈ-ਸਕਿਓਰਿਟੀ ਜੇਲ੍ਹ ਬੇਲਮਾਰਸ਼ ਤੋਂ ਸੋਮਵਾਰ ਨੂੰ ਰਿਹਾਅ ਕਰ ਦਿੱਤਾ ਗਿਆ। ਇੱਥੋਂ ਉਹ ਸਿੱਧੇ ਆਪਣੇ ਦੇਸ਼ ਆਸਟ੍ਰੇਲੀਆ ਲਈ ਰਵਾਨਾ ਹੋ ਗਏ।

# ਅਮਰੀਕਾ 'ਚ ਭਾਰਤੀ ਨਾਗਰਿਕ ਦੀ ਹੱਤਿਆ ਮਾਮਲੇ 'ਚ ਪੁਲਿਸ ਵੱਲੋਂ ਇੱਕ ਵਿਅਕਤੀ ਗ੍ਰਿਫ਼ਤਾਰ

**ਡਲਾਸ ਸਾਂਝੀ ਸੋਚ ਬਿਊਰੋ**

ਟੈਕਸਾਸ ਸੂਬੇ 'ਚ ਪੁਲਿਸ ਨੇ ਡਲਾਸ ਵਿਚ ਇਕ ਰਿਟੇਲ ਸਟੋਰ ਵਿਚ ਲੁੱਟ ਦੌਰਾਨ 32 ਸਾਲਾ ਭਾਰਤੀ ਨਾਗਰਿਕ ਦੀ ਹੱਤਿਆ ਦੇ ਮਾਮਲੇ 'ਚ ਇਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਹੈ। ਦਾਸਰੀ ਗੋਪੀਕ੍ਰਿਸ਼ਨ ਦੀ 21 ਜੂਨ ਨੂੰ ਡੱਲਾਸ ਦੇ ਪਲੇਜ਼ੈਂਟ ਗਰੋਵ ਵਿਚ ਇੱਕ ਰਿਟੇਲ ਸਟੋਰ ਵਿਚ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ। ਆਂਧਰਾ ਪ੍ਰਦੇਸ਼ ਦੇ ਬਾਪਟਲਾ ਜ਼ਿਲ੍ਹੇ ਦੇ ਪਿੰਡ ਯਾਜਲੀ ਦਾ ਰਹਿਣ ਵਾਲਾ ਗੋਪੀਕ੍ਰਿਸ਼ਨ ਅੱਠ ਮਹੀਨੇ ਪਹਿਲਾਂ ਅਮਰੀਕਾ ਆਇਆ ਸੀ।

ਪੁਲਿਸ ਨੇ ਗੋਪੀਕ੍ਰਿਸ਼ਨ ਦੇ ਕਤਲ ਦੇ ਦੋਸ਼ ਵਿਚ 21 ਸਾਲਾ ਡੇਵੋਂਟਾ ਮੈਥਿਸ ਨੂੰ ਗ੍ਰਿਫ਼ਤਾਰ ਕੀਤਾ ਹੈ। ਉਸ 'ਤੇ ਗੋਪੀਕ੍ਰਿਸ਼ਨ ਨੂੰ ਗੋਲੀ ਮਾਰਨ ਦਾ ਦੋਸ਼ ਹੈ। ਪੁਲਿਸ ਨੇ ਦੱਸਿਆ ਕਿ ਲੁੱਟ ਦੌਰਾਨ ਮੈਥਿਸ ਦੁਕਾਨ 'ਚ ਦਾਖਲ ਹੋਇਆ ਅਤੇ ਕਾਊਂਟਰ 'ਤੇ ਪਹੁੰਚ ਕੇ ਗੋਪੀਕ੍ਰਿਸ਼ਨ ਨੂੰ ਗੋਲੀ ਮਾਰ ਦਿੱਤੀ। ਉਸ ਨੇ ਭੱਜਣ ਤੋਂ ਪਹਿਲਾਂ ਸਾਮਾਨ ਲੁੱਟ ਲਿਆ। ਗੋਪੀਕ੍ਰਿਸ਼ਨ ਨੂੰ ਗੰਭੀਰ ਹਾਲਤ ਵਿਚ ਹਸਪਤਾਲ ਲਿਜਾਇਆ ਗਿਆ ਅਤੇ ਬਾਅਦ ਵਿਚ ਉਸ ਦੀ ਮੌਤ ਹੋ ਗਈ। ਮੈਥਿਸ ਨੂੰ ਡਕੈਤੀ ਦੇ ਦੋਸ਼ ਵਿਚ ਗ੍ਰਿਫਤਾਰ ਕੀਤਾ ਗਿਆ ਸੀ, ਪਰ ਗੋਪੀਕ੍ਰਿਸ਼ਨ ਦੀ ਮੌਤ ਕਾਰਨ ਕਤਲ ਦਾ ਦੋਸ਼ ਲਗਾਇਆ ਗਿਆ ਹੈ।

ਮੈਥਿਸ 'ਤੇ 20 ਜੂਨ ਨੂੰ ਡਾਊਨਟਾਊਨ ਵਾਕੋ ਵਿਚ ਇੱਕ ਘਾਤਕ ਗੋਲੀਬਾਰੀ ਦਾ ਵੀ ਦੋਸ਼ ਹੈ। ਉਸ ਨੇ 60 ਸਾਲਾ ਮੁਹੰਮਦ ਹੁਸੈਨ ਨੂੰ ਕਈ ਵਾਰ ਗੋਲੀਆਂ ਮਾਰੀਆਂ, ਜਿਸ ਦੀ ਹਸਪਤਾਲ ਵਿਚ ਮੌਤ ਹੋ ਗਈ। ਇਸ ਦੌਰਾਨ ਅਧਿਕਾਰੀਆਂ ਨੇ ਦੱਸਿਆ ਕਿ ਭਾਰਤੀ ਕੌਂਸਲੇਟ ਗੋਪੀਕ੍ਰਿਸ਼ਨ ਦੀ ਦੇਹ ਨੂੰ ਭਾਰਤ ਲਿਆਉਣ ਦੀ ਪ੍ਰਕਿਰਿਆ ਨੂੰ ਅੰਤਿਮ ਰੂਪ ਦੇ ਰਿਹਾ ਹੈ।

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

GINNY BEDI LAW PC
Immigration, Divorce, Custody and Support issues, Business Disputes, Living Trusts, Criminal Matters, Misdemeanors, DUI
Ginny Bedi Attorney
ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।
255 N Market St Ste 150 San Jose CA 95110
Tel: (408) 800-0242 Fax: (408) 800-0240, Mobile: (408) 802-2501
Email: ginny@ginnybedilaw.com Web: www.ginnybedilaw.com

Serving Punjabi Mother Tongue In America For The Last 12 Years
ਸਾਂਝੀ ਸੋਚ
DAILY SANJHI SOCH NEWSPAPER
LAUNCHING SOON IN Canada
ਖ਼ਬਰਾਂ, ਆਰਟੀਕਲ, ਕਵਿਤਾਵਾਂ, ਕਹਾਣੀਆਂ ਅਤੇ ਹੋਰ ਛਪਣਯੋਗ ਸਮੱਗਰੀ
LAUNCHING SOON
info@sanjhisoch.com ਤੇ ਭੇਜੋ
ਹੋਰ ਜਾਣਕਾਰੀ ਲਈ ਸੰਪਰਕ ਕਰੋ:
+1 (209) 303-1260 +91 81463-20009

Law Offices of Ashwani K.Bhakhri
1299 Bayshore Hwy Suite 208 Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334 (916) 379-9700 (209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor ® CalDRE # 02115235
ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED

Space available for Ad
Contact # +1 (209) 303-1260

Space availabe for Ad
Contact #
+1 (209) 303-1260

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137

PAL FILMS & PHOTO BOOKS
WWW.PALFILMS.COM
All Your Photo/Videography & Post Production needs Under One Roof
Music Video | Pre Shoots | Weddings | Birthdays | Graduations Stage Shows Or Any Kind Of Events | Customize Photobooks (upto 6 feet) Video Editing VFX/DI/CC & Much More....
Full Photo & Videography studio with Green Screen Blue Screen
PH: (925) 489 3400, (341) 356 1517
4007 Railroad Ave Pittsburgh, CA 94565 | Email: palfilms@yahoo.com, palfilms925@gmail.com

# JRP REALTY GROUP

A TRADITION OF REAL ESTATE EXCELLENCE

## SERVING CALIFORNIA FOR COMMERCIAL REAL ESTATE NEEDS





**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS

We do commercial loans for businesses, gas stations, lands and commercial properties

We provide the best in class evaluation for your real estate/business to maximize the profits for you

For more properties or business, contact us.






**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**

EQUAL HOUSING OPPORTUNITY



**Apply online at www.lendingassets.com and check out the live lowest rates on our website**


OPEN
NOW HIRING
NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ
ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ,
ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ,
ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ
ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ
ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria
MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ
ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

ਸਾਂਝੀ ਸੋਚ
SANJHI SOCH
www.sanjhisoch.com
PATTRON: HARJIT BASI
MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER
ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH
DAILY NEWSPAPER
2601 Oakdale Road,
Suite H2-167 Modesto,
CA 95355 USA
Cell: (209) 303-1260
Email: info@sanjhisoch.com
Visit at: www.sanjhisoch.com

# ਉੱਚ ਸਿੱਖਿਆ, ਵਧਦੇ ਵਿਵਾਦ



ਗੁਰਮੀਤ ਸਿੰਘ ਪਲਾਹੀ
98158-02070

ਪਿਛਲੇ ਕੁਝ ਦਿਨਾਂ ਤੋਂ ਰਾਸ਼ਟਰੀ ਪੱਧਰ 'ਤੇ ਕੁਝ ਮਹੱਤਵਪੂਰਨ ਪ੍ਰੀਖਿਆਵਾਂ ਵਿੱਚ ਧਾਂਧਲੀ ਅਤੇ ਪ੍ਰਸ਼ਨ ਪੱਤਰਾਂ ਦੇ ਲੀਕ ਹੋਣ ਦੇ ਮਾਮਲੇ 'ਚ ਜਿਸ ਕਿਸਮ ਦਾ ਰੋਸ ਲੋਕਾਂ ਵਿੱਚ ਵੇਖਣ ਨੂੰ ਮਿਲ ਰਿਹਾ ਹੈ, ਉਹ ਕੁਦਰਤੀ ਹੈ।

ਇਹੋ ਜਿਹੇ ਹਰ ਵਿਵਾਦ ਤੋਂ ਬਾਅਦ ਸਰਕਾਰ ਦਾ ਇਹੋ ਬਿਆਨ ਅਤੇ ਭਰੋਸਾ ਸਾਹਮਣੇ ਆਉਂਦਾ ਹੈ ਕਿ ਉਹ ਮਾਮਲੇ ਦੀ ਜਾਂਚ ਕਰੇਗੀ ਅਤੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇਵੇਗੀ। ਪਰ ਸਾਲਾਂ ਤੋਂ ਇਹ ਸਮੱਸਿਆ ਲਗਾਤਾਰ ਕਾਇਮ ਹੈ।

ਸਮੇਂ-ਸਮੇਂ 'ਤੇ ਦੇਸ਼ ਵਿੱਚ ਹੋ ਰਹੇ ਸਕੈਂਡਲ, ਫਰਾਡ, ਭ੍ਰਿਸ਼ਟਾਚਾਰੀ ਕਾਰਵਾਈਆਂ ਕਾਰਨ ਵਿਸ਼ਵ ਵਿੱਚ ਦੇਸ਼ ਦਾ ਨਾਂਅ ਬਦਨਾਮ ਹੁੰਦਾ ਹੈ। ਹਾਲਾਂਕਿ ਚੋਣ ਬਾਂਡ ਮਾਮਲੇ ਸਬੰਧੀ ਵੱਡੇ ਸਕੈਂਡਲ ਦੀ ਸਿਆਹੀ ਸੁੱਕੀ ਨਹੀਂ ਸੀ ਕਿ ਚੋਣਾਂ ਦੇ ਨਤੀਜਿਆਂ ਤੋਂ ਪਹਿਲਾਂ ਸ਼ਿਅਰ ਮਾਰਕੀਟ ਸਬੰਧੀ ਇੱਕ ਹੋਰ ਵੱਡਾ ਵਿਵਾਦ ਸਾਹਮਣੇ ਆਇਆ, ਜਿਸ ਵਿੱਚ ਮੱਧ ਵਰਗੀ ਲੋਕਾਂ ਦੀ ਕਿਰਤ ਕਮਾਈ ਦੇ ਕਰੋੜਾਂ ਰੁਪਏ ਰੁੜ ਗਏ।

ਐਨ.ਡੀ.ਏ. ਸਰਕਾਰ ਦੇ ਗਠਨ ਦੇ ਤੁਰੰਤ ਬਾਅਦ ਨੀਟ ਵਿਵਾਦ ਚਰਚਾ 'ਚ ਆਇਆ ਹੈ। ਬਿਹਾਰ ਪੁਲਿਸ ਦੀ ਆਰਥਿਕ ਅਪਰਾਧ ਇਕਾਈ ਵਲੋਂ ਗ੍ਰਿਫ਼ਤਾਰ ਕੀਤੇ ਗਏ ਚਾਰ ਉਮੀਦਵਾਰਾਂ ਨੇ ਪੁਲਿਸ ਨੂੰ ਬਿਆਨ ਦਿੱਤੇ ਹਨ ਕਿ ਉਹਨਾ ਨੇ 32-32 ਲੱਖ ਰੁਪਏ ਪ੍ਰਤੀ ਵਿਦਿਆਰਥੀ ਲਏ ਹਨ ਅਤੇ ਉਹਨਾ ਵਿਦਿਆਰਥੀਆਂ ਨੇ ਇਸ ਪ੍ਰੀਖਿਆ 'ਚ ਸੌ ਫ਼ੀਸਦੀ ਅੰਕ ਪ੍ਰਾਪਤ ਕੀਤੇ ਸਨ ਅਤੇ ਐਮ.ਬੀ.ਬੀ.ਐਸ. ਲਈ ਕਿਸੇ ਵੀ ਵੱਡੇ ਮੈਡੀਕਲ ਕਾਲਜ 'ਚ ਉਹਨਾ ਦੀ ਸੀਟ ਪੱਕੀ ਸੀ। ਇਸ ਨੀਟ ਪ੍ਰੀਖਿਆ 'ਚ 24 ਲੱਖ ਨੌਜਵਾਨਾਂ ਨੇ ਪ੍ਰੀਖਿਆ ਦਿੱਤੀ ਸੀ।

ਅਸਲ ਵਿੱਚ ਇਸ ਪ੍ਰੀਖਿਆ ਨੇ ਦੇਸ਼ ਦੀ ਸਮੁੱਚੀ ਸਿੱਖਿਆ ਪ੍ਰਣਾਲੀ ਉਤੇ ਵੱਡੇ ਸਵਾਲ ਖੜੇ ਕੀਤੇ ਹਨ। ਇਥੇ ਦਸਣਾ ਬਣਦਾ ਹੈ ਕਿ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਨੇ ਕਬੂਲਿਆ ਹੈ ਕਿ ਇਸ ਪ੍ਰੀਖਿਆ ਦਾ ਪੇਪਰ ਲੀਕ ਹੋਇਆ ਹੈ।

ਉਹਨਾ ਨੇ ਕੌਮੀ ਟੈਸਟਿੰਗ ਏਜੰਸੀ (ਐਨ.ਟੀ.ਏ.) ਦੇ ਕੰਮ ਕਾਰ ਦੀ ਜਾਂਚ ਲਈ ਉੱਚ ਪੱਧਰੀ ਕਮੇਟੀ ਬਨਾਉਣ ਦਾ ਐਲਾਨ ਕੀਤਾ ਹੈ। ਦੇਸ਼ ਦੀ ਸੁਪਰੀਮ ਕੋਰਟ ਵਲੋਂ ਵੀ ਐਨ.ਟੀ.ਏ. ਦੀ ਜਵਾਬ ਤਲਬੀ ਕੀਤੀ ਗਈ ਹੈ ਅਤੇ ਕੇਂਦਰ ਸਰਕਾਰ ਨੂੰ ਵੀ ਇਸ ਸਬੰਧੀ ਕਟਿਹਰੇ 'ਚ ਖੜਾ ਕੀਤਾ ਗਿਆ ਹੈ। ਵਿਰੋਧੀ ਧਿਰਾਂ ਨੇ ਤਾਂ ਇਹਨਾ ਕਥਿਤ ਬੇਨਿਯਾਮੀਆਂ ਸਬੰਧੀ ਜ਼ੋਰਦਾਰ ਹੱਲਾ ਕੇਂਦਰ ਉਤੇ ਬੋਲਿਆ ਹੈ। ਕਾਂਗਰਸ ਆਗੂ ਨੇ ਤਾਂ ਇੱਕ ਕਦਮ ਹੋਰ ਅੱਗੇ ਜਾਂਦਿਆਂ ਕਿਹਾ ਕਿ ਭਾਜਪਾ ਤੇ ਆਰ.ਐਸ.ਐਸ. ਦਾ ਜਦੋਂ ਤੱਕ ਸਿੱਖਿਆ ਸੰਸਥਾਵਾਂ ਉਤੇ ਕਬਜ਼ਾ ਹੈ, ਉਦੋਂ ਤੱਕ ਪੇਪਰ ਲੀਕ ਹੋਣ ਦਾ ਅਮਲ ਜ਼ਾਰੀ ਰਹੇਗਾ।

ਬਿਨ੍ਹਾਂ ਸ਼ੱਕ ਇਹ ਵੱਡੀ ਸੱਚਾਈ ਹੈ ਕਿ ਭਾਜਪਾ ਸਰਕਾਰ ਸਿੱਖਿਆ ਸੰਸਥਾਵਾਂ ਉਤੇ ਆਪਣੇ ਕਰੰਦਿਆਂ ਰਾਹੀਂ, ਆਰ.ਐਸ.ਐਸ. ਦੀ ਹਿੰਦੂ ਰਾਸ਼ਟਰ ਸੋਚ ਨੂੰ ਸਿੱਖਿਆ ਸੰਸਥਾਵਾਂ ਰਾਹੀਂ ਦੇਸ਼ 'ਚ ਲਾਗੂ ਕਰਨ ਦੇ ਅਮਲ ਨੂੰ ਅੱਗੇ ਵਧਾ ਰਹੀ ਹੈ। ਦੇਸ਼ ਦੇ ਸਭਿਆਚਾਰਕ ਤਾਣੇ-ਬਾਣੇ ਨੂੰ ਨਸ਼ਟ ਕਰਨ ਲਈ ਪੂਰਾ ਟਿੱਲ ਲਾ ਰਹੀ ਹੈ। ਦੇਸ਼ ਦੇ ਇਤਿਹਾਸ ਨੂੰ ਬਦਲ ਰਹੀ ਹੈ। ਪਿਛਲੇ ਦਿਨੀ "ਬਾਬਰੀ ਮਸਜਿਦ" ਦਾ ਘਟਨਾ ਕਰਮ ਇਥੋਂ ਤੱਕ ਕਿ ਨਾਂਅ ਵੀ ਇਤਿਹਾਸ ਦੀਆਂ ਪਾਠ ਪੁਸਤਕਾਂ ਵਿਚੋਂ ਗਾਇਬ ਕਰ ਦਿੱਤਾ ਗਿਆ।

ਇਥੇ ਬੁਨਿਆਦੀ ਸੁਆਲ ਇਹ ਹੈ ਕਿ ਦੇਸ਼ ਦੇ ਭਵਿੱਖ ਨਾਲ ਐਡਾ ਵੱਡਾ ਖਿਲਵਾੜ ਹੋਇਆ ਹੋਵੇ ਤੇ ਦੇਸ਼ ਦਾ ਪ੍ਰਧਾਨ ਮੰਤਰੀ ਚੁੱਪੀ ਵੱਟ ਕੇ ਬੈਠਾ ਰਹੇ, ਉਵੇਂ ਹੀ ਜਿਵੇਂ ਉਹ ਮਨੀਪੁਰ ਦੀਆਂ ਘਟਨਾਵਾਂ ਸਬੰਧੀ ਜਿਥੇ ਔਰਤਾਂ ਨਾਲ ਸ਼ਰੇਆਮ ਬਲਾਤਕਾਰ ਹੋਏ, ਉਹਨਾ ਨੂੰ ਸੜਕਾਂ 'ਤੇ ਨੰਗਿਆਂ ਕਰਕੇ ਘੁਮਾਇਆ ਗਿਆ ਸੀ, ਪਰ ਪ੍ਰਧਾਨ ਮੰਤਰੀ ਨੇ ਇੱਕ ਸ਼ਬਦ ਵੀ ਇਸ ਸਬੰਧੀ ਨਹੀਂ ਸੀ ਬੋਲਿਆ।

ਪ੍ਰਧਾਨ ਮੰਤਰੀ, ਦੇਸ਼ ਦੇ ਲੋਕਾਂ ਕੋਲ ਹਰ ਮਹੀਨੇ 'ਮਨ ਕੀ ਬਾਤ' ਕਰਦੇ ਹਨ, ਇਸ ਮਹੀਨੇ ਵੀ ਆਖ਼ਰੀ ਤਾਰੀਖ ਨੂੰ ਮੁੜ ਇਹ ਪ੍ਰੋਗਰਾਮ ਪ੍ਰਸਾਰਤ ਕਰਵਾਉਂਦੇ ਹਨ, ਪਰ ਕੀ ਉਹ ਵਿਦਿਆਰਥੀਆਂ ਨਾਲ ਹੋਏ ਇਸ ਖਿਲਵਾੜ ਸਬੰਧੀ ਮਨ ਦੀ ਗੱਲ ਕਰਨਗੇ? ਕੀ ਉਹਨਾ ਵਿਦਿਆਰਥੀਆਂ ਦੇ ਜ਼ਖ਼ਮਾਂ ਉਤੇ ਮੱਲ੍ਹਮ ਲਗਾਉਣਗੇ, ਜਿਹਨਾ ਦੇ ਸੁਪਨੇ ਟੁੱਟ ਗਏ ਹਨ, ਜਿਹੜੇ ਇਨਸਾਫ਼ ਲਈ ਦਰ-ਦਰ ਭਟਕਦੇ ਫਿਰਦੇ ਹਨ, ਸੜਕਾਂ 'ਤੇ ਮੁਜ਼ਾਹਰੇ ਕਰ ਰਹੇ ਹਨ। ਇਸ ਨੀਟ ਵਿਵਾਦ 'ਤੇ ਘੁਟਾਲੇ ਦੀ ਜਾਂਚ ਸੀਬੀਆਈ ਨੂੰ ਦੇ ਦਿੱਤੀ ਗਈ ਹੈ। ਇਸ ਮਾਮਲੇ 'ਤੇ ਵੱਡੀ ਉਂਗਲੀ ਬਿਹਾਰ ਤੇ ਗੁਜਰਾਤ 'ਚ ਫੈਲੇ ਸਿੱਖਿਆ ਮਾਫੀਆ ਨਾਲ ਉਠਦੀ ਵਿਖਾਈ ਦਿੰਦੀ ਹੈ। ਦੋਹਾਂ ਰਾਜਾਂ ਵਿੱਚ ਹੀ ਐਫ.ਆਈ.ਆਰ. ਦਰਜ਼ ਹੋਈਆਂ ਹਨ।

ਸਿੱਖਿਆ ਘੁਟਾਲੇ ਦੇ ਇਸ ਮੌਸਮ ਵਿੱਚ ਦੇਸ਼ ਦੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਲੰਦਾ ਯੂਨੀਵਰਸਿਟੀ ਵਿੱਚ ਇੱਕ ਸ਼ਾਨਦਾਰ ਭਾਸ਼ਨ ਦਿੱਤਾ। ਉਹਨਾ ਘੁਟਾਲੇ ਦਾ ਜ਼ਿਕਰ ਤੱਕ ਨਹੀਂ ਕੀਤਾ, ਪਰ ਆਪਣੇ ਸਰਕਾਰ ਦੀ ਸਿੱਖਿਆ ਨੀਤੀ ਦੀ ਪੁਰਜ਼ੋਰ ਤਾਰੀਫ਼ ਕੀਤੀ। ਉਹਨਾ ਕਿਹਾ ਕਿ ਸਾਡੀ ਸਿੱਖਿਆ ਨੀਤੀ ਦਾ ਮੰਤਵ ਹੈ ਕਿ ਦੇਸ਼ ਦੀ ਨੌਜਵਾਨ ਪੀੜ੍ਹੀ ਦੇ ਸਾਰੇ ਸੁਫ਼ਨੇ ਸਾਕਾਰ ਹੋਣ। ਉਹਨਾ ਕਿਹਾ ਕਿ ਉਹਨਾ ਦਾ ਮਿਸ਼ਨ ਹੈ ਕਿ ਭਾਰਤ ਇੱਕ ਵੇਰ ਫਿਰ ਗਿਆਨ ਦਾ ਕੇਂਦਰ ਬਣੇ ਜਿਵੇਂ ਪੁਰਾਤਨ ਸਮਿਆਂ ਵਿੱਚ ਸੀ।

ਪਰੰਤੂ ਸਵਾਲ ਇਹ ਹੈ ਕਿ ਭਾਰਤ ਗਿਆਨ ਦਾ ਕੇਂਦਰ ਬਣੇਗਾ ਕਿਵੇਂ, ਜਦਕਿ ਸਿੱਖਿਆ ਦਾ ਇੰਨਾ ਬੁਰਾ ਹਾਲ ਹੈ ਕਿ ਲੱਖਾਂ ਵਿਦਿਆਰਥੀਆਂ ਦਾ ਭਵਿੱਖ ਬਰਬਾਦ ਹੋ ਸਕਦਾ ਹੈ। ਸਿਰਫ਼ ਇਸ ਲਈ ਕਿ ਸਿੱਖਿਆ ਮਨਿਸਟਰੀ "ਨੀਟ" ਪ੍ਰੀਖਿਆ ਸਹੀ ਢੰਗ ਨਾਲ ਨਹੀਂ ਕਰਵਾ ਸਕੀ। ਕਈ ਵਿਦਿਆਰਥੀਆਂ ਦੇ ਡਾਕਟਰ ਬਨਣ ਦੇ ਸੁਪਨੇ ਚੂਰ-ਚੂਰ ਹੋ ਗਏ ਹਨ। ਹੁਣ ਪ੍ਰੀਖਿਆ ਦੁਬਾਰਾ ਦੇਣ ਲਈ ਨਾ ਉਹਨਾ 'ਚ ਹਿੰਮਤ ਹੈ ਅਤੇ ਨਾ ਹੀ ਜੋਸ਼ ਜਾਂ ਸਮਰੱਥਾ। ਅਸਲ 'ਚ ਭਵਿੱਖ ਸਿਰਫ਼ ਵਿਦਿਆਰਥੀਆਂ ਦਾ ਨਹੀਂ, ਉਹਨਾ ਦੇ ਮਾਪਿਆਂ ਦਾ ਵੀ ਖਰਾਬ ਹੋਇਆ ਹੈ। ਇਸਦੀ ਜ਼ੁੰਮੇਵਾਰੀ ਕੌਣ ਲਵੇਗਾ?

ਕੀ ਨੀਟ ਪ੍ਰੀਖਿਆ 'ਤੇ ਹੁਣ ਕਿਸੇ ਦਾ ਭਰੋਸਾ ਰਹੇਗਾ, ਜਦੋਂ ਕਿ ਐਡਾ ਵੱਡਾ ਭ੍ਰਿਸ਼ਟਾਚਾਰੀ ਕਾਂਡ ਵਾਪਰਿਆ ਹੈ। ਮੈਡੀਕਲ ਸਿੱਖਿਆ 'ਚ ਖਰਾਬੀ ਇਸ ਹੱਦ ਤੱਕ ਵਧ ਚੁੱਕੀ ਹੈ ਕਿ ਭਾਰਤੀ ਵਿਦਿਆਰਥੀ ਡਾਕਟਰ ਬਨਣ ਲਈ ਯੂਕਰੇਨ ਜਾ ਰਹੇ ਹਨ, ਬਾਵਜੂਦ ਇਸਦੇ ਕਿ ਉਥੇ ਯੁੱਧ ਲੱਗਿਆ ਹੋਇਆ ਹੈ। ਕਾਰਨ ਇਕੋ ਹੈ ਕਿ ਭਾਰਤ 'ਚ ਮੈਡੀਕਲ ਸਿੱਖਿਆ ਬਹੁਤ ਮਹਿੰਗੀ ਹੈ, ਤੇ ਵਿਦੇਸ਼ਾਂ 'ਚ ਸਸਤੀ। ਸਰਕਾਰੀ ਮੈਡੀਕਲ ਕਾਲਜਾਂ 'ਚ ਦਾਖ਼ਲਾ ਮਿਲਣਾ ਬਹੁਤ ਔਖਾ ਹੈ, ਉਹ ਲੋਕ ਜਿਹਨਾ 'ਚ ਹਿੰਮਤ ਹੈ, ਪੈਸਾ ਖ਼ਰਚਕੇ ਬੱਚਿਆਂ ਦਾ ਦਾਖ਼ਲਾ ਕਰਵਾ ਲੈਂਦੇ ਹਨ।

ਡਾਕਟਰੀ ਪੜ੍ਹਾਈ ਵਿੱਚ ਹੀ ਨਹੀਂ ਸਗੋਂ ਸਾਰੀਆਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਸਿੱਖਿਆ ਮਾਫੀਏ ਦੀਆਂ ਸ਼ਿਕਾਰ ਹੋ ਚੁੱਕੀਆਂ ਹਨ। ਮੌਜੂਦਾ ਸਮੇਂ ਸਿੱਖਿਆ ਦੀਆਂ ਸਮੱਸਿਆਵਾਂ ਅਤਿਅੰਤ ਗੰਭੀਰ ਹਨ। ਇਹ ਠੀਕ ਹੈ ਕਿ ਉਹ ਸਮੱਸਿਆਵਾਂ ਸਿਰਫ਼ ਮੋਦੀ ਸਰਕਾਰ ਵਲੋਂ ਹੀ ਪੈਦਾ ਕੀਤੀਆਂ ਹੋਈਆਂ ਨਹੀਂ ਹਨ, ਪਰ ਪਿਛਲੇ ਦਸ ਸਾਲਾਂ 'ਚ ਮੋਦੀ ਜੀ ਨੇ ਸਿੱਖਿਆ 'ਚ ਖ਼ਾਸ ਕਰਕੇ ਉੱਚ ਸਿੱਖਿਆ ਸੁਧਾਰਾਂ ਲਈ ਕੀ ਕੀਤਾ ਹੈ? ਉੱਚ ਸਿੱਖਿਆ ਦਾ ਹਾਲ ਇਹ ਹੈ ਕਿ ਪੂਰੀ ਪੜ੍ਹਾਈ ਕਰਨ ਤੋਂ ਬਾਅਦ ਵੀ ਵਿਦਿਆਰਥੀ ਨੌਕਰੀ ਕਰਨ ਦੇ ਲਾਇਕ ਨਹੀਂ ਬਣਦੇ, ਕਿਉਂਕਿ ਸੰਸਥਾਵਾਂ 'ਚ ਬੁਨਿਆਦੀ ਢਾਂਚੇ ਅਤੇ ਪ੍ਰੋਫੈਸ਼ਨਲ ਅਧਿਆਪਕਾਂ ਤੇ ਅਮਲੇ ਦੀ ਕਮੀ ਹੈ, ਖ਼ਾਸ ਕਰਕੇ ਸਰਕਾਰੀ ਮੈਡੀਕਲ, ਇੰਜੀਨੀਅਰਿੰਗ ਕਾਲਜਾਂ ਅਤੇ ਇਥੋਂ ਤੱਕ ਕਿ ਆਈ.ਆਈ.ਟੀ. ਵਿੱਚ ਵੀ।

ਸਿੱਖਿਆ ਘੁਟਾਲੇ ਨੂੰ ਲੈ ਕੇ ਰਾਜਨੀਤੀ ਸ਼ੁਰੂ ਹੋ ਗਈ ਹੈ। ਵਿਰੋਧੀ ਧਿਰ ਦੇ ਨੇਤਾਵਾਂ ਨੇ ਸਪਸ਼ਟ ਸ਼ਬਦਾਂ 'ਚ ਕਿਹਾ ਹੈ ਕਿ ਉਹ ਆਉਂਦੇ ਸੰਸਦ ਇਜਲਾਸ ਵਿੱਚ ਇਹ ਮਸਲੇ ਉਠਾਉਣਗੇ। ਸ਼ਾਇਦ ਇਸੇ ਕਰਕੇ ਇਸ ਡਰ 'ਚ ਇਮਤਿਹਾਨ ਲੈਣ ਵਾਲੀ ਸੰਸਥਾ "ਐਨ.ਟੀ.ਏ." ਦੇ ਚੇਅਰਮੈਨ ਨੂੰ ਹਟਾ ਦਿੱਤਾ ਗਿਆ ਹੈ।

ਵਿਰੋਧੀ ਧਿਰ ਦੇ ਤਿੱਖੇ ਵਾਰ ਨੂੰ ਰੋਕਣ ਲਈ ਸਰਕਾਰ ਨੇ ਤਤਕਾਲੀ ਤੌਰ 'ਤੇ ਉਹ ਕਾਨੂੰਨ ਲਾਗੂ ਕਰਨ ਦੀ ਘੋਸ਼ਣਾ ਕੀਤੀ ਹੈ ਜੋ ਚਾਰ ਮਹੀਨੇ ਪਹਿਲਾਂ ਲੋਕ ਪ੍ਰੀਖਿਆ(ਅਨੁਚਿਤ ਸਾਧਨਾਂ ਦਾ ਨਿਵਾਰਣ) ਕਾਨੂੰਨ 2024 ਪਾਸ ਕੀਤਾ ਸੀ। ਇਸ ਕਾਨੂੰਨ ਦਾ ਮੰਤਵ ਯੂ.ਪੀ.ਐਸ.ਸੀ, ਰੇਲਵੇ, ਬੈਂਕਿੰਗ ਆਦਿ ਹੋਰ ਸਾਰੀਆਂ ਪ੍ਰਤੀਯੋਗੀ ਪ੍ਰੀਖਿਆਵਾਂ ਸਮੇਤ ਨੀਟ 'ਚ ਭ੍ਰਿਸ਼ਟਾਚਾਰੀਆਂ ਨੂੰ ਕੈਦ, ਭਾਰੀ ਜ਼ੁਰਮਾਨੇ ਆਦਿ ਦੇਣ ਦਾ ਪ੍ਰਾਵਾਧਾਨ ਹੈ।

ਪਰ ਇਹ ਹਕੀਕਤ ਜੱਗ ਜ਼ਾਹਿਰ ਹੈ ਕਿ ਅਪਰਾਧਾਂ 'ਤੇ ਰੋਕ ਲਗਾਉਣ ਲਈ ਕਾਨੂੰਨ ਬਣਾਏ ਜਾਂਦੇ ਹਨ, ਲੇਕਿਨ ਉਹ ਕਾਗਜ਼ਾਂ ਵਿੱਚ ਹੀ ਧਰੇ ਧਰਾਏ ਰਹਿ ਜਾਂਦੇ ਹਨ।

ਅਸਲ 'ਚ ਇਹੋ ਜਿਹੇ ਕਾਨੂੰਨਾਂ ਨੂੰ ਲਾਗੂ ਕਰਨ ਲਈ ਇੱਛਾ ਸ਼ਕਤੀ ਦੀ ਲੋੜ ਹੁੰਦੀ ਹੈ, ਜੋ ਭਾਰਤੀ ਸਿਆਸਤਦਾਨ ਗੁਆ ਚੁੱਕੇ ਹਨ। ਹੁਣ ਜਦੋਂ ਰਾਸ਼ਟਰੀ ਪੱਧਰ 'ਤੇ ਕਰਵਾਈ ਜਾਣ ਵਾਲੀ ਪ੍ਰੀਖਿਆ 'ਚ ਧਾਂਧਲੀ ਰੋਕਣ ਲਈ ਸਰਕਾਰ ਨਾਕਾਮ ਰਹੀ, ਹਾਲਾਂਕਿ ਉਸ ਵਲੋਂ ਦਾਅਵਾ ਕੀਤਾ ਜਾਂਦਾ ਹੈ ਕਿ ਇਹੋ ਜਿਹੀਆਂ ਸੰਵੇਦਨਸ਼ੀਲ ਪ੍ਰੀਖਿਆਵਾਂ ਵਿੱਚ ਆਧੁਨਿਕ ਅਤੇ ਉਨਤ ਤਕਨੀਕੀ ਸੰਸਥਾਵਾਂ ਤੋਂ ਸਹਾਇਤਾ ਲਈ ਜਾਂਦੀ ਹੈ, ਪਰ ਸਾਈਬਰ ਖੇਤਰ 'ਚ ਨਿੱਤ ਨਵੇਂ ਪ੍ਰਯੋਗਾਂ ਦੇ ਜ਼ਰੀਏ ਹਾਲੀ ਵੀ ਬਹੁ-ਸਤਰੀ ਨਿਗਰਾਨੀ ਤੰਤਰ ਨਹੀਂ ਬਣ ਸਕਿਆ।

ਦੇਸ਼ 'ਚ ਉੱਚ ਸਿੱਖਿਆ ਦੇ ਮਿਆਰ 'ਤੇ ਇਸ ਵੇਲੇ ਸਵਾਲ ਉਠਦੇ ਹਨ। ਸਵਾਲ ਤਾਂ ਸਿੱਖਿਆ ਦੇ ਪੂਰੇ ਢਾਂਚੇ 'ਤੇ ਹੀ ਉਠਾਏ ਜਾਂਦੇ ਹਨ। ਨਵੀਂ ਸਿੱਖਿਆ ਨੀਤੀ ਚੰਗੀ ਹੋ ਸਕਦੀ ਹੈ, ਪਰ ਜਦ ਤੱਕ ਢਾਂਚੇ ਦੀ ਮੁਰੰਮਤ ਨਹੀਂ ਹੁੰਦੀ, ਇਹਨਾ ਨੀਤੀਆਂ ਦਾ ਕੋਈ ਮਤਲਬ ਨਹੀਂ ਰਹਿ ਜਾਂਦਾ।

ਮੌਜੂਦਾ ਪ੍ਰੀਖਿਆ ਵਿਵਾਦ 'ਚ, ਉਹਨਾ ਸਾਰੇ ਵਿਦਿਆਰਥੀਆਂ ਦੇ ਸਵਾਲਾਂ ਦਾ ਜਵਾਬ ਕੀ ਪ੍ਰਧਾਨ ਮੰਤਰੀ ਕੋਲ ਹੈ, ਜਿਹਨਾ ਦੀ ਜ਼ਿੰਦਗੀ ਬਰਬਾਦ ਹੋਈ ਦਿੱਖ ਰਹੀ ਹੈ?

# PAL FILMS & PHOTO BOOKS

*All Your Photo/Videography & Post Production needs Under One Roof*




Music Video | Pre Shoots | Weddings | Birthdays | Graduations
Stage Shows Or Any Kind Of Events | Customize Photobooks (upto 6 feet)
Video Editing VFX/DI/CC & Much More....

*Full Photo & Videography studio with Green Screen Blue Screen*

**PH: 925 489 3400, 341 356 1517**

Email: palfilms@yahoo.com, palfilms925@gmail.com, www.palfilms.com

**4007 Railroad Ave Pittsburgh, CA 94565**


ਸਭ ਦੀ ਪਹਿਲੀ ਪਸੰਦ
JEWEL OF INDIA
Sweets & Restaurant
ਹਰ ਤਰ੍ਹਾਂ ਦੀਆਂ ਸਵਾਦਿਸ਼ਟ ਇੰਡੀਅਨ ਮਠਿਆਈਆਂ ਤੇ ਲਾਜਵਾਬ ਭੋਜਨ
ਵਿਆਹ - ਸ਼ਾਦੀਆਂ ਲਈ ਸਪੈਸ਼ਲ ਆਡਰ ਅਨੁਸਾਰ
ਤਾਜ਼ੀਆਂ ਮਠਿਆਈਆਂ ਤਿਆਰ ਕਰਵਾ ਸਕਦੇ ਹੋ
OPEN :
MONDAY -SUNDAY - 10:00 AM - 9:00 PM
Pick up or Delivery . Order Online at
www.JEWELOFINDIAINC.com
Veg & Non-Veg (BOTH)
VEG
NON-VEG
Order The Best
Indian Sweets
Sukhraj: (408) 637-1464
Ph: (408) 929-5117 | Fax: (408) 929-3894
Address: 2634 Alum Rock Ave San Jose, CA 95116

# SUNLIGHT ADULT DAY HEALTH CARE CENTRE

**ਬੁਢਾਪੇ ਨੂੰ ਖ਼ੁਸ਼ਹਾਲ ਤੇ ਰੰਗੀਨ ਬਣਾਓ**
**ਨਵੀਆਂ-ਨਵੀਆਂ communities ਦੇ**
**ਲੋਕਾਂ ਨਾਲ ਬਿਤਾਓ ਸਮਾਂ**



**ਸੋਮਵਾਰ ਤੋਂ ਸ਼ੁਕਰਵਾਰ ਸਵੇਰੇ 9:00 ਵਜੇ ਤੋਂ ਦੁਪਹਿਰ 1:00 ਵਜੇ ਤੱਕ**




**Bus Pickup & Drop**
**ਸਾਫ਼- ਸੁਥਰਾ ਮਾਹੌਲ**
**Health Care Facility**

**Physical, Occupational & Speech Therapy**
**Dietition ਦੁਆਰਾ ਤਿਆਰ Nutritional Diet**
**ਮੈਡੀਕਲ ਸਹੂਲਤਾਂ Entertainment ਲਈ GAMES**

**ਅਸੀਂ ਤੁਹਾਡਾ ਮਨਪਸੰਦ 'ਇੰਡੀਅਨ ਖਾਣਾ' ਵੀ provide ਕਰਦੇ ਹਾਂ**



**ਅਗਰ ਤੁਹਾਡੇ ਕੋਲ ਮੈਡੀਕਲ ਹੈ ਤਾਂ ਸੈਂਟਰ ਵੱਲੋਂ**
**ਤੁਹਾਨੂੰ ਸਾਰੀਆਂ ਸੇਵਾਵਾਂ ਮੁਫ਼ਤ ਮਿਲਣਗੀਆਂ**

**ADDRESS:1581 Cummins Drive Suite 100, Modesto, CA 95358**

**CALL TODAY AT - (209) 408-0019**
**Email : sunlightadhc@yahoo.com**

**ਅਸੀਂ ਹਰ ਸਮੇਂ ਤੁਹਾਡੀ ਮਦਦ ਲਈ ਤਿਆਰ-ਬਰ -ਤਿਆਰ ਹਾਂ**

# ਮਨਜੀਤ ਸਿੰਘ ਮੰਨਾ ਦੀ ਅਗਵਾਈ 'ਚ ਐਮਰਜੈਂਸੀ ਨੂੰ ਲੋਕਤੰਤਰ ਦਾ ਕਾਲਾ ਦਿਨ ਵਜੋਂ ਯਾਦ ਕੀਤਾ ਗਿਆ

ਤਰਨ ਤਾਰਨ
ਰਕੇਸ਼ ਨਈਅਰ

ਭਾਰਤੀ ਜਨਤਾ ਪਾਰਟੀ ਅੰਮ੍ਰਿਤਸਰ ਦਿਹਾਤੀ ਵੱਲੋਂ ਜ਼ਿਲ੍ਹਾ ਪ੍ਰਧਾਨ ਤੇ ਸਾਬਕਾ ਸੰਸਦੀ ਸਕਤਰ ਸ. ਮਨਜੀਤ ਸਿੰਘ ਮੰਨਾ ਦੀ ਅਗਵਾਈ ਹੇਠ 1975 ਨੂੰ ਅੱਜ ਦੇ ਦਿਨ 25 ਜੂਨ ਨੂੰ ਇੰਦਰਾ ਗਾਂਧੀ ਹਕੂਮਤ ਵੱਲੋਂ ਲਗਾਈ ਗਈ ਐਮਰਜੈਂਸੀ ਨੂੰ 'ਲੋਕਤੰਤਰ ਦਾ ਕਾਲਾ ਦਿਨ'' ਦੇ ਰੂਪ ਵਿਚ ਯਾਦ ਕੀਤਾ ਗਿਆ।

ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਮੰਨਾ ਨੇ ਕਿਹਾ ਕਿ ਜਮਹੂਰੀਅਤ ਦਾ ਗਲਾ ਘੁੱਟਣ ਵਾਲੀ ਕਾਂਗਰਸ ਅੱਜ ਦੂਜਿਆਂ ਨੂੰ ਲੋਕਤੰਤਰ ਦਾ ਪਾਠ ਪੜਾਉਣ ਤੁਰੀ ਹੈ। ਉਨ੍ਹਾਂ ਕਿਹਾ ਭਾਰਤ ਦੇ ਲੋਕਾਂ ਨੂੰ ਕਾਂਗਰਸ ਤੇ ਇੰਡੀ ਗੱਠਜੋੜ ਨੂੰ ਨਕਾਰ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਲਗਾਤਾਰ ਤੀਜੀ ਵਾਰ ਵਿਸ਼ਵਾਸ ਜਤਾਇਆ ਹੈ। ਉਨ੍ਹਾਂ ਭਾਜਪਾ ਨੂੰ ਪੰਜਾਬ ਵਿਚ ਤੀਜੀ ਵੱਡੀ ਪਾਰਟੀ ਬਣਾਉਣ ਅਤੇ ਸਿਆਸੀ ਬਦਲ ਵਜੋਂ ਦੇਖਣ ਲਈ ਲੋਕਾਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਸ ਵਾਰ ਹਰ ਪਿੰਡ ਵਿਚ ਭਾਜਪਾ ਦਾ ਬੂਟਾ ਲਗ ਚੁੱਕਿਆ ਹੈ, 2027 'ਚ ਇਹ ਜ਼ਰੂਰ ਛਾਂ ਅਤੇ ਫਸ ਦੇਵੇਗਾ। ਉਨ੍ਹਾਂ ਕਿਹਾ ਕਾਂਗਰਸ ਅਤੇ ਆਪ ਨੇ ਪੰਜਾਬ ਨੂੰ ਤਬਾਹ ਕਰ ਦਿੱਤਾ ਹੈ। ਭਾਜਪਾ ਹੀ ਪੰਜਾਬ ਦੀ ਆਰਥਿਕਤਾ ਅਤੇ ਸਮਾਜ ਨੂੰ ਸਹੀ ਸੇਧ ਦੇਣ ਦੇ ਕਾਬਲ ਹੈ, ਆਉਣ ਵਾਲਾ ਸਮਾਂ ਭਾਜਪਾ ਦਾ ਹੈ।

ਐਮਰਜੈਂਸੀ ਵਿਰੁੱਧ ਆਪਣੀ ਭੂਮਿਕਾ ਅਦਾ ਕਰਨ ਵਾਲਿਆਂ ਨੂੰ ਸ਼ਰਧਾਂਜਲੀ ਦੇਣ ਲਈ ਸਮਾਗਮ 'ਚ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨ ਪਹੁੰਚੇ ਸੂਬਾ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਕਾਂਗਰਸ ਲੋਕਤੰਤਰ ਦਾ ਰੱਛਕ ਨਹੀਂ ਅੱਜ ਵੀ ਭੱਛਕ ਹੈ।

ਲੋਕਤੰਤਰ ਦਾ ਘਾਣ ਕਰਨ ਵਾਲੀ ਕਾਂਗਰਸ ਨੇ ਅਤੀਤ ਤੋਂ ਸਬਕ ਨਹੀਂ ਲਿਆ ਹੈ, ਅੱਜ ਵੀ ਕਾਂਗਰਸ ਦੀ ਸਤਾ ਭੁੱਖ ਵਾਲੀ ਮਾਨਸਿਕਤਾ 'ਚ ਕੋਈ ਤਬਦੀਲੀ ਨਹੀਂ ਆਈ ਹੈ। ਉਨ੍ਹਾਂ ਕਿਹਾ ਕਿ ਇਹ ਹੈਰਾਨੀ ਦੀ ਗਲ ਹੈ ਕਿ ਸੋਨੀਆ ਗਾਂਧੀ, ਰਾਹੁਲ ਗਾਂਧੀ ਅਤੇ ਕਾਂਗਰਸ ਪ੍ਰਧਾਨ ਮਲਿਕਾਰੁਜਨ ਖੜਗੇ ਸਮੇਤ ਵਿਰੋਧੀ ਗੱਠਜੋੜ ਦੇ ਆਗੂਆਂ ਵੱਲੋਂ ਸੰਵਿਧਾਨ ਨੂੰ ਬਚਾਉਣ ਦੀਆਂ ਡੀਂਗਾਂ ਮਾਰੀਆਂ ਜਾ ਰਹੀਆਂ ਹਨ, ਦੂਜੇ ਪਾਸੇ ਉਨ੍ਹਾਂ ਨੂੰ ਮੋਦੀ ਸਰਕਾਰ ਅਤੇ ਭਾਜਪਾ ਵੱਲੋਂ ਐਮਰਜੈਂਸੀ ਦੇ ਦੌਰ ਨੂੰ ਚੇਤੇ ਕੀਤੇ ਜਾਣ 'ਤੇ ਵੀ ਇਤਰਾਜ਼ ਹੈ। ਉਨ੍ਹਾਂ ਕਿਹਾ ਕਿ ਐਮਰਜੈਂਸੀ ਦੌਰਾਨ ਜਮਹੂਰੀਅਤ ਅਤੇ ਲੋਕਾਂ ਨਾਲ ਜੋ ਵੀ ਵਧੀਕੀਆਂ ਕੀਤੀਆਂ ਗਈਆਂ ਉਹ ਲੋਕ ਸਿਮ੍ਰਿਤੀਆਂ 'ਚ ਅੱਜ ਵੀ ਜਗਾ ਮੱਲੀ ਬੈਠੀਆਂ ਹਨ। ਬੇਸ਼ੱਕ ਹਾਲੀਆ ਲੋਕ ਸਭਾ ਚੋਣ ਪ੍ਰਚਾਰ ਦੌਰਾਨ ਕਾਂਗਰਸ ਅਤੇ ਇੰਡੀ ਗੱਠਜੋੜ ਵੱਲੋਂ ਗ਼ਲਤ ਜਾਣਕਾਰੀ, ਡਰ ਅਤੇ ਸ਼ੰਕੇ ਫੈਲਾ ਕੇ ਕਾਂਗਰਸ ਵੱਲੋਂ ਅਤੀਤ ਦੌਰਾਨ ਕੀਤੇ



ਕਾਰਿਆਂ ਨੂੰ ਲੋਕਾਂ ਦੀ ਜਨਤਕ ਯਾਦਦਾਸ਼ਤ ਵਿਚੋਂ ਮਿਟਾਉਣ ਲਈ ਭਾਜਪਾ ਉੱਤੇ ਸੰਵਿਧਾਨ 'ਤੇ ਹਮਲਾ ਵਰਗੇ ਬੇਬੁਨਿਆਦ ਅਤੇ ਗੁਮਰਾਹਕੁਨ ਦੋਸ਼ ਲਾ ਕੇ ਦੇਸ਼ ਵਿਚ ਇਕ ਅਵਿਸ਼ਵਾਸ ਦਾ ਮਾਹੌਲ ਅਤੇ ਬਿਰਤਾਂਤ ਸਿਰਜਣ ਦੀ ਵੀ ਪੂਰੀ ਕੋਸ਼ਿਸ਼ ਕੀਤੀ ਗਈ। ਜੋ ਕਿ ਭਾਰਤੀ ਸਿਹਤਮੰਦ ਲੋਕਤੰਤਰ ਅਤੇ ਸਮਾਜ ਲਈ ਇੱਕ ਖ਼ਤਰਨਾਕ ਅਤੇ ਚਿੰਤਾਜਨਕ ਵਰਤਾਰਾ ਹੈ। ਉਨ੍ਹਾਂ ਕਿਹਾ ਕਿ ਐਮਰਜੈਂਸੀ ਦੌਰਾਨ ਇੰਦਰਾ ਗਾਂਧੀ ਸ਼ਾਸਨ 'ਤੇ ਪੂਰਾ ਨਿਯੰਤਰਨ ਪ੍ਰਾਪਤ ਕਰਦਿਆਂ ਨਿਰੰਕੁਸ਼ ਸ਼ਾਸਨ ਕਾਇਮ ਕਰਨ ਦੇ ਰਾਹ ਪੈ ਚੁੱਕੀ ਸੀ। ਉਸ ਵਕਤ ਗਾਂਧੀ ਪਰਿਵਾਰ ਪ੍ਰਤੀ ਵਫ਼ਾਦਾਰੀ ਨੂੰ ਰਾਜਨੀਤੀ 'ਚ ਪ੍ਰਸੰਗਿਕ ਬਣਾ ਲਿਆ ਗਿਆ ਸੀ। ਇਹ ਮਾਡਲ ਗੈਰ ਭਾਜਪਾ ਅਤੇ ਕਾਂਗਰਸ 'ਚ ਅੱਜ ਵੀ ਕਾਰਜਸ਼ੀਲ ਹੈ। ਭਾਰਤ ਨੂੰ ਵੱਡਾ ਖ਼ਤਰਾ ਵੰਸ਼ਵਾਦੀ ਰਾਜਨੀਤਿਕ ਪਾਰਟੀਆਂ ਤੋਂ ਹੈ। ਕਾਂਗਰਸ ਪਾਰਟੀ 'ਚ ਪ੍ਰਧਾਨ ਦੀ ਥਾਂ ਗਾਂਧੀ ਪਰਿਵਾਰ ਹਾਵੀ ਹੈ।ਪਰਿਵਾਰਵਾਦ ਦੇ ਕਿਸੇ ਪਾਰਟੀ 'ਚ ਹਾਵੀ ਹੋਣ ਨਾਲ ਲਿਆਕਤ ਜਗਾ ਨਹੀਂ ਮਿਲਦੀ। ਦੇਸ਼ ਸਾਲਾਂ ਤੋਂ ਇਹ ਨੁਕਸਾਨ ਝੱਲ ਰਿਹਾ ਹੈ। ਉਨ੍ਹਾਂ ਕਿਹਾ ਕਿ 1975 ਦੀ ਐਮਰਜੈਂਸੀ ਭਾਰਤੀ ਲੋਕਤੰਤਰ 'ਚ ਇਕ ਕਾਲਾ ਦੌਰ ਸੀ। ਜਿਸ ਨੂੰ ਕਿਸੇ ਵੀ ਕੀਮਤ 'ਤੇ ਭੁਲਾਇਆ ਨਹੀਂ ਜਾ ਸਕਦਾ। ਜਿੱਥੇ ਰਾਜਸੀ ਸਵਾਰਥ ਲਈ ਲੋਕਤੰਤਰ ਨੂੰ ਹਾਈਜੈੱਕ ਕੀਤਾ ਗਿਆ ਅਤੇ ਅਸਹਿਮਤੀ ਨੂੰ ਬਲ ਪੂਰਵਕ ਦਬਾਇਆ ਗਿਆ। ਬੁਨਿਆਦੀ ਅਧਿਕਾਰਾਂ ਨੂੰ ਮੁਅੱਤਲ ਕਰਕੇ ਨਾਗਰਿਕ ਸੁਤੰਤਰਤਾ ਦਾ ਖ਼ਾਤਮਾ ਅਤੇ ਮਨੁੱਖੀ ਅਧਿਕਾਰਾਂ ਦੀ ਘੋਰ ਉਲੰਘਣਾ ਕੀਤੀ ਗਈ। ਪ੍ਰੈੱਸ ਨੂੰ ਦਮਨਕਾਰੀ ਹੱਦ ਤੱਕ ਸੈਂਸਰ ਕੀਤਾ ਗਿਆ। ਉਨ੍ਹਾਂ ਕਿਹਾ ਕਿ ਐਮਰਜੈਂਸੀ ਨੂੰ ਸੁਪਰੀਮ ਕੋਰਟ ਦੇ ਜਸਟਿਸ ਸੰਜੇ ਕ੍ਰਿਸ਼ਨ ਕੌਲ ਦੀ ਅਗਵਾਈ ਵਾਲੇ ਬੈਂਚ ਨੇ 14 ਦਸੰਬਰ 2020 ਨੂੰ ਇਕ ਫ਼ੈਸਲੇ 'ਚ ਦੇਸ਼ ਲਈ ਬੇਲੋੜਾ ਕਰਾਰ ਦਿੱਤਾ ਸੀ।

ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਪੰਜਾਬ ਦੀ ਰਾਜਨੀਤੀ 'ਚ ਸਭ ਤੋਂ ਵੱਧ ਚਰਚਿਤ ਅਤੇ ਵਿਵਾਦਿਤ ਸਤਲੁਜ ਯਮੁਨਾ ਲਿੰਕ (ਸ਼ੈਲ) ਦਾ ਮੁੱਦਾ ਵੀ ਇਸੇ ਦੌਰ ਦੀ ਦੇਣ ਹੈ। ਜਿਸ ਨੇ 1980 ਦੇ ਦਹਾਕੇ ਦੌਰਾਨ ਸ਼ੁਰੂ ਹੋਈ ਪੰਜਾਬ ਦੀ ਤ੍ਰਾਸਦੀ ਦਾ ਮੁੱਢ ਬੰਨ੍ਹਿਆ । ਉਨ੍ਹਾਂ ਕਿਹਾ ਕਿ ਜੇ ਵਿਰੋਧੀ ਪਾਰਟੀਆਂ ਅਤੇ ਖ਼ਾਸ ਤੌਰ 'ਤੇ ਕਾਂਗਰਸ ਸੰਵਿਧਾਨ ਪ੍ਰਤੀ ਰਤਾ ਵੀ ਸਤਿਕਾਰ ਰੱਖਦੀ ਹੈ ਤਾਂ ਉਨ੍ਹਾਂ ਨੂੰ ਸੰਵਿਧਾਨ ਦੀਆਂ ਕਾਪੀਆਂ ਲਹਿਰਾਉਣ ਦੀ ਥਾਂ ਐਮਰਜੈਂਸੀ ਦੇ ਉਸ ਕਾਲੇ ਦੌਰ ਨੂੰ ਨਾ ਸਿਰਫ਼ ਚੇਤੇ ਕਰਨਾ ਚਾਹੀਦਾ ਹੈ ਬਲਕਿ ਉਸ ਨੂੰ ਲਾਗੂ ਕਰਨ ਵਾਲਿਆਂ ਦੀ ਨਿੰਦਾ ਵੀ ਕਰਨੀ ਚਾਹੀਦੀ ਹੈ। ਕਿਉਂਕਿ ਉਸ ਦੌਰ 'ਚ ਨਾਗਰਿਕਾਂ ਦੇ ਹਕੂਕ ਦਾ ਬੁਰੀ ਤਰ੍ਹਾਂ ਦਮਨ ਕਰਨ ਦੇ ਨਾਲ ਹੀ ਸੰਵਿਧਾਨ ਨਾਲ ਵੀ ਛੇੜਛਾੜ ਕੀਤੀ ਗਈ ਸੀ।

ਜ਼ਿਲ੍ਹਾ ਜਨਰਲ ਸਕਤਰ ਡਾ. ਸੁਸ਼ੀਲ ਦੇਵਗਨ ਨੇ ਕਿਹਾ ਕਿ ਲੋਕਤੰਤਰ ਦੇ ਸਿਧਾਂਤਾਂ ਤੇ ਕਦਰਾਂ ਕੀਮਤਾਂ ਨੂੰ ਕਾਇਮ ਰੱਖਣ ਲਈ ਜਮਹੂਰੀ ਸੰਸਥਾਵਾਂ ਨੂੰ ਮਜ਼ਬੂਤ ਕਰਨਾ ਜ਼ਰੂਰੀ ਹੈ। ਸਾਨੂੰ ਜਮਹੂਰੀਅਤ ਦੀ ਰੱਖਿਆ ਲਈ ਆਪਣੇ ਆਪ ਨੂੰ ਸਮਰਪਿਤ ਕਰਨ ਅਤੇ ਸੰਵਿਧਾਨ ਅਤੇ ਸੰਸਥਾਵਾਂ ਦੀ ਮਰਿਆਦਾ ਨੂੰ ਬਰਕਰਾਰ ਰੱਖਣ ਲਈ ਆਪਣੀ ਭੂਮਿਕਾ ਨਿਭਾਉਣ ਦਾ ਸੰਕਲਪ ਲੈਣਾ ਚਾਹੀਦਾ ਹੈ।

ਇਸ ਮੌਕੇ ਹਲਕਾ ਰਾਜਾਸਾਂਸੀ ਦੇ ਇੰਚਾਰਜ ਮੁਖਵਿੰਦਰ ਸਿੰਘ ਮਾਹਲ,ਅਟਾਰੀ ਹਲਕੇ ਦੀ ਇੰਚਾਰਜ ਬਲਵਿੰਦਰ ਕੌਰ, ਹਲਕਾ ਮਜੀਠਾ ਦੇ ਇੰਚਾਰਜ ਪ੍ਰਦੀਪ ਸਿੰਘ ਭੁੱਲਰ, ਜੰਡਿਆਲਾ ਹਲਕੇ ਦੇ ਇੰਚਾਰਜ ਹਰਦੀਪ ਸਿੰਘ ਗਿੱਲ, ਇਸਤਰੀ ਮੋਰਚਾ ਦੀ ਪ੍ਰਧਾਨ ਹਰਪ੍ਰੀਤ ਕੌਰ ਸੇਖੋਂ, ਓਬੀਸੀ ਮੋਰਚਾ ਦੇ ਜਨਰਲ ਸਕਤਰ ਕੰਵਰ ਬੀਰ ਸਿੰਘ ਮੰਜ਼ਿਲ, ਜ਼ਿਲ੍ਹਾ ਜਨਰਲ ਸਕਤਰ ਉਦੈ ਕੁਮਾਰ, ਪ੍ਰਮਜੀਤ ਸਿੰਘ ਵਣੀਏਕੇ, ਸੁਪਨਦੀਪ ਸਿੰਘ ਸਾਬੀ ਮੰਡਲ ਪ੍ਰਧਾਨ ਜੰਡਿਆਲਾ, ਮਨਜੀਤ ਸਿੰਘ ਤਰਸਿਕਾ ਮੰਡਲ ਪ੍ਰਧਾਨ, ਜਗਰੂਪ ਸਿੰਘ ਵਡਾਲੀ, ਲਖਵਿੰਦਰ ਸਿੰਘ ਠੇਕੇਦਾਰ, ਜ਼ਿਲ੍ਹਾ ਕਿਸਾਨ ਮੋਰਚਾ ਪ੍ਰਧਾਨ ਕੰਵਲਜੀਤ ਸਿੰਘ ਭਲਾਈਪੁਰ,ਕਰਮ ਸਿੰਘ ਪ੍ਰਧਾਨ ਮੰਡਲ ਖਲਚੀਆਂ, ਰਾਜੇਸ਼ ਟਾਂਗਰੀ ਮੰਡਲ ਪ੍ਰਧਾਨ ਰਈਆ ਅਤੇ ਅਵਤਾਰ ਸਿੰਘ ਪ੍ਰਧਾਨ ਬਿਆਸ ਵੀ ਮੌਜੂਦ ਸਨ।

# ਇਕ-ਇਕ ਕਰਕੇ ਕੇਂਦਰ ਸਰਕਾਰ ਪੰਜਾਬ ਦੇ ਸਾਰੇ ਫ਼ੰਡ ਰੋਕ ਰਹੀ ਹੈ, ਉਹ ਨਹੀਂ ਚਾਹੁੰਦੀ ਕਿ ਪੰਜਾਬ ਤਰੱਕੀ ਕਰੇ: ਆਪ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਆਮ ਆਦਮੀ ਪਾਰਟੀ (ਆਪ) ਪੰਜਾਬ ਨੇ ਪੰਜਾਬ ਦੇ ਸਰਵ ਸਿੱਖਿਆ ਅਭਿਆਨ (ਐਸਐਸਏ) ਫ਼ੰਡ ਨੂੰ ਰੋਕਣ ਲਈ ਕੇਂਦਰ ਦੀ ਭਾਜਪਾ ਸਰਕਾਰ 'ਤੇ ਤਿੱਖਾ ਹਮਲਾ ਕੀਤਾ ਹੈ। ਪਾਰਟੀ ਨੇ ਕਿਹਾ ਕਿ ਮੋਦੀ ਸਰਕਾਰ ਨੇ ਪਹਿਲਾਂ ਹੀ ਪੰਜਾਬ ਦੇ ਐਨਐਚਐਮ (ਨੈਸ਼ਨਲ ਹੈਲਥ ਮਿਸ਼ਨ) ਅਤੇ ਆਰਡੀਐਫ (ਰੂਰਲ ਡਿਵੈਲਪਮੈਂਟ ਫ਼ੰਡ) ਨੂੰ ਰੋਕ ਦਿੱਤਾ ਹੈ ਅਤੇ ਹੁਣ ਉਨ੍ਹਾਂ ਨੇ ਪ੍ਰਾਇਮਰੀ ਸਕੂਲਾਂ ਵਿੱਚ ਬੱਚਿਆਂ ਦੀ ਪੜ੍ਹਾਈ ਲਈ ਜਾਣ ਵਾਲੇ ਪੈਸੇ ਨੂੰ ਵੀ ਰੋਕ ਦਿੱਤਾ ਹੈ। ਇਸ ਤੋਂ ਪਤਾ ਲੱਗਦਾ ਹੈ ਕਿ ਭਾਜਪਾ ਪੰਜਾਬ ਦੇ ਵਿਕਾਸ ਨੂੰ ਰੋਕਣਾ ਚਾਹੁੰਦੀ ਹੈ।

ਮੰਗਲਵਾਰ ਨੂੰ ਪਾਰਟੀ ਦਫ਼ਤਰ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ 'ਆਪ' ਦੇ ਬੁਲਾਰੇ ਨੀਲ ਗਰਗ ਨੇ ਭਾਜਪਾ ਸਰਕਾਰ 'ਤੇ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਕਰਨ ਦਾ ਦੋਸ਼ ਲਾਇਆ ਅਤੇ ਪੰਜਾਬ ਦੇ ਸਾਰੇ ਸੰਸਦ ਮੈਂਬਰਾਂ ਅਤੇ ਭਾਜਪਾ ਆਗੂਆਂ ਨੂੰ ਸੂਬੇ ਦੇ ਬਕਾਇਆ ਫ਼ੰਡਾਂ ਦਾ ਮੁੱਦਾ ਕੇਂਦਰ ਸਰਕਾਰ ਕੋਲ ਉਠਾਉਣ ਦੀ ਅਪੀਲ ਕੀਤੀ। ਪ੍ਰੈਸ ਕਾਨਫਰੰਸ ਵਿੱਚ ਉਨ੍ਹਾਂ ਨਾਲ 'ਆਪ' ਦੇ ਬੁਲਾਰੇ ਬੱਬੀ ਬਾਦਲ ਅਤੇ ਯੂਥ ਆਗੂ ਜਸਮਨ ਗਿੱਲ ਵੀ ਮੌਜੂਦ ਸਨ।

ਨੀਲ ਗਰਗ ਨੇ ਕਿਹਾ ਕਿ ਇਹ ਬੱਚਿਆਂ ਦੀ ਪੜ੍ਹਾਈ ਅਤੇ ਉਨ੍ਹਾਂ ਦੇ ਭਵਿੱਖ ਦਾ ਮਸਲਾ ਹੈ। ਭਾਜਪਾ ਦਾ ਪੰਜਾਬ ਪ੍ਰਤੀ ਮਤਰੇਈ ਮਾਂ ਵਾਲਾ ਵਤੀਰਾ ਕੋਈ ਨਵੀਂ ਗੱਲ ਨਹੀਂ ਹੈ, ਪਰ ਸਭ ਤੋਂ ਸ਼ਰਮਨਾਕ ਗੱਲ ਇਹ ਹੈ ਕਿ ਹੁਣ ਉਹ ਬੱਚਿਆਂ ਦੀ ਪੜ੍ਹਾਈ ਨੂੰ ਵੀ ਦਾਅ 'ਤੇ ਲਗਾ ਰਹੇ ਹਨ। ਗਰਗ ਨੇ ਕਿਹਾ ਕਿ ਭਾਰਤ ਦਾ ਸੰਘੀ ਢਾਂਚਾ ਹੈ, ਜਿਸ ਤਹਿਤ ਕੇਂਦਰ ਅਤੇ ਸੂਬਾ ਸਰਕਾਰਾਂ ਦੋਵੇਂ ਮਿਲ ਕੇ ਵਿਕਾਸ ਲਈ ਕੰਮ ਕਰਦੀਆਂ ਹਨ, ਪਰ ਮੋਦੀ ਸਰਕਾਰ ਇਸ ਦੇ ਉਲਟ ਕੰਮ ਕਰ ਰਹੀ ਹੈ। ਉਹ ਰਾਜਾਂ ਦੇ ਵਿਕਾਸ ਨੂੰ ਰੋਕਣ ਲਈ ਰੁਕਾਵਟਾਂ ਪੈਦਾ ਕਰਦੇ ਹਨ ਅਤੇ ਰਾਜ ਸਰਕਾਰ ਦੇ ਫ਼ੰਡਾਂ ਨੂੰ ਰੋਕਦੇ ਹਨ।

'ਆਪ' ਆਗੂ ਨੇ ਕਿਹਾ ਕਿ ਮੋਦੀ ਸਰਕਾਰ ਨੇ ਸਰਵ ਸਿੱਖਿਆ ਅਭਿਆਨ ਦੇ 380 ਕਰੋੜ ਰੁਪਏ ਰੋਕ ਦਿੱਤੇ ਹਨ। ਇਹ ਪੈਸਾ ਪ੍ਰਾਇਮਰੀ ਸਕੂਲਾਂ ਦੇ ਬੱਚਿਆਂ ਦੀ ਪੜ੍ਹਾਈ, ਉਨ੍ਹਾਂ ਦੀਆਂ ਕਿਤਾਬਾਂ ਅਤੇ ਕੱਪੜਿਆਂ 'ਤੇ ਖ਼ਰਚ ਕੀਤਾ ਜਾਂਦਾ ਹੈ। ਕੇਂਦਰ ਸਰਕਾਰ ਨੇ ਇਹ ਪੈਸਾ ਪੰਜਾਬ ਨੂੰ ਚਾਰ ਕਿਸ਼ਤਾਂ ਵਿੱਚ ਜਾਰੀ ਕਰਨਾ ਸੀ, ਜਿਸ ਵਿੱਚ ਪਹਿਲੀ ਕਿਸ਼ਤ 170 ਕਰੋੜ ਰੁਪਏ ਸੀ, ਪਰ ਉਹ ਇਹ ਪੈਸਾ ਜਾਰੀ ਕਰਨ ਤੋਂ ਇਨਕਾਰ ਕਰ ਰਹੇ ਹਨ।



ਉਨ੍ਹਾਂ ਕਿਹਾ ਕਿ ਪ੍ਰਾਇਮਰੀ ਸਿੱਖਿਆ ਹਰ ਬੱਚੇ ਦਾ ਸੰਵਿਧਾਨਕ ਅਧਿਕਾਰ ਹੈ। ਇਸ ਸਕੀਮ (ਐਸਐਸਏ) ਲਈ ਕੇਂਦਰ 60% ਅਤੇ ਬਾਕੀ 40% ਰਾਜ (ਸੂਬਾ) ਯੋਗਦਾਨ ਪਾਉਂਦਾ ਹੈ, ਪਰ ਮੋਦੀ ਸਰਕਾਰ ਪੰਜਾਬ ਦੇ ਬੱਚਿਆਂ ਦੀ ਸਿੱਖਿਆ ਲਈ ਆਪਣਾ ਹਿੱਸਾ ਦੇਣ ਤੋਂ ਇਨਕਾਰ ਕਰ ਰਹੀ ਹੈ। ਪੰਜਾਬ ਵਿੱਚ ਐਸਐਸਏ ਅਧੀਨ 3929 ਮੁਲਾਜ਼ਮ ਹਨ। ਇਸ ਨਾਲ ਉਨ੍ਹਾਂ ਦੀ ਤਨਖ਼ਾਹ 'ਤੇ ਵੀ ਅਸਰ ਪਵੇਗਾ।

'ਆਪ' ਬੁਲਾਰੇ ਨੇ ਕਿਹਾ ਕਿ ਗ਼ਰੀਬਾਂ ਦੇ ਬੱਚੇ ਸਰਕਾਰੀ ਪ੍ਰਾਇਮਰੀ ਅਤੇ ਮਿਡਲ ਸਕੂਲਾਂ 'ਚ ਜਾਂਦੇ ਹਨ, ਇਸ ਲਈ ਇਹ ਫ਼ੰਡ ਬੰਦ ਕਰਕੇ ਮੋਦੀ ਸਰਕਾਰ ਸਿੱਧੇ ਤੌਰ 'ਤੇ ਗ਼ਰੀਬਾਂ ਦੇ ਬੱਚਿਆਂ ਨੂੰ ਸਿੱਖਿਆ ਤੋਂ ਵਾਂਝਾ ਕਰ ਰਹੀ ਹੈ। ਗਰਗ ਨੇ ਕਿਹਾ ਕਿ ਕੇਂਦਰ ਸਰਕਾਰ ਪੀ.ਐਮ ਸ਼੍ਰੀ ਨਾਮ ਦੀ ਸਕੀਮ ਲੈ ਕੇ ਆਈ ਹੈ, ਜਿਸ ਕਰਕੇ ਉਹ ਪੰਜਾਬ ਸਰਕਾਰ ਨੂੰ ਆਪਣੇ ਸਕੂਲ ਆਫ਼ ਐਮੀਨੈਂਸ ਬੰਦ ਕਰਕੇ ਇਸ ਸਕੀਮ ਨੂੰ ਲਾਗੂ ਕਰਨ ਲਈ ਮਜਬੂਰ ਕਰ ਰਹੀ ਹੈ।

ਉਨ੍ਹਾਂ ਕਿਹਾ ਕਿ ਦਿੱਲੀ ਅਤੇ ਪੰਜਾਬ ਦੀਆਂ 'ਆਪ' ਸਰਕਾਰਾਂ ਨੇ ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਬੇਮਿਸਾਲ ਕੰਮ ਕੀਤੇ ਹਨ। ਸਾਡਾ ਸਿੱਖਿਆ ਮਾਡਲ ਪਹਿਲਾਂ ਹੀ ਬਿਹਤਰ ਹੈ, ਇਸ ਲਈ ਅਸੀਂ ਹੁਣ ਕੁਝ ਨਵਾਂ ਲਾਗੂ ਕਰਨ ਲਈ ਇਸ ਨੂੰ ਕਿਉਂ ਖ਼ਤਮ ਕਰ ਦੇਈਏ? ਗਰਗ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਆਪਣੇ ਪਿਛਲੇ ਬਜਟ ਵਿੱਚ ਸਕੂਲ ਆਫ ਹੈਪੀਨੈਸ ਅਤੇ ਸਕੂਲ ਆਫ ਬ੍ਰਿਲੀਅਨਸ ਦੀ ਸਕੀਮ ਸ਼ੁਰੂ ਕੀਤੀ ਹੈ। ਇਸ ਤੋਂ ਇਲਾਵਾ ਸਰਕਾਰ ਵੱਲੋਂ ਬਣਾਏ ਗਏ ਸਕੂਲਾਂ ਵਿੱਚ ਪਹਿਲਾਂ ਹੀ ਟਰਾਂਸਪੋਰਟ, ਵਾਈ-ਫਾਈ, ਸਮਾਰਟ ਕਲਾਸਾਂ, ਲਾਇਬ੍ਰੇਰੀ ਅਤੇ ਖੇਡਾਂ ਦੇ ਮੈਦਾਨ ਵਰਗੀਆਂ ਆਧੁਨਿਕ ਸਹੂਲਤਾਂ ਮੌਜੂਦ ਹਨ।

ਨੀਲ ਗਰਗ ਨੇ ਕਿਹਾ ਕਿ ਐਸਐਸਏ ਤੋਂ ਪਹਿਲਾਂ ਮੋਦੀ ਸਰਕਾਰ ਪੰਜਾਬ ਦੇ ਦੋ ਹੋਰ ਵੱਡੇ ਫ਼ੰਡ ਨੈਸ਼ਨਲ ਹੈਲਥ ਮਿਸ਼ਨ ਅਤੇ ਆਰਡੀਐਫ (ਪੇਂਡੂ ਵਿਕਾਸ ਫ਼ੰਡ) ਪਹਿਲਾਂ ਹੀ ਰੋਕ ਚੁੱਕੀ ਹੈ। ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਨੇ ਸਿਹਤ ਖੇਤਰ ਵਿੱਚ ਕ੍ਰਾਂਤੀਕਾਰੀ ਕੰਮ ਕੀਤੇ ਹਨ। ਸਿਰਫ਼ ਦੋ ਸਾਲਾਂ ਵਿੱਚ, ਅਸੀਂ ਪੰਜਾਬ ਵਿੱਚ 829 ਆਮ ਆਦਮੀ ਕਲੀਨਿਕ ਖੋਲ੍ਹੇ ਹਨ, ਜਿੱਥੇ 1.5 ਕਰੋੜ ਲੋਕਾਂ ਦਾ ਮੁਫ਼ਤ ਇਲਾਜ, ਦਵਾਈਆਂ, ਟੈਸਟ ਅਤੇ ਜਾਂਚ ਕੀਤੀਆਂ ਗਈਆਂ ਹਨ। ਪਰ ਪੰਜਾਬ ਵਿੱਚ ਸਾਡੇ ਮੁਹੱਲਾ ਕਲੀਨਿਕਾਂ ਦੀ ਕਾਮਯਾਬੀ ਦੇਖ ਕੇ ਕੇਂਦਰ ਸਰਕਾਰ ਨੇ ਐਨਐਚਐਮ ਦੇ 600 ਕਰੋੜ ਰੁਪਏ ਰੋਕ ਦਿੱਤੇ। ਇਸੇ ਤਰ੍ਹਾਂ ਮੋਦੀ ਸਰਕਾਰ ਪੰਜਾਬ ਵਿੱਚ ਸਰਕਾਰੀ ਮੰਡੀ ਪ੍ਰਣਾਲੀ ਨੂੰ ਖ਼ਤਮ ਕਰਨਾ ਚਾਹੁੰਦੀ ਹੈ। ਉਹ ਆਰਡੀਐਫ ਅਤੇ ਐਮਡੀਐਫ (ਮੰਡੀ ਵਿਕਾਸ ਫ਼ੰਡ) ਦੇ 7000 ਕਰੋੜ ਰੁਪਏ ਰੋਕ ਰਹੇ ਹਨ। ਇਹ ਪੈਸਾ ਪੇਂਡੂ ਪੰਜਾਬ ਦੀਆਂ 60,000 ਕਿਲੋਮੀਟਰ ਲਿੰਕ ਸੜਕਾਂ ਅਤੇ ਮੰਡੀਆਂ ਦੀ ਸਾਂਭ-ਸੰਭਾਲ ਲਈ ਵਰਤਿਆ ਜਾਂਦਾ ਹੈ। 'ਆਪ' ਆਗੂ ਨੇ ਪੰਜਾਬ ਦੇ ਸਾਰੇ ਸੰਸਦ ਮੈਂਬਰਾਂ ਨੂੰ ਜ਼ੋਰਦਾਰ ਢੰਗ ਨਾਲ ਇਹ ਮੁੱਦਾ ਕੇਂਦਰ ਸਰਕਾਰ ਕੋਲ ਉਠਾਉਣ ਦੀ ਅਪੀਲ ਕੀਤੀ। ਉਨ੍ਹਾਂ ਭਾਜਪਾ ਦੇ ਪੰਜਾਬ ਪ੍ਰਧਾਨ ਸੁਨੀਲ ਜਾਖੜ ਤੋਂ ਵੀ ਮੰਗ ਕੀਤੀ ਕਿ ਉਹ ਇਹ ਮੁੱਦਾ ਆਪਣੀ ਸੀਨੀਅਰ ਲੀਡਰਸ਼ਿਪ ਕੋਲ ਉਠਾਉਣ ਅਤੇ ਉਨ੍ਹਾਂ ਨੂੰ ਪੰਜਾਬ ਨਾਲ ਵਿਤਕਰਾ ਬੰਦ ਕਰਨ ਲਈ ਕਹਿਣ।

ਗਰਗ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਭਾਜਪਾ ਨੂੰ ਪੂਰੀ ਤਰ੍ਹਾਂ ਨਕਾਰ ਦਿੱਤਾ ਹੈ। ਇਸੇ ਲਈ ਨਿਰਾਸ਼ ਅਤੇ ਬੌਖਲਾਹਟ ਵਿਚ ਆ ਕੇ ਕੇ ਉਹ ਪੰਜਾਬ ਦੇ ਫ਼ੰਡ ਰੋਕ ਰਹੇ ਹਨ।

ਗਰਗ ਨੇ ਕਿਹਾ ਕਿ ਕੇਂਦਰ ਸਰਕਾਰ ਜੀਐਸਟੀ ਰਾਹੀਂ ਸਾਰਾ ਪੈਸਾ ਇਕੱਠਾ ਕਰਦੀ ਹੈ, ਪਰ ਇਹ ਲੋਕਾਂ ਦਾ ਪੈਸਾ ਹੈ ਅਤੇ ਪੰਜਾਬ ਨੂੰ ਸਿਆਸੀ ਤਰਜੀਹਾਂ ਦੀ ਪ੍ਰਵਾਹ ਕੀਤੇ ਬਿਨਾਂ ਇਸ ਦਾ ਹਿੱਸਾ ਪੰਜਾਬ ਨੂੰ ਮਿਲਣਾ ਚਾਹੀਦਾ ਹੈ। ਪੰਜਾਬ ਦੇ ਲੋਕ ਟੈਕਸ ਅਦਾ ਕਰਦੇ ਹਨ। ਇਸ ਲਈ ਮੋਦੀ ਸਰਕਾਰ ਨੂੰ ਪੰਜਾਬ ਦੀ ਸਿੱਖਿਆ, ਸਿਹਤ ਅਤੇ ਵਿਕਾਸ ਲਈ ਪੈਸਾ ਰੋਕਣ ਦਾ ਕੋਈ ਹੱਕ ਨਹੀਂ ਹੈ।


E-MAIL:SALES@ezeldsolutions.com
EZ ELD SOLUTIONS
LOGBOOKS MADE EASY
TRACK YOUR TRUCK WITH
EZ TRUCK SOLUTION
ਆਪਣੇ ਟਰੱਕ ਵਿਚ ELD DEVICE ਲਗਾਉਣ ਲਈ ਸਾਨੂੰ ਕਾਲ ਕਰੋ
ਅਸੀਂ ਤੁਹਾਡੇ ਨਾਲ ਪੰਜਾਬੀ ਵਿਚ ਗੱਲ-ਬਾਤ ਕਰ ਸਕਦੇ ਹਾਂ
FMCSA Complaint & Affordable
The Power of telematics in the palm of your hand
Compliance | Asset Tracking | Management
$100 HARDWARE
ONE-TIME FEE
PT30
$20 MONTHLY
SUBSCRIPTION
CRITICAL ENGINE DATA
Maintanence Entry
Tracking
Tire Pressure
Diagnostics
Refer temp
24/7 TECHNICAL SUPPORT IN
ENGLISH,SPANISH AND PUNJABI.
CALL NOW +1 (800) 556-7105
Official Address : 2301 W Belmont ave, Fresno, CA 93727

# ਜਸਵੰਤ ਜ਼ਫਰ ਨੂੰ ਭਾਸ਼ਾ ਵਿਭਾਗ ਦੇ ਡਾਇਰੈਕਟਰ ਅਤੇ ਸਵਿੰਦਰ ਸਵੀ ਨੂੰ ਕਲਾ ਪਰਿਸ਼ਦ ਦਾ ਚੇਅਰਮੈਨ ਲਾਉਣ ਦੇ ਫ਼ੈਸਲੇ ਦੀ ਕੇਂਦਰੀ ਸਭਾ ਵੱਲੋਂ ਸ਼ਲਾਘਾ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ



ਪੰਜਾਬ ਸਰਕਾਰ ਦੇ ਪ੍ਰਮੁਖ ਅਦਾਰੇ ਭਾਸ਼ਾ ਵਿਭਾਗ ਪੰਜਾਬ ਦੇ ਡਾਇਰੈਕਟਰ ਵਜੋਂ ਪੰਜਾਬੀ ਸ਼ਾਇਰ, ਵਾਰਤਾਕਾਰ ਅਤੇ ਚਿੱਤਰਕਾਰ ਜਸਵੰਤ ਜ਼ਫਰ ਦੀ ਨਿਯੁਕਤੀ ਦਾ ਕੇਂਦਰੀ ਪੰਜਾਬੀ ਲੇਖਕ ਸਭਾ ਨੇ ਸਵਾਗਤ ਕੀਤਾ ਹੈ। ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਜਰਨਲ ਸਕੱਤਰ ਸੁਸ਼ੀਲ ਦੁਸਾਂਝ, ਸੀਨੀਅਰ ਮੀਤ ਪ੍ਰਧਾਨ ਡਾ. ਹਰਜਿੰਦਰ ਸਿੰਘ ਅਟਵਾਲ ਅਤੇ ਦਫਤਰ ਸਕੱਤਰ ਦੀਪ ਦੇਵਿੰਦਰ ਸਿੰਘ ਵਲੋਂ ਜਾਰੀ ਬਿਆਨ ਵਿਚ ਜਸਵੰਤ ਜ਼ਫਰ ਨੂੰ ਭਾਸ਼ਾ ਵਿਭਾਗ ਦੇ ਡਾਇਰੈਕਟਰ ਨਿਯੁਕਤ ਕਰਨ ਅਤੇ ਪੰਜਾਬੀ ਸ਼ਾਇਰ ਅਤੇ ਫੋਟੋ ਕਲਾਕਾਰ ਸਵਰਨਜੀਤ ਸਵੀ ਨੂੰ ਪੰਜਾਬ ਕਲਾ ਪਰਿਸ਼ਦ ਦਾ ਚੇਅਰਮੈਨ ਨਿਯੁਕਤ ਕੀਤੇ ਜਾਣ ਦੇ ਫ਼ੈਸਲੇ ਦੀ ਰੌਸ਼ਨੀ ਵਿੱਚ ਕਿਹਾ ਕਿ ਇਹਨਾਂ ਬਹੁ -ਵਕਾਰੀ ਅਹੁਦਿਆਂ ਉਪਰ ਨਾਮਵਰ ਸਾਹਿਤਕਾਰਾਂ ਨੂੰ ਨਿਯੁਕਤ ਕਰਨਾ ਪੰਜਾਬੀ ਭਾਸ਼ਾ, ਸਾਹਿਤ ਅਤੇ ਸਭਿਆਚਾਰ ਲਈ ਸ਼ੁੱਭ ਸ਼ਗਨ ਹੈ। ਉਹਨਾਂ ਆਸ ਪ੍ਰਗਟ ਕੀਤੀ ਕਿ ਜਿਵੇਂ ਪੰਜਾਬੀ ਸਾਹਿਤਕਾਰ ਲਾਲ ਸਿੰਘ ਅਤੇ ਕਪੂਰ ਸਿੰਘ ਘੁੰਮਣ ਦੇ ਡਾਇਰੈਕਟਰ ਕਾਲ ਵਿੱਚ ਭਾਸ਼ਾ ਵਿਭਾਗ ਦਾ ਸੁਨਹਿਰੀ ਦੌਰ ਸੀ ਉਹ ਸਮਾਂ ਵਿਭਾਗ ਅੰਦਰ ਮੁੜ ਪਰਤੇਗਾ।

ਕੇਂਦਰੀ ਸਭਾ ਦੇ ਅਹੁਦੇਦਾਰਾਂ ਸੁਰਿੰਦਰਪ੍ਰੀਤ ਘਣੀਆਂ, ਸ਼ੈਲਿੰਦਰਜੀਤ ਰਾਜਨ, ਦਲਜੀਤ ਸਿੰਘ ਸਾਹੀ, ਬਲਵਿੰਦਰ ਸੰਧੂ, ਮਨਜੀਤ ਇੰਦਰਾ, ਭੁਪਿੰਦਰ ਕੌਰ ਪ੍ਰੀਤ, ਮੂਲ ਚੰਦ ਸ਼ਰਮਾ, ਰਜਿੰਦਰ ਰਾਜਨ, ਮਖਣ ਕੁਹਾੜ, ਪ੍ਰਿੰ ਡਾ ਮਹਿਲ ਸਿੰਘ, ਹਰਜੀਤ ਸਿੰਘ ਸੰਧੂ, ਵਜ਼ੀਰ ਸਿੰਘ ਰੰਧਾਵਾ, ਮੁਖਤਾਰ ਗਿੱਲ, ਡਾ ਮੋਹਨ, ਡਾ ਹੀਰਾ ਸਿੰਘ, ਡਾ ਕਸ਼ਮੀਰ ਸਿੰਘ, ਸੁਮੀਤ ਸਿੰਘ, ਸਰਬਜੀਤ ਸੰਧੂ, ਜਗਤਾਰ ਗਿੱਲ, ਪ੍ਰਿੰ ਕੁਲਵੰਤ ਸਿੰਘ ਅਣਖੀ, ਡਾ ਗਗਨਦੀਪ ਸਿੰਘ, ਮਨਦੀਪ ਬੋਪਾਰਾਏ, ਸੁਰਜੀਤ ਅਕਸ, ਦਿਲਰਾਜ ਸਿੰਘ ਦਰਦੀ, ਮਾਸਟਰ ਕਿਰਪਾਲ ਸਿੰਘ, ਸ਼ੁਕਰਗੁਜ਼ਾਰ ਸਿੰਘ, ਵਿਸ਼ਾਲ ਸ਼ਰਮਾ ਆਦਿ ਨੇ ਵਧਾਈ ਦੇਂਦਿਆਂ ਕਿਹਾ ਕਿ ਸਰਕਾਰ ਭਾਸ਼ਾ ਵਿਭਾਗ ਨੂੰ ਪੈਰਾਂ ਸਿਰ ਖੜ੍ਹਾ ਕਰਨ ਲਈ ਪਹਿਲ ਦੇ ਆਧਾਰ 'ਤੇ ਫੰਡ ਵੀ ਜਾਰੀ ਕਰੇ।

# ਅਮਰਨਾਥ ਯਾਤਰਾ ਦੌਰਾਨ ਕਠੂਆ ਭੰਡਾਰੇ ਲਈ ਛੇਹਰਟਾ ਤੋਂ ਰਾਸ਼ਨ ਸਮੱਗਰੀ ਦਾ ਟਰੱਕ ਰਵਾਨਾ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ



ਅਮਰਨਾਥ ਯਾਤਰਾ ਦੇ ਸਬੰਧ ਵਿੱਚ ਕਠੂਆ ਖਰੋਟ ਮੋੜ ਵਿਖੇ ਲੰਗਰ ਭੰਡਾਰੇ ਦਾ ਪ੍ਰਬੰਧ ਕਰਨ ਵਾਲੀ ਸੰਸਥਾ 'ਸ਼ਿਵੋਹਮ ਸੇਵਾ ਮੰਡਲ' ਛੇਹਰਟਾ ਅੰਮ੍ਰਿਤਸਰ ਦੇ ਚੇਅਰਮੈਨ ਅਸ਼ੋਕ ਬੇਦੀ ਅਤੇ ਸੰਸਥਾ ਦੇ ਮੈਂਬਰਾਂ ਵੱਲੋਂ ਰਾਸ਼ਨ ਸਮੱਗਰੀ ਦਾ ਟਰੱਕ ਰਵਾਨਾ ਕੀਤਾ ਗਿਆ। ਪਰਮ ਸੰਤ ਅਦਵੈਤ ਸਵਰੂਪ ਆਰਤੀ ਦੇਵਾ ਜੀ ਮਹਾਰਾਜ ਅਤੇ ਗੋਲਬਾਗ ਤੋਂ ਮਹਤ ਵਿਸ਼ਾਲ ਸ਼ਰਮਾ ਵਿਸ਼ੇਸ਼ ਤੌਰ ਤੇ ਪਹੁੰਚੇ ਤੇ ਰਾਸ਼ਨ ਸਮੱਗਰੀ ਦੇ ਟਰੱਕ ਰਵਾਨਾ ਕੀਤਾ। ਰਾਸ਼ਨ ਸਮਗਰੀ ਦੇ ਟਰੱਕ ਨੂੰ ਰਵਾਨਾ ਕਰਨ ਤੋਂ ਪਹਿਲਾਂ ਬਾਬਾ ਭੌੜੇ ਵਾਲਾ ਮੰਦਿਰ ਵਿੱਚ ਮਰਿਆਦਾ ਅਨੁਸਾਰ ਆਰਤੀ ਦੇਵਾ ਜੀ ਮਹਾਰਾਜ ਦੀ ਪੂਜਾ ਅਰਚਨਾ ਕੀਤੀ, ਜਿਸ ਦੌਰਾਨ ਸਮੂਹ ਮੈਂਬਰ ਅਤੇ ਸੰਗਤਾ ਪੂਜਾ ਅਰਚਨਾ ਵਿੱਚ ਸ਼ਾਮਿਲ ਹੋਈ।

ਚੇਅਰਮੈਨ ਅਸ਼ੋਕ ਬੇਦੀ ਨੇ ਦੱਸਿਆ ਕਿ ਅਮਰਨਾਥ ਯਾਤਰਾ 29 ਜੂਨ ਨੂੰ ਸ਼ੁਰੂ ਹੋ ਰਹੀ ਹੈ, ਜਿਸ ਦੌਰਾਨ 28 ਜੂਨ ਨੂੰ ਸ਼ਿਵੋਹਮ ਸੇਵਾ ਮੰਡਲ ਵੱਲੋਂ ਕਠੂਆ ਖਰੋਟ ਮੋਡ 'ਚ ਲੰਗਰ ਭੰਡਾਰਾ ਸ਼ੁਰੂ ਕੀਤਾ ਜਾ ਰਿਹਾ ਹੈ। ਜਿਸ ਦੌਰਾਨ ਅੱਜ ਸ਼ਿਵ ਭੋਲੇਨਾਥ ਦੀ ਕਿਰਪਾ ਅਤੇ ਆਰਤੀ ਦੇਵਾ ਜੀ ਮਹਾਰਾਜ ਦੇ ਆਸ਼ੀਰਵਾਦ ਨਾਲ ਲੰਗਰ ਭੰਡਾਰੇ ਲਈ ਰਾਸ਼ਨ ਸਮੱਗਰੀ ਦੇ ਟਰੱਕ ਭੇਜੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਭੰਡਾਰੇ ਦੀ ਸ਼ੁਰੂਆਤ 28 ਜੂਨ ਦੀ ਰਾਤ ਨੂੰ ਸ਼ਿਵ ਜਾਗਰਣ ਨਾਲ ਹੋਵੇਗੀ, ਜਿਸ ਦੌਰਾਨ ਆਰਤੀ ਦੇਵਾ ਜੀ ਮਹਾਰਾਜ ਵੱਲੋਂ ਸਭ ਕਾਰਜ ਪੂਜਾ ਆਰਤੀ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਸ਼ੁਰੂ ਕੀਤਾ ਗਿਆ ਲੰਗਰ ਭੰਡਾਰਾ 24 ਘੰਟੇ ਚੱਲੇਗਾ। ਅਤੇ ਮੈਡੀਕਲ ਸਹੂਲਤ ਹੋਵੇਗੀ ਅਤੇ ਛੋਟੇ ਬੱਚਿਆਂ ਲਈ ਦੁੱਧ ਦੀ ਸੇਵਾ ਵੀ ਉਪਲਬਧ ਹੋਵੇਗੀ। ਇਸ ਮੌਕੇ ਡਾ: ਅਸ਼ਵਨੀ ਮੰਨਣ , ਲਲਿਤ, ਡਿੰਪਲ ਪੰਡਿਤ, ਪਵਨ ਕੁਮਾਰ ਚੱਕੀਵਾਲੇ, ਆਪ ਆਗੂ ਮੁਖਵਿੰਦਰ ਸਿੰਘ, ਰਮਨ ਰੰਮੀ, ਦੀਪਕ ਖੰਨਾ, ਵਿੱਕੀ ਖੰਨਾ, ਵਿਨੈ ਸ਼ਰਮਾ, ਸੁਮਿਤ ਸ਼ਾਸਤਰੀ, ਗੋਇਲ ਜੀ, ਮਾਨਵ ਸੋਢੀ, ਵਿਪਨ ਸੁਕਲਾ, ਦੀਪਕ ਬਹਿਲ, ਡਾ. ਦੀਪਕ ਭਾਰਦਵਾਜ ਹਾਜ਼ਰ ਸਨ।

# 50 ਮੈਗਾਵਾਟ ਸੋਲਰ ਪਾਵਰ ਪ੍ਰੋਜੈਕਟ ਚਾਲੂ ਹੋਣ ਨਾਲ ਪੀਐਸਪੀਸੀਐਲ ਵਲੋਂ ਨਵਿਆਉਣਯੋਗ ਊਰਜਾ ਸਮਰੱਥਾ ਵਿੱਚ ਵਾਧਾ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਨੇ ਦੱਸਿਆ ਕਿ ਮੈਸਰਜ਼ ਐਸ.ਏ.ਈ.ਐਲ ਲਿਮਿਟੇਡ ਦੁਆਰਾ ਪਿੰਡ ਕਰਮਗੜ੍ਹ, ਮਲੋਟ ਵਿਖੇ ਲਗਾਏ ਗਏ 50 ਮੈਗਾਵਾਟ ਸਮਰੱਥਾ ਦੇ ਸੋਲਰ ਪਾਵਰ ਪ੍ਰੋਜੈਕਟ ਨੂੰ ਸਿੰਕਰੋਨਾਈਜ਼ ਕਰ ਦਿੱਤਾ ਗਿਆ ਹੈ ਅਤੇ ਸੋਲਰ ਪਾਵਰ 220 ਕੇਵੀ ਗ੍ਰਿਡ ਸਬ-ਸਟੇਸ਼ਨ ਕਟੋਰੇਵਾਲਾ ਵਿੱਚ ਸਪਲਾਈ ਸ਼ੁਰੂ ਹੋ ਗਈ ਹੈ। ਪੰਜਾਬ ਵਿੱਚ ਸਥਾਪਿਤ ਕੀਤੇ ਜਾਣ ਵਾਲੇ 4 ਮੈਗਾਵਾਟ ਦੇ ਚਾਰ ਸੋਲਰ ਪਾਵਰ ਪ੍ਰੋਜੈਕਟ 2.748 ਰੁਪਏ/ਕਿਲੋਵਾਟ ਘੰਟਾ ਦੀ ਦਰ 'ਤੇ ਪੇਡਾ ਨੂੰ ਅਲਾਟ ਕੀਤੇ ਗਏ ਸਨ। ਇਨ੍ਹਾਂ ਵਿੱਚੋਂ, ਪਿੰਡ ਤਰਖਾਣਵਾਲਾ, ਬਠਿੰਡਾ ਵਿਖੇ 4 ਮੈਗਾਵਾਟ ਦੇ ਇੱਕ ਸੋਲਰ ਪਾਵਰ ਪ੍ਰੋਜੈਕਟ ਨੂੰ ਵੀ ਪੀਐਸਪੀਸੀਐਲ ਦੇ 66 ਕੇਵੀ ਗ੍ਰਿਡ ਸਬ-ਸਟੇਸ਼ਨ ਸੇਖੋਂ ਨਾਲ ਸਿੰਕਰੋਨਾਈਜ਼ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ਦੇ ਸਿੰਕਰੋਨਾਈਜੇਸ਼ਨ ਨਾਲ, ਪੰਜਾਬ ਰਾਜ ਲਈ ਸੋਲਰ ਪਾਵਰ ਪ੍ਰੋਜੈਕਟਾਂ ਦੀ ਸੰਚਿਤ ਸਥਾਪਿਤ ਸਮਰੱਥਾ ਹੁਣ 2081 ਮੈਗਾਵਾਟ ਤੱਕ ਪਹੁੰਚ ਗਈ ਹੈ। ਉਨ੍ਹਾਂ ਇਹ ਵੀ ਕਿਹਾ ਕਿ 2850 ਮੈਗਾਵਾਟ ਦੇ ਸੋਲਰ ਪਾਵਰ ਪ੍ਰੋਜੈਕਟ ਕਮਿਸ਼ਨਿੰਗ ਅਧੀਨ ਹਨ।

ਉਲੇਖਯੋਗ ਹੈ ਕਿ ਇਹ 54 ਮੈਗਾਵਾਟ ਦੇ ਸੋਲਰ ਪਾਵਰ ਪ੍ਰੋਜੈਕਟ ਰੋਜ਼ਾਨਾ ਲਗਭਗ 3 ਲੱਖ ਯੂਨਿਟ ਹਰੀ ਊਰਜਾ ਪੈਦਾ ਕਰਨਗੇ ਅਤੇ ਇਨ੍ਹਾਂ ਪ੍ਰੋਜੈਕਟਾਂ ਦੁਆਰਾ ਪੈਦਾ ਕੀਤੀ ਗਈ ਸੋਲਰ ਪਾਵਰ ਦਿਨ ਦੇ ਸਮੇਂ ਉਪਲਬਧ ਹੋਵੇਗੀ ਅਤੇ ਇਸ ਨੂੰ ਪੰਜਾਬ ਰਾਜ ਦੇ ਕਿਸਾਨਾਂ ਨੂੰ ਖੇਤੀਬਾੜੀ ਪਾਵਰ ਵਜੋਂ ਸਪਲਾਈ ਕੀਤਾ ਜਾਵੇਗਾ।

ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟੇਡ (ਪੀਐਸਪੀਸੀਐਲ) ਨੇ ਟਿਕਾਊ ਊਰਜਾ ਸਰੋਤਾਂ ਨੂੰ ਉਤਸ਼ਾਹਿਤ ਕਰਦੇ ਹੋਏ ਰਾਜ ਦੀ ਵਧਦੀ ਬਿਜਲੀ ਮੰਗ ਨੂੰ ਪੂਰਾ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਿਆ ਹੈ। ਕਾਰਪੋਰੇਸ਼ਨ ਨੇ ਜੂਨ-2022 ਵਿੱਚ 2.65 ਰੁਪਏ/ਕਿਲੋਵਾਟ ਘੰਟਾ ਦੀ ਪ੍ਰਤੀਯੋਗੀ ਦਰ 'ਤੇ 250 ਮੈਗਾਵਾਟ ਸੋਲਰ ਪਾਵਰ ਦੀ ਖਰੀਦ ਲਈ ਸੋਲਰ ਪਾਵਰ ਡਿਵੈਲਪਰਾਂ ਨਾਲ ਸਮਝੌਤੇ ਅੰਤਿਮ ਕੀਤੇ ਸਨ।

ਬਿਜਲੀ ਮੰਤਰੀ ਨੇ ਸਾਫ਼, ਹਰੀ ਅਤੇ ਘੱਟ ਟੈਰਿਫ ਵਾਲੀ ਨਵਿਆਉਣਯੋਗ ਬਿਜਲੀ ਦੇ ਹਿੱਸੇ ਨੂੰ ਵਧਾਉਣ ਅਤੇ ਆਪਣੇ ਗਾਹਕਾਂ ਨੂੰ ਭਰੋਸੇਯੋਗ ਅਤੇ ਸਸਤੀ ਬਿਜਲੀ ਦੀ ਸਭ ਤੋਂ ਵਧੀਆ ਗੁਣਵੱਤਾ ਪ੍ਰਦਾਨ ਕਰਨ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ।

"ਇਹ ਨਵੇਂ ਸੋਲਰ ਪਾਵਰ ਪ੍ਰੋਜੈਕਟ ਇੱਕ ਹਰੇ-ਭਰੇ ਪੰਜਾਬ ਦੇ ਸਾਡੇ ਟੀਚੇ ਵੱਲ ਇੱਕ ਮਹੱਤਵਪੂਰਨ ਕਦਮ ਦਰਸਾਉਂਦੇ ਹਨ," ਬਿਜਲੀ ਮੰਤਰੀ ਨੇ ਅੱਗੇ ਕਿਹਾ। "ਅਸੀਂ ਨਾ ਸਿਰਫ਼ ਆਪਣੀਆਂ ਬਿਜਲੀ ਦੀਆਂ ਲੋੜਾਂ ਨੂੰ ਪੂਰਾ ਕਰ ਰਹੇ ਹਾਂ, ਸਗੋਂ ਕਾਰਬਨ ਨਿਕਾਸ ਨੂੰ ਘਟਾਉਣ ਦੇ ਰਾਸ਼ਟਰੀ ਉਦੇਸ਼ ਵਿੱਚ ਵੀ ਯੋਗਦਾਨ ਪਾ ਰਹੇ ਹਾਂ।"

# ਪੰਜਾਬ 'ਚ ਅਮਨ-ਕਾਨੂੰਨ ਦੀ ਸਥਿਤੀ ਡਾਵਾਂਡੋਲ-ਹਰਦੀਪ ਗਿੱਲ

ਤਰਨ ਤਾਰਨ
ਰਕੇਸ਼ ਨਈਅਰ

ਪੰਜਾਬ ਵਿੱਚ ਅਮਨ ਕਾਨੂੰਨ ਦੀ ਸਥਿਤੀ ਦਿਨੋ-ਦਿਨ ਬਦ ਤੋਂ ਬਦਤਰ ਹੋ ਰਹੀ ਹੈ ਅਤੇ ਆਏ ਦਿਨ ਲੁੱਟਾਂ ਖੋਹਾਂ,ਡਕੈਤੀਆਂ ਅਤੇ ਦਿਨ ਦਿਹਾੜੇ ਕਤਲ ਹੋ ਰਹੇ ਹਨ।ਇਹ ਪ੍ਰਗਟਾਵਾ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਇੰਚਾਰਜ ਹਰਦੀਪ ਸਿੰਘ ਗਿੱਲ ਜਨਰਲ ਸਕੱਤਰ ਪੰਜਾਬ ਭਾਜਪਾ ਨੇ ਜੰਡਿਆਲਾ ਗੁਰੂ ਦੇ ਪਿੰਡ ਲਾਲਕਾ ਨਗਰ ਵਿਖੇ ਬੀਤੇ ਦਿਨੀਂ ਕਤਲ ਕੀਤੇ ਗਏ ਨੌਜਵਾਨ ਹਰਪ੍ਰੀਤ ਸਿੰਘ ਦੇ ਪਰਿਵਾਰ ਨਾਲ ਦੁੱਖ ਪ੍ਰਗਟ ਕਰਦਿਆਂ ਕੀਤਾ। ਉਨ੍ਹਾਂ ਆਖਿਆ ਕਿ ਪੰਜਾਬ ਵਿੱਚ ਗੁੰਡਾਗਰਦੀ ਆਪਣੀ ਚਰਮ ਸੀਮਾ 'ਤੇ ਹੈ।ਗੁੰਡਾ-ਤੰਤਰ ਬਿਨਾਂ ਕਿਸੇ ਡਰ ਖੌਫ ਤੋਂ ਅਪਰਾਧਕ ਘਟਨਾਵਾਂ ਨੂੰ ਅੰਜ਼ਾਮ ਦੇ ਰਿਹਾ ਹੈ।ਪੰਜਾਬ ਸਰਕਾਰ ਕਾਨੂੰਨ ਦਾ ਰਾਜ ਸਥਾਪਿਤ ਕਰਨ 'ਚ ਨਕਾਮ ਸਿੱਧ ਹੋਈ ਹੈ।

ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਹੀ ਪੰਜਾਬ ਵਿੱਚੋਂ ਗੈਂਗਸਟਰਵਾਦ ਅਤੇ ਗੁੰਡਾਗਰਦੀ ਦਾ ਖਾਤਮਾ ਕਰਕੇ ਪੰਜਾਬ ਵਿਚ ਅਮਨ ਸ਼ਾਂਤੀ ਬਹਾਲ ਕਰਨ ਦੀ ਸਮਰੱਥਾ ਰੱਖਦੀ ਹੈ।ਗਿੱਲ ਨੇ ਕਿਹਾ ਕਿ ਜਿਸ ਤਰ੍ਹਾਂ ਭਾਜਪਾ ਸ਼ਾਸਤ ਪ੍ਰਦੇਸ਼ਾਂ ਵਿੱਚ ਗੁੰਡਾਗਰਦੀ ਨੂੰ ਖਤਮ ਕੀਤਾ ਖਾਸਕਰ ਯੂ.ਪੀ. ਤੇ ਬਿਹਾਰ ਵਰਗੇ ਸੂਬਿਆਂ ਵਿੱਚ ਕਾਨੂੰਨ ਦਾ ਰਾਜ ਸਥਾਪਿਤ ਕੀਤਾ ਗਿਆ ਹੈ ਉਸੇ ਪ੍ਰਕਾਰ ਪੰਜਾਬ ਵਿੱਚ ਵੀ ਭਾਰਤੀ ਜਨਤਾ ਪਾਰਟੀ ਲੋਕਾਂ ਨੂੰ ਸਾਫ ਸੁਥਰਾ ਅਤੇ ਭ੍ਰਿਸ਼ਟਾਚਾਰ ਰਹਿਤ ਸਾਫ ਸੁਥਰਾ ਸ਼ਾਸਨ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ।ਉਨਾਂ ਕਿਹਾ ਕਿ ਪੰਜਾਬ ਦੇ ਲੋਕ ਭਾਜਪਾ ਨੂੰ ਉਮੀਦ ਵਜੋਂ ਵੇਖ ਰਹੇ ਹਨ।

ਲੋਕ ਸਭਾ ਚੋਣਾਂ ਦੌਰਾਨ ਪੰਜਾਬ ਦੇ ਲੋਕਾਂ ਨੇ ਭਾਜਪਾ ਦੇ ਵੋਟ ਸ਼ੇਅਰ ਵਿੱਚ ਵਾਧਾ ਕਰਕੇ ਬਾਕੀ ਰਿਵਾਇਤੀ ਪਾਰਟੀਆਂ ਦੇ ਮੂੰਹ ਬੰਦ ਕਰ ਦਿੱਤੇ ਹਨ।ਇਸ ਮੌਕੇ 'ਤੇ ਚੇਅਰਮੈਨ ਕੰਵਰਬੀਰ ਸਿੰਘ ਮੰਜ਼ਿਲ,ਗੁਰਬਖਸ਼ ਸਿੰਘ ਫਤਿਹਪੁਰ, ਸਰਬਜੀਤ ਸਿੰਘ,ਰਮਨ ਕੁਮਾਰ ਲਾਲਕਾ ਨਗਰ, ਸਰਬਜੀਤ ਸਿੰਘ ਵਡਾਲੀ ਵੀ ਹਾਜ਼ਰ ਸਨ।

**Matrimonial**

**Looking for a bride for American Citizen Ramagarhia Sikh Boy divorced from short marriage, No Kids. Born in 1984, height 5'10". Looking for American citizen or Green Card Holder girl.**

**Contact- +1(510) 200-1772**

**ਕੰਨਿਆ ਦੀ ਲੋੜ**

**ਅਮਰੀਕਨ ਨਾਗਰਿਕ ਰਾਮਗੜ੍ਹੀਆ ਸਿੱਖ ਮੁੰਡਾ ਜਨਮ 1984, 5'10" ਤਲਾਕਸ਼ੁਦਾ ਕੋਈ ਬੱਚਾ ਨਹੀਂ, ਲਈ ਅਮਰੀਕਾ ਵਿੱਚ ਪੱਕੀ ਜਾਂ ਗਰੀਨ ਕਾਰਡ ਹੋਲਡਰ ਲੜਕੀ ਦੀ ਜ਼ਰੂਰਤ ਹੈ।**

**ਸੰਪਰਕ- +1(510) 200-1772**

**Gillson**
TRUCKING INC



# NOW Hiring
# Truck Drivers
# Class A CDL

- Signing Bonus
- Top pay
- Mileage Pay
- Great Benefits
- Over the Road or Local Routes
- Reefers and Dry Van Operations
- No touch freight

## Skills:

- Responsible truck driver.
- Experience with electronic equipment.
- Ability to travel regularly.
- Adaptivity and foresight to handle unexpected situations (traffic, weather conditions and roads, etc.)

## Responsibilities:

- Safely operating assigned vehicles.
- The Vehicles are maintained and serviced as needed.
- Report any vehicle defects for repair.
- Make safety a priority at all times.
- Comply with standard federal laws and with company. policies and procedures.

## Pay:

- Between **$80,000.00 - $120,000.00** per year
- Average pay: $**0.50- $0.60** cents/mile
- Weekly direct deposits
- Bonuses for clean inspections
- High mileage bonuses

## Newer Equipment:

Freightliner and Volvo 2020 and present
Reset pay away from Terminals- Stockton, CA and Dayton, Ohio

- Flexible Home Time
- Pet Friendly
- Rider Policy

## Health Benefits:

Health Dental Vision



## Where to Apply

It's on our website the link under apply now. Please copy it here and then we would to have all.

**Apply Here:**

https://intelliapp.driverapponline.com/c/gillson?uri_b=ia_gillson_2058382794

## Contact:

1801 E Dr. Martin Luther King Jr. Blvd, Stockton, CA 95205
925-400-9094 | ext.116, ext.130 and ext.144
info@teamgillson.com

## Get in Touch:

gillsontrucking
gillsontrucking
company/gillsontrucking
www.teamgillson.com

# ਵਿਕਾਸ ਕਾਰਜਾਂ ਨੂੰ ਸਮਾਂਬੱਧ ਅਤੇ ਪਾਰਦਰਸ਼ਤਾ ਨਾਲ ਨੇਪਰੇ ਚਾੜ੍ਹਨ ਅਧਿਕਾਰੀ- ਵਿਧਾਇਕ ਬੁੱਧ ਰਾਮ

ਬੁਢਲਾਡਾ
ਸਾਂਝੀ ਸੋਚ ਬਿਊਰੋ



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੀ ਹਰ ਸਮੱਸਿਆ ਦਾ ਹੱਲ ਕਰਨ ਅਤੇ ਆਪਣੀਆਂ ਯੋਜਨਾਵਾਂ 'ਤੇ ਅਮਲ ਕਰਨ ਲਈ ਵਚਨਬੱਧ ਹੈ। ਸਰਕਾਰ ਦੇ ਅਧਿਕਾਰੀ ਲੋਕਾਂ ਦੀ ਸੇਵਾ ਲਈ ਹਾਜ਼ਰ ਰਹਿਣਗੇ। ਇੰਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਹਲਕਾ ਬੁਢਲਾਡਾ ਅਤੇ ਕਾਰਜਕਾਰੀ ਪ੍ਰਧਾਨ ਆਮ ਆਦਮੀ ਪਾਰਟੀ ਪੰਜਾਬ, ਪ੍ਰਿੰਸੀਪਲ ਬੁੱਧ ਰਾਮ ਨੇ ਸਬ-ਡਵੀਜ਼ਨ ਬੁਢਲਾਡਾ ਦੇ ਸਮੂਹ ਅਧਿਕਾਰੀਆਂ ਨਾਲ ਕੀਤੀ ਮੀਟਿੰਗ ਦੌਰਾਨ ਕੀਤਾ।ਉਨ੍ਹਾਂ ਕਿਹਾ ਕਿ ਸਾਰੇ ਅਧਿਕਾਰੀ ਸਰਕਾਰੀ ਕੰਮਕਾਜ ਨੂੰ ਪਾਰਦਰਸ਼ਤਾ ਅਤੇ ਸਮਾਂਬੱਧ ਢੰਗ ਨਾਲ ਕਰਨਾ ਯਕੀਨੀ ਬਣਾਉਣ। ਆਪਣੇ ਆਪਣੇ ਵਿਭਾਗ ਦੇ ਚੱਲ ਰਹੇ ਵਿਕਾਸ ਕਾਰਜਾਂ ਵੱਲ ਵਿਸ਼ੇਸ ਧਿਆਨ ਦੇ ਕੇ ਉਨ੍ਹਾਂ ਨੂੰ ਸਮਾਂਬੱਧ ਨੇਪਰੇ ਚਾੜ੍ਹਿਆ ਜਾਵੇ। ਉਨ੍ਹਾਂ ਡਰੇਨਜ਼ ਵਿਭਾਗ ਦੇ ਅਧਿਕਾਰੀਆਂ ਨੂੰ ਸਾਰੇ ਬਰਸਾਤੀ ਨਾਲਿਆਂ ਦੀ ਸਫਾਈ ਪਹਿਲ ਦੇ ਆਧਾਰ 'ਤੇ ਕਰਵਾਉਣ ਲਈ ਕਿਹਾ ਤਾਂ ਜੋ ਬਰਸਾਤ ਦੇ ਪਾਣੀ ਦੀ ਨਿਕਾਸੀ ਠੀਕ ਤਰੀਕੇ ਨਾਲ ਹੁੰਦੀ ਰਹੇ। ਉਨ੍ਹਾਂ ਪੰਚਾਇਤੀ ਵਿਭਾਗ ਦੇ ਅਧਿਕਾਰੀਆਂ ਨੂੰ ਪਿੰਡਾਂ ਵਿੱਚ ਚਲ ਰਹੇ ਵਿਕਾਸ ਕਾਰਜਾਂ ਨੂੰ ਜਲਦੀ ਨੇਪਰੇ ਚਾੜ੍ਹਨ ਦੀ ਹਦਾਇਤ ਕੀਤੀ।

ਉਨ੍ਹਾਂ ਵਾਟਰ ਸਪਲਾਈ ਵਿਭਾਗ ਦੇ ਅਧਿਕਾਰੀਆਂ ਨੂੰ ਸਾਫ ਪੀਣ ਵਾਲੇ ਪਾਣੀ ਦੀ ਸਪਲਾਈ ਯਕੀਨੀ ਬਣਾਉਣ ਅਤੇ ਹਰੇਕ ਵਾਟਰ ਵਰਕਸ ਨੂੰ ਨਹਿਰੀ ਪਾਣੀ ਸਪਲਾਈ ਨਾਲ ਜੋੜਨ ਦੇ ਉਪਰਾਲੇ ਕਰਨ ਲਈ ਕਿਹਾ। ਉਨ੍ਹਾਂ ਵੱਲੋਂ ਸ਼ਹਿਰਾਂ ਵਿੱਚ ਸੀਵਰੇਜ਼ ਸਬੰਧੀ ਸਬੰਧਿਤ ਕੰਪਨੀ ਨੂੰ ਆਪਣੇ ਵਰਕਰਾਂ ਦੀ ਗਿਣਤੀ ਵਧਾਉਣ ਦੀ ਤਾਕੀਦ ਕੀਤੀ ਗਈ ਤਾਂ ਜੋ ਸੀਵਰੇਜ਼ ਸਿਸਟਮ ਦੀ ਸਫ਼ਾਈ ਹੁੰਦੀ ਰਹੇ।ਉਨ੍ਹਾਂ ਤਹਿਸੀਲ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਲੋਕਾਂ ਨੂੰ ਉਨ੍ਹਾਂ ਦੇ ਕੰਮਕਾਜ ਕਰਵਾਉਣ ਵਿਚ ਕੋਈ ਸਮੱਸਿਆ ਪੇਸ਼ ਨਾ ਆਵੇ ਅਤੇ ਮਾਲ ਵਿਭਾਗ ਦਾ ਹਰ ਕੰਮ ਸਮਾਂਬੱਧ ਢੰਗ ਨਾਲ ਕੀਤਾ ਜਾਵੇ। ਇਸ ਮੌਕੇ ਐਸ.ਡੀ.ਐਮ. ਬੁਢਲਾਡਾ ਗਗਨਦੀਪ ਸਿੰਘ ਅਤੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਪੰਜਾਬ ਵਿਧਾਨ ਸਭਾ ਸਪੀਕਰ ਨੇ ਸਿੱਖ ਯੋਧੇ ਬਾਬਾ ਬੰਦਾ ਸਿੰਘ ਬਹਾਦਰ ਨੂੰ ਉਨ੍ਹਾਂ ਦੇ 308ਵੇਂ ਸ਼ਹੀਦੀ ਦਿਵਸ 'ਤੇ ਭੇਟ ਕੀਤੀ ਸ਼ਰਧਾਂਜ਼ਲੀ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਮਹਾਨ ਸਿੱਖ ਯੋਧੇ ਬਾਬਾ ਬੰਦਾ ਸਿੰਘ ਬਹਾਦਰ ਨੂੰ ਉਨ੍ਹਾਂ ਦੇ 308ਵੇਂ ਸ਼ਹੀਦੀ ਦਿਵਸ 'ਤੇ ਸ਼ਰਧਾਂਜਲੀ ਭੇਂਟ ਕੀਤੀ।

ਬਾਬਾ ਬੰਦਾ ਸਿੰਘ ਬਹਾਦਰ ਦੀ ਸਦੀਵੀ ਵਿਰਾਸਤ ਅਤੇ ਯੋਗਦਾਨ ਨੂੰ ਉਜਾਗਰ ਕਰਦੇ ਹੋਏ ਸਪੀਕਰ ਨੇ ਕਿਹਾ ਕਿ ਨਿਆਂ ਅਤੇ ਸਸ਼ਕਤੀਕਰਨ ਪ੍ਰਤੀ ਅਟੁੱਟ ਵਚਨਬੱਧਤਾ ਕਾਰਨ ਬਾਬਾ ਬੰਦਾ ਸਿੰਘ ਬਹਾਦਰ ਦਾ ਸਿੱਖ ਇਤਿਹਾਸ ਵਿੱਚ ਇੱਕ ਸਤਿਕਾਰਤ ਮੁਕਾਮ ਹੈ। ਉਨ੍ਹਾਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਨੇ ਆਪਣੇ ਜੀਵਨ ਦੌਰਾਨ ਹਾਸ਼ੀਏ 'ਤੇ ਪਏ ਲੋਕਾਂ ਨੂੰ ਉੱਚਾ ਚੁੱਕਣ ਅਤੇ ਗਰੀਬਾਂ ਦੇ ਸਸ਼ਕਤੀਕਰਨ ਲਈ ਮਿਸਾਲੀ ਕੁਰਬਾਨੀਆਂ ਅਤੇ ਅਣਥੱਕ ਯਤਨ ਕੀਤੇ।ਸੰਧਵਾਂ ਨੇ ਕਿਹਾ ਕਿ ਸਾਢੇ ਤਿੰਨ ਸਦੀਆਂ ਬਾਅਦ ਵੀ ਬਾਬਾ ਬੰਦਾ ਸਿੰਘ ਬਹਾਦਰ ਦੀ ਵਿਰਾਸਤ ਲੱਖਾਂ ਲੋਕਾਂ ਦੇ ਦਿਲਾਂ ਵਿੱਚ ਜਿਉਂਦੀ ਹੈ ਅਤੇ ਉਨ੍ਹਾਂ ਦੀ ਹਿੰਮਤ, ਦਿਲੇਰੀ ਅਤੇ ਸਮਰਪਣ ਪੀੜ੍ਹੀ ਦਰ ਪੀੜ੍ਹੀ ਪ੍ਰੇਰਣਾ ਦਿੰਦਾ ਰਹੇਗਾ।ਸੂਬੇ ਦੇ ਲੋਕਾਂ ਨੂੰ ਸਾਡੇ ਮਹਾਨ ਸ਼ਹੀਦਾਂ ਦੇ ਦਰਸਾਏ ਮਾਰਗ 'ਤੇ ਚੱਲਣ ਦਾ ਸੱਦਾ ਦਿੰਦਿਆਂ ਸੰਧਵਾਂ ਨੇ ਕਿਹਾ ਕਿ ਆਓ ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਦਰਸਾਈਆਂ ਕਦਮਾਂ-ਕੀਮਤਾਂ ਨੂੰ ਯਾਦ ਕਰਦਿਆਂ ਉਨ੍ਹਾਂ ਨੂੰ ਆਪਣੇ ਜੀਵਨ 'ਚ ਕਾਇਮ ਰੱਖਣ ਦਾ ਯਤਨ ਕਰੀਏ।

# ਦੰਦ ਸਾਡੇ ਸਰੀਰ ਦਾ ਅਹਿਮ ਅੰਗ, ਇੰਨ੍ਹਾਂ ਦਾ ਰੱਖੋ ਖ਼ਿਆਲ- ਡਾਕਟਰ ਪ੍ਰੀਤੀ ਬਜਾਜ

ਤਰਨ ਤਾਰਨ
ਰਕੇਸ਼ ਨਈਅਰ



ਸਿਆਣੇ ਕਹਿੰਦੇ ਹਨ ਦੰਦ ਗਏ ਸੁਆਦ ਗਿਆ,ਅੱਖਾਂ ਗਈਆਂ ਜਹਾਨ ਗਿਆ। ਦੰਦ ਸਾਡੇ ਸਰੀਰ ਦਾ ਅਹਿਮ ਅੰਗ ਹਨ।ਸਾਨੂੰ ਇਹਨਾਂ ਦਾ ਵਿਸ਼ੇਸ਼ ਤੌਰ 'ਤੇ ਖ਼ਿਆਲ ਰੱਖਣਾ ਚਾਹੀਦਾ ਹੈ।ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸਰਬੱਤ ਦਾ ਭਲਾ ਚੈਰੀਟੇਬਲ ਡੈਂਟਲ ਕਲੀਨਿਕ ਵਿਖੇ ਸੇਵਾਵਾਂ ਦੇ ਰਹੇ ਡਾਕਟਰ ਪ੍ਰੀਤੀ ਬਜਾਜ ਨੇ ਕੀਤਾ।ਇਸ ਮੌਕੇ ਉਨ੍ਹਾਂ ਕਿਹਾ ਕਿ ਭੋਜਨ ਨੂੰ ਚੰਗੀ ਤਰ੍ਹਾਂ ਚਬਾਉਣ ਤੇ ਪਚਾਉਣ ਲਈ ਮਜ਼ਬੂਤ ਤੇ ਸਿਹਤਮੰਦ ਦੰਦ ਜ਼ਰੂਰੀ ਹਨ।ਇਸ ਲਈ ਸਾਨੂੰ ਦੰਦਾਂ ਦੀ ਸਫ਼ਾਈ ਵੱਲ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ।ਉਨ੍ਹਾਂ ਆਖਿਆ ਤੁਹਾਡੇ ਦੰਦਾਂ ਦੀ ਸਿਹਤ ਤੁਹਾਡੀ ਸਾਧਾਰਨ ਸਿਹਤ ਦਾ ਇਕ ਜ਼ਰੂਰੀ ਹਿੱਸਾ ਹੈ।ਦੰਦਾਂ ਦੀ ਉਪੇਖਿਆ ਤੁਹਾਡੀ ਆਮ ਦੇਖਭਾਲ ਦੀ ਸੂਚਕ ਹੈ। ਦੰਦਾਂ 'ਚ ਜੋ ਭੋਜਨ ਫਸ ਜਾਂਦਾ ਹੈ ਉਸ ਨਾਲ ਦੰਦਾਂ 'ਚ ਸਾੜ ਪੈਦਾ ਹੋ ਜਾਂਦਾ ਹੈ ਜਿਸ ਕਾਰਣ ਮਸੂੜਿਆਂ 'ਚ ਸੋਜਸ ਤੇ ਟੁੱਥਪੇਸਟ ਕਰਨ ਨਾਲ ਖ਼ੂਨ ਆਉਣ ਲੱਗ ਪੈਂਦਾ ਹੈ ਜੇ ਦੰਦਾਂ ਦੀ ਸਖ਼ਤ ਪੀਲੀ ਪਾਪੜੀ ਨੂੰ ਸਾਫ਼ ਨਾ ਕੀਤਾ ਜਾਵੇ ਤਾਂ ਇਹ ਦੰਦਾਂ ਤੇ ਮਸੂੜਿਆਂ ਦੀ ਬਿਮਾਰੀ ਦਾ ਮੁੱਖ ਕਾਰਨ ਬਣਦੀ ਹੈ।ਭੋਜਨ ਕਰਨ ਤੋਂ ਬਾਅਦ ਬਕਾਇਦਾ ਟੁੱਥਬੁਰਸ਼ ਕਰਨਾ ਚਾਹੀਦਾ ਹੈ ਜਾਂ ਫਿਰ ਘੱਟੋ ਘੱਟ ਰੋਜ਼ ਸਵੇਰੇ ਤੇ ਰਾਤ ਨੂੰ ਬੁਰਸ਼ ਕਰਨ ਦੰਦਾਂ 'ਤੇ ਪੇਪੜੀ ਜੰਮਣ ਤੋਂ ਰੋਕਣ 'ਚ ਸਹਾਇਕ ਹੁੰਦਾ ਹੈ। ਹਰ ਤਿੰਨ ਚਾਰ ਮਹੀਨਿਆਂ ਦੇ ਅੰਤਰਾਲ ਤੇ ਬੁਰਸ਼ ਬਦਲਣਾ ਚਾਹੀਦਾ ਹੈ। ਜੇ ਫਿਰ ਵੀ ਦੰਦਾਂ ਦੀ ਕੋਈ ਤਕਲੀਫ਼ ਹੁੰਦੀ ਹੈ ਤਾਂ ਤੁਰੰਤ ਦੰਦਾਂ ਦੇ ਡਾਕਟਰ ਕੋਲ ਦਖਾਉਣਾ ਚਾਹੀਦਾ ਹੈ।

# ਜੰਡਿਆਲਾ ਗੁਰੂ ਦੇ ਵਸਨੀਕ ਸਾਹਿਤਕਾਰ ਸਵਿੰਦਰ ਸਿੰਘ ਸ਼ਿੰਦਾ ਲਾਹੌਰੀਆ ਅੰਮ੍ਰਿਤਸਰ ਦੇ ਮੁੱਢਲੇ 20 ਸਾਹਿਤਕਾਰਾਂ 'ਚ ਹੋਏ ਸਨਮਾਨਿਤ



ਜੰਡਿਆਲਾ ਗੁਰੂ
ਸ਼ੁਕਰਗੁਜ਼ਾਰ ਸਿੰਘ

ਪਿਛਲੇ ਦਿਨੀਂ ਪੀਘਾਂ ਸੋਚ ਦੀਆਂ ਸਾਹਿਤਕ ਮੰਚ ਪੰਜਾਬ ਵੱਲੋਂ ਅੰਮ੍ਰਿਤਸਰ ਦੀਆਂ ਵੀਹ ਸਾਹਿਤਕ ਸਖਸ਼ੀਅਤਾਂ ਜਿਸ ਵਿੱਚ ਪੁਰਾਣੇ ਸਾਹਿਤਕਾਰਾਂ,ਕਵੀਆਂ,ਕਹਾਣੀਕਾਰਾਂ ਦੇ ਨਾਲ ਨਾਲ ਨੌਜਵਾਨ ਸਾਹਿਤਕਾਰ, ਕਵੀ, ਕਹਾਣੀਕਾਰ ਵੀ ਸ਼ਾਮਿਲ ਸਨ ਨੂੰ ਪੰਜਾਬੀ ਸਾਹਿਤ ਦੇ ਖੇਤਰ ਵਿੱਚ ਸਮੇਂ ਸਮੇਂ 'ਤੇ ਯੋਗਦਾਨ ਪਾਉਣ ਕਰਕੇ ਸਨਮਾਨਿਤ ਕੀਤਾ ਗਿਆ ਜਿਸ ਤਹਿਤ ਸਥਾਨਕ ਕਸਬੇ ਦੇ ਨੌਜਵਾਨ ਸਾਹਿਤਕਾਰ ਕਵੀ ਸਵਿੰਦਰ ਸਿੰਘ ਸ਼ਿੰਦਾ ਲਾਹੌਰੀਆ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।

ਸਨਮਾਨ ਪ੍ਰਾਪਤ ਕਰਨ ਉਪਰੰਤ ਸ਼ਿੰਦਾ ਲਾਹੌਰੀਆ ਨੇ ਮਾਝਾ ਪ੍ਰੈੱਸ ਕਲੱਬ (ਰਜਿ) ਅੰਮ੍ਰਿਤਸਰ ਦੇ ਜੰਡਿਆਲਾ ਗੁਰੂ ਸਥਿਤ ਦਫ਼ਤਰ ਵਿਖੇ ਪੱਤਰਕਾਰ ਭਾਈਚਾਰੇ ਨਾਲ ਰੁਬਰੂ ਹੁੰਦਿਆਂ ਕਿਹਾ ਕਿ ਇਸ ਸਨਮਾਨ ਨਾਲ ਓਹਨਾਂ ਦੀ ਪੰਜਾਬੀ ਸਾਹਿਤ ਪ੍ਰਤੀ ਜ਼ਿੰਮੇਦਾਰੀ ਹੋਰ ਵੀ ਵੱਧ ਗਈ ਹੈ ਤੇ ਓਹ ਪੰਜਾਬ,ਪੰਜਾਬੀ ਭਾਸ਼ਾ ਅਤੇ ਪੰਜਾਬੀਅਤ ਲਈ ਲਗਾਤਾਰ ਸਾਰਥਕ ਕੰਮ ਕਰਦੇ ਰਹਿਣਗੇ।ਆਖਿਰ ਵਿੱਚ ਸ਼ਿੰਦਾ ਲਾਹੌਰੀਆ ਨੇ ਪੀਘਾਂ ਸੋਚ ਦੀਆਂ ਸਾਹਿਤਕ ਮੰਚ ਦੇ ਚੇਅਰਪਰਸਨ ਮੈਡਮ ਰਸ਼ਪਿੰਦਰ ਗਿੱਲ ਤੇ ਓਹਨਾਂ ਦੀ ਸਮੁੱਚੀ ਟੀਮ ਡਾ. ਨਵਤੇਜ ਸਿੰਘ ਬੇਦੀ, ਡਾ. ਸੁਰਜੀਤ ਸਿੰਘ ਜਰਮਨੀ, ਗੁਰਬਿੰਦਰ ਕੌਰ ਟਿੱਬਾ ਜੀ ਦਾ ਧੰਨਵਾਦ ਕੀਤਾ ਤੇ ਮਾਝਾ ਪ੍ਰੈੱਸ ਕਲੱਬ ਅੰਮ੍ਰਿਤਸਰ ਦੇ ਪ੍ਰਧਾਨ ਗੁਰਦੀਪ ਸਿੰਘ ਨਾਗੀ ਨੂੰ ਇਸ ਅਵਾਰਡ ਦਾ ਸਿਹਰਾ ਦਿੰਦਿਆਂ ਆਖਿਆ ਕਿ ਨਾਗੀ ਜੀ ਦੀ ਹੱਲਾਸ਼ੇਰੀ ਕਰਕੇ ਹੀ ਓਹ ਲਗਾਤਾਰ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਰਹੇ ਹਨ।ਇਸ ਸਮਾਗਮ ਵਿੱਚ ਪੁਰਾਣੇ ਸਾਹਿਤਕਾਰ ਦੀਪ ਦੇਵਿੰਦਰ, ਸ਼ੇਲਿੰਦਰਜੀਤ ਸਿੰਘ ਰਾਜਨ, ਭੁਪਿੰਦਰ ਸਿੰਘ ਸੰਧੂ, ਜਗਤਾਰ, ਗਿੱਲ, ਅਤਰ ਸਿੰਘ ਤਰਸਿੱਕਾ, ਜਸਵੰਤ ਧਾਪ, ਜਸਬੀਰ ਕੌਰ, ਬਲਵਿੰਦਰ ਕੌਰ ਪੰਧੇਰ ਦੇ ਨਾਲ ਨਾਲ ਨੌਜਵਾਨ ਸਾਹਿਤਕਾਰਾਂ ਸਵਿੰਦਰ ਸਿੰਘ ਸ਼ਿੰਦਾ ਲਾਹੌਰੀਆ, ਦਿਲਰਾਜ ਸਿੰਘ ਦਰਦੀ, ਵਿਸ਼ਾਲ ਸ਼ਰਮਾ ਸਿੱਦਕ, ਨਵਨੀਤ ਸਿੰਘ, ਸਤਨਾਮ ਜੱਸੜ, ਲਾਡੀ ਹੁੰਦਲ, ਡਾ. ਨਿਰਮ ਜੋਸਨ, ਸੁਰਿੰਦਰ ਕੌਰ ਸਰਾਏ, ਅਮਨ ਕਸੇਲ, ਸਵ: ਅੰਮ੍ਰਿਤਪਾਲ ਪੰਨੂੰ, ਮਲਕੀਤ ਸਿੰਘ ਨਿਮਾਣਾ, ਸਰਬਜੀਤ ਸਿੰਘ ਪੱਡਾ ਨੂੰ ਵੀ ਸਨਮਾਨਿਤ ਕੀਤਾ ਗਿਆ।




GINNY BEDI LAW PC
★ Immigration
★ Divorce
★ Custody and Support issues
★ Business Disputes
★ Living Trusts
★ Criminal Matters
★ Misdemeanors
★ DUI
Ginny Bedi Attorney
ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।
255 N Market St Ste 150 San Jose CA 95110
Tel: (408) 800-0242 Fax: (408) 800-0240, Mobile: (408) 802-2501
Email: ginny@ginnybedilaw.com Web: www.ginnybedilaw.com


web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
DOT DRUG TEST
EVERYTHING YOU NEED TO KNOW
"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"
ਅੱਜ ਹੀ ਕਾਲ ਕਰੋ :
ਰਾਜਿੰਦਰ ਟਾਂਡਾ
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330


SAI JEWELERS
Making Every
Occassion Beautiful
30 ਸਾਲ ਤੋਂ ਵੱਧ ਦਾ ਤਜ਼ਰਬਾ | 3 ਪੀੜੀਆਂ ਤੋਂ ਕਰ ਰਹੇ ਗਹਿਣਿਆਂ ਦਾ ਕੰਮ
ਹਰ ਤਰ੍ਹਾਂ ਦੇ ਸੋਨੇ ਤੇ ਚਾਂਦੀ ਦੇ ਮਨਪਸੰਦ ਗਹਿਣੇ ਖ਼ਰੀਦੋ
ਗਹਿਣੇ ਪਾਲਿਸ਼ ਜਾਂ Repair ਕਰਵਾਓ
Exchange & Trade of
Jewellery Available
ਸਾਡੇ ਕੋਲ Gold ਤੇ Silver ਦੇ ਸਿੱਕੇ ਵੀ ਮਿਲਦੇ ਹਨ
Diamond Jewellery ਵਿਚ ਵੀ ਕਰਦੇ ਹਾਂ DEAL
SJ
ਤੁਸੀਂ ਸਾਡੇ ਕੋਲੋਂ ਗਹਿਣੇ Exchange ਵੀ ਕਰਵਾ ਸਕਦੇ ਹੋ
(ਅਸੀਂ ਪੁਰਾਣੇ ਗਹਿਣੇ ਲੈਕੇ ਨਵੇਂ ਗਹਿਣੇ ਦਿੰਦੇ ਹਾਂ )
Open : Tuesday -Sunday |11:00 AM- 6:00 PM
Monday Available -By Call -ON APPPOINTMENTS
Visit our Store to Explore New Designs
ਵਧੇਰੇ ਜਾਣਕਾਰੀ ਲਈ ਕਾਲ ਕਰੋ :
ਧਰਮ ਚੌਹਾਨ -(209) 678-6600 | ਸਟੋਰ ਨੰਬਰ -(209) 408-8553
ADDRESS : 2900, Standiford Ave Ste, 16 B Modesto CA 95350


SAN MARCO TEEYAN BAY POINT
PROUDLY PRESENTS ( NONPROFIT)
7TH ANNUAL WOMENS FESTIWAL
FETURING : GIDHA, DANCE, SKITS, SONGS, LIVE DJ AND MUCH MORE
San marco Teeyan
SINGER
JASPINDER RAINA
HOST
JOT RANJIT
ON SUNDAY JULY 14TH 2024
@MEHRAN BANQUET HALL 12 PM TO 6 PM
3841 RAILROAD AVE, PITTSBURG, CA 94565
PHOTO & VIDEOGRAPHY BY
PAL FILMS
REFFEL DRAWING FOR GOLD ITEM
AND MORE PRIZES
Free Entry
Free Parking
GRAND SPONSOR
CHINNA JEWELERS
FOR MORE INFO & PARTICIPATION CALL
SONIA WALIA
925-565-6058
PARAMJIT NOKWAL
925-323-2523
HARPREET SUTTI
925-465-3414

# ਅਮਰੀਕਾ ਦੇ ਇਕ ਨਾਇਟ ਕਲੱਬ ਦੇ ਬਾਹਰਵਾਰ ਹੋਈ ਗੋਲੀਬਾਰੀ ਵਿੱਚ ਇੱਕ ਮੌਤ ਅਤੇ ਸੱਤ ਜ਼ਖ਼ਮੀ

ਸੈਕਰਾਮੈਂਟੋ
ਹੁਸਨ ਲੜੋਆ ਬੰਗਾ

ਅਮਰੀਕਾ ਦੇ ਕੈਂਟੁਕੀ ਰਾਜ ਵਿਚ ਲੋਇਸਵਿਲੇ ਵਿਖੇ ਇਕ ਨਾਇਟ ਕਲੱਬ ਦੇ ਬਾਹਰਵਾਰ ਹੋਈ ਗੋਲੀਬਾਰੀ ਵਿਚ 1 ਵਿਅਕਤੀ ਮਾਰਿਆ ਗਿਆ ਤੇ 7 ਹੋਰ ਜ਼ਖਮੀ ਹੋ ਗਏ। ਪੁਲਿਸ ਨੇ ਇਹ ਜਾਣਕਾਰੀ ਦਿੰਦਿਆਂ ਕਿਹਾ ਹੈ ਕਿ ਇਹ ਘਟਨਾ ਬੀਤੀ ਅੱਧੀ ਰਾਤ ਬਾਅਦ ਵਾਪਰੀ ਹੈ।

ਲੋਇਸਵਿਲੇ ਪੁਲਿਸ ਮੈਟਰੋ ਵਿਭਾਗ ਨੇ ਜਾਰੀ ਇਕ ਬਿਆਨ ਵਿਚ ਕਿਹਾ ਹੈ ਕਿ ਜਦੋਂ 5 ਪੁਲਿਸ ਅਫਸਰ ਐਚ 20 ਲਾਂਜ ਦੇ ਬਾਹਰਵਾਰ ਅੱਧੀ ਰਾਤ ਬਾਅਦ 12.45 ਵਜੇ ਪੁੱਜੇ ਤਾਂ ਉਨਾਂ ਨੂੰ 2 ਵਿਅਕਤੀ ਜ਼ਖਮੀ ਹਾਲਤ ਵਿਚ ਮਿਲੇ ਜਿਨਾਂ ਦੇ ਗੋਲੀਆਂ ਵੱਜੀਆਂ ਹੋਈਆਂ ਸਨ। ਇਨਾਂ ਵਿਚੋਂ ਇਕ ਵਿਅਕਤੀ ਦਮ ਤੋੜ ਗਿਆ ਜਦ ਕਿ ਦੂਸਰੇ ਵਿਅਕਤੀ ਨੂੰ ਹਸਪਤਾਲ ਦਾਖਲ ਕਰਵਾਇਆ ਗਿਆ ਹੈ ਜਿਸ ਦੀ ਹਾਲਤ ਗੰਭੀਰ ਹੈ।

ਬਾਅਦ ਵਿਚ ਮੈਡੀਕਲ ਸਟਾਫ ਨੇ



ਇਕ ਰਿਪੋਰਟ ਵਿਚ ਦਸਿਆ ਕਿ ਇਸ ਗੋਲੀਬਾਰੀ ਵਿਚ ਜ਼ਖਮੀ ਹੋਏ 6 ਹੋਰ ਵਿਅਕਤੀ ਖੇਤਰ ਵਿਚਲੇ ਵੱਖ ਵੱਖ ਹਸਪਤਾਲਾਂ ਵਿਚ ਦਾਖਲ ਹਨ।

ਜਨਤਕ ਸੂਚਨਾ ਅਫਸਰ ਆਰੋਨ ਏਲਿਸ ਅਨੁਸਾਰ ਇਨਾਂ ਸਾਰੇ 6 ਵਿਅਕਤੀਆਂ ਦੇ ਗੋਲੀਆਂ ਵੱਜੀਆਂ ਹਨ ਪਰੰਤੂ ਸਮਝਿਆ ਜਾਂਦਾ ਹੈ ਕਿ ਇਨਾਂ ਦੀ ਹਾਲਤ ਸਥਿੱਰ ਹੈ। ਪੁਲਿਸ ਨੇ ਕਿਹਾ ਹੈ ਕਿ ਉਸ ਨੂੰ ਸ਼ੱਕੀ ਹਮਲਾਵਰ ਬਾਰੇ ਕੋਈ ਜਾਣਕਾਰੀ ਨਹੀਂ ਹੈ ਤੇ ਨਾ ਹੀ ਇਹ ਸਪੱਸ਼ਟ ਹੈ ਕਿ ਗੋਲੀਬਾਰੀ ਵਿਚ ਕਿੰਨੇ ਵਿਅਕਤੀ ਸ਼ਾਮਿਲ ਸਨ।

ਪੁਲਿਸ ਅਨੁਸਾਰ ਅਜੇ ਮਾਮਲਾ ਜਾਂਚ ਅਧੀਨ ਹੈ ਤੇ ਜਾਂਚ ਉਪਰੰਤ ਹੀ ਅਸਲ ਸਥਿੱਤੀ ਬਾਰੇ ਕੁਝ ਕਿਹਾ ਜਾਵੇਗਾ। ਪੁਲਿਸ ਮਾਮਲਾ ਸੁਲਝਾਉਣ ਲਈ ਆਸ ਪਾਸ ਦੇ ਲੋਕਾਂ ਤੋਂ ਪੁੱਛਗਿੱਛ ਕਰ ਰਹੀ ਹੈ।

# ਡਿਪਟੀ ਕਮਿਸ਼ਨਰ ਵੱਲੋਂ 25 ਕਰੋੜ ਰੁਪਏ ਦੇ ਨਿਵੇਸ਼ ਵਾਲੀਆਂ ਸਨਅਤੀ ਇਕਾਈਆਂ ਨੂੰ ਰਾਈਟ ਟੂ ਬਿਜਨੈਸ ਐਕਟ ਅਧੀਨ ਪ੍ਰਵਾਨਗੀ ਜਾਰੀ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ



ਪੰਜਾਬ ਸਰਕਾਰ ਵਲੋਂ ਰਾਜ ਵਿਚ ਨਿਵੇਸ਼ ਦੇ ਮੌਕੇ ਵਧਾਉਣ ਤੇ ਰੋਜ਼ਗਾਰ ਦੇ ਸਾਧਨ ਪੈਦਾ ਕਰਨ ਲਈ ਉਦਯੋਗਪਤੀਆਂ ਨੂੰ ਉਨ੍ਹਾਂ ਦੇ ਕਾਰੋਬਾਰ ਨਾਲ ਸਬੰਧਿਤ ਕਈ ਤਰ੍ਹਾਂ ਦੀਆਂ ਸਹੂਲਤਾਂ ਆਨ ਲਾਈਨ ਮੁਹਈਆ ਕਰਵਾਈਆਂ ਜਾ ਰਹੀਆਂ ਹਨ, ਜਿਸ ਨਾਲ ਉਦਯੋਗਪਤੀਆਂ ਨੂੱ ਵਖ-ਵਖ ਦਫ਼ਤਰ ਦੇ ਚਕਰ ਨਹੀਂ ਮਾਰਨੇ ਪੈਂਦੇ ਅਤੇ ਸਾਰੀਆਂ ਸਹੂਲਤਾਂ ਇਕੋ ਹੀ ਖਿੜਕੀ ਰਾਹੀਂ ਦੇ ਦਿਤੀਆਂ ਜਾਂਦੀਆਂ ਹਨ। ਇਸੇ ਸਹੂਲਤ ਤਹਿਤ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਘਨਸ਼ਾਮ ਥੋਰੀ ਨੇ ਅੱਜ ਜਿਲ੍ਹਾ ਪੱਧਰੀ ਕਮੇਟੀ ਦੀ ਮੀਟਿੰਗ ਦੌਰਾਨ ਯੋਗ ਪਾਏ ਗਈਆਂ ਚਾਰ ਸਨਅਤੀ ਇਕਾਈਆਂ ਨੂੰ ਪ੍ਰਵਾਨਗੀ ਪੱਤਰ ਜਾਰੀ ਕੀਤੇ, ਜਿੰਨਾ ਵਿਚ ਗਣੇਸ਼ ਮਿਲਕ ਪ੍ਰੋਡਕਟ, ਨਾਦਰ ਰਾਈਸ ਮਿਲ, ਸੌਂਧ ਪ੍ਰਿਟ ਪੈਕ ਸਲੂਸ਼ਨ ਅਤੇ ਨਿਊ ਲਾਈਫ ਹਸਪਤਾਲ ਸ਼ਾਮਿਲ ਹਨ। ਉਨਾਂ ਨੇ ਇੰਨਾ ਉਦਮੀਆਂ ਨੂੰ ਸਾਬਾਸ਼ ਦਿੰਦੇ ਵਧਾਈ ਦਿੱਤੀ ਅਤੇ ਕਿਹਾ ਕਿ ਤੁਹਾਡੀ ਕਿਸੇ ਵੀ ਤਰਾਂ ਦੀ ਸਮੱਸਿਆ ਦਾ ਹੱਲ ਸਾਡੀ ਪਹਿਲੀ ਤਰਜੀਹ ਹੈ ਅਤੇ ਤੁਸੀਂ ਜਦ ਵੀ ਮਹਿਸੂਸ ਕਰੋ, ਸਾਡੀ ਮਦਦ ਲੈ ਸਕਦੇ ਹੋ। ਇਸ ਮੌਕੇ ਜਨਰਲ ਮੈਨੇਜਰ ਇੱਦਰਜੀਤ ਸਿੱਘ ਟਾਂਡੀ ਨੇ ਦੱਸਿਆ ਕਿ ਇਨਾਂ ਇਕਾਈਆਂ ਵਿੱਚ ਸਿੱਧੇ ਅਤੇ ਅਸਿੱਧੇ ਤੌਰ ਤੇ ਕਰੀਬ 200 ਤੋਂ ਵੱਧ ਵਿਅਕਤੀਆਂ ਨੂੰ ਰੋਜ਼ਗਾਰ ਮਿਲੇਗਾ ਅਤੇ ਇੰਨਾ ਉਦਮੀਆਂ ਵੱਲੋਂ ਆਪਣੇ ਇੰਨਾ ਯੂਨਿਟਾਂ ਉਤੇ 25 ਕਰੋੜ ਰੁਪਏ ਤੋਂ ਵੱਧ ਦਾ ਨਿਵੇਸ਼ ਕੀਤਾ ਜਾ ਰਿਹਾ ਹੈ। ਡਿਪਟੀ ਕਮਿਸ਼ਨਰ ਘਨਸ਼ਾਮ ਥੋਰੀ ਨੇ ਦਸਿਆ ਕਿ ਸਰਕਾਰ ਵਲੋਂ ਸਨਅਤਕਾਰ ਮਿਲਣੀ ਵਿਚ ਵੀ ਭਰੋਸਾ ਦਿਵਾਇਆ ਗਿਆ ਸੀ ਕਿ ਰਾਈਟ ਟੂ ਬਿਜਨੈਸ ਐਕਟ ਅਧੀਨ ਸਾਰੀਆਂ ਸਹੂਲਤਾਂ ਮੁਹਈਆਂ ਕਰਵਾਈਆਂ ਜਾਣਗੀਆਂ ਅਤੇ ਉਸੇ ਵਾਅਦੇ ਅਨੁਸਾਰ ਸਾਰੇ ਕੰਮ ਹੋ ਰਹੇ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜਿਲ੍ਹੇ ਅੱਦਰ ਕਿਸੇ ਵੀ ਸਨਅੱਤਕਾਰ ਨੂੰ ਕੋਈ ਮੁਸ਼ਕਿਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਸਮੇਂ ਸਿਰ ਸਾਰੀਆਂ ਪ੍ਰਾਨਗੀਆਂ ਜਾਰੀ ਕੀਤੀਆਂ ਜਾਣਗੀਆਂ। ਉਨਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਰਾਜ ਨੂੰ ਪੈਰਾਂ ਸਿਰ ਕਰਨ ਲਈ ਯਤਨਸ਼ੀਲ ਹਨ ਅਤੇ ਇਹ ਕੋਸ਼ਿਸ਼ ਤਾਂ ਹੀ ਕਾਮਯਾਬ ਹੋ ਸਕਦੀ ਹੈ ਜੇਕਰ ਸਾਰੇ ਪੰਜਾਬ ਵਾਸੀ ਆਪਣੇ ਆਪਣੇ ਕਾਰੋਬਾਰਾਂ ਅਤੇ ਜਿੰਮੇਵਾਰੀਆਂ ਉਤੇ ਧਿਆਨ ਦੇਣ।

# ਇਕ ਗੋਰੀ ਔਰਤ ਵੱਲੋਂ 3 ਸਾਲਾ ਬੱਚੀ ਨੂੰ ਡੁਬੋ ਕੇ ਮਾਰਨ ਦਾ ਯਤਨ, ਹੱਤਿਆ ਦੀ ਕੋਸ਼ਿਸ਼ ਦੇ ਦੋਸ਼ ਆਇਦ

ਸੈਕਰਾਮੈਂਟੋ
ਹੁਸਨ ਲੜੋਆ ਬੰਗਾ

ਅਮਰੀਕਾ ਦੇ ਟੈਕਸਾਸ ਰਾਜ ਵਿਚ ਇਕ ਗੋਰੀ ਔਰਤ ਵੱਲੋਂ ਤਲਾਬ ਵਿਚ ਇਕ 3 ਸਾਲਾ ਬੱਚੀ ਨੂੰ ਡਬੋਅ ਕੇ ਮਾਰਨ ਦੀ ਕੋਸ਼ਿਸ਼ ਕੀਤੀ ਗਈ ਜਦ ਕਿ ਬੱਚੀ ਦੀ ਮਾਂ ਉਸ ਨੂੰ ਪਾਣੀ ਵਿਚੋਂ ਕੱਢਣ ਤੇ ਬਚਾਉਣ ਵਿਚ ਸਫਲ ਰਹੀ। ਇਸ ਦੌਰਾਨ ਗੋਰੀ ਨੇ ਨਸਲੀ ਟਿੱਪਣੀਆਂ ਵੀ ਕੀਤੀਆਂ। ਔਰਤ ਦੀ ਪਛਾਣ ਅਲੈਜ਼ਿਬੈਥ ਵੋਲਫ (42) ਵਜੋਂ ਹੋਈ ਹੈ। ਪੁਲਿਸ ਨੇ ਕਿਹਾ ਹੈ ਕਿ ਵੋਲਫ ਵਿਰੁੱਧ ਹੱਤਿਆ ਦੀ ਕੋਸ਼ਿਸ਼ ਦੇ ਦੋਸ਼ ਆਇਦ ਕੀਤੇ ਗਏ ਹਨ। ਦੂਸਰੇ ਪਾਸੇ "ਟੈਕਸਾਸ ਚੈਪਟਰ ਆਫ ਦ ਕੌਂਸਲ ਆਨ ਅਮੈਰੀਕਨ ਇਸਲਾਮਿਕ ਰਿਲੇਸ਼ਨਜ" ਨੇ ਪੀੜਤ ਪਰਿਵਾਰ ਦੀ ਪਛਾਣ ਫਲਸਤੀਨੀ ਮੁਸਲਮਾਨ ਵਜੋਂ ਕੀਤੀ ਹੈ ਤੇ ਰਾਜ ਅਤੇ ਸੰਘੀ ਲਾਅ ਇਨਫੋਰਸਮੈਂਟ ਅਧਿਕਾਰੀਆਂ ਕੋਲੋਂ ਮੰਗ ਕੀਤੀ ਹੈ ਕਿ ਮਾਮਲੇ ਦੀ ਨਫਰਤੀ ਅਪਰਾਧ ਵਜੋਂ ਜਾਂਚ ਕੀਤੀ ਜਾਵੇ ਤੇ ਸਬੰਧਤ ਮੁਸਲਮਾਨ ਪਰਿਵਾਰ ਤੇ ਮੁਸਲਮਾਨ ਭਾਈਚਾਰੇ ਦੀ ਸੁਰੱਖਿਆ ਲਈ ਲੋੜੀਂਦੇ ਕਦਮ ਚੁੱਕੇ ਜਾਣ। ਪੁਲਿਸ ਨੇ ਕਿਹਾ ਹੈ ਕਿ ਘਟਨਾ ਵੇਲੇ ਵੋਲਫ ਨੇ ਬੱਚੀ ਦੀ ਮਾਂ ਦੇ ਅਮਰੀਕੀ ਨਾ ਹੋਣ ਦੀ ਗੱਲ ਕੀਤੀ ਤੇ ਉਸ ਵਿਰੁੱਧ ਹੋਰ ਨਸਲੀ ਟਿੱਪਣੀਆਂ ਵੀ ਕੀਤੀਆਂ। ਪੁਲਿਸ ਦਾ ਮੰਨਣਾ ਹੈ ਕਿ ਘਟਨਾ ਵੇਲੇ ਵੋਲਫ ਨਸ਼ੇ ਵਿਚ ਸੀ। ਬੱਚੀ ਦੀ ਮਾਂ ਨੇ ਕਿਹਾ ਹੈ ਕਿ "ਅਸੀਂ ਫਲਸਤੀਨੀ ਮੂਲ ਦੇ ਅਮਰੀਕੀ ਸ਼ਹਿਰੀ ਹਾਂ। ਮੈਨੂੰ ਨਹੀਂ ਪਤਾ ਮੇਰੇ ਤੇ ਮੇਰੇ ਬੱਚਿਆਂ ਲਈ ਸੁਰੱਖਿਅਤ ਜਗਾ ਕਿਥੇ ਹੈ। ਮੇਰੇ ਮੂਲ ਦੇਸ਼ ਨੂੰ ਜੰਗ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਤੇ ਇਥੇ ਸਾਨੂੰ ਨਫਰਤ ਨਾਲ ਦੋ ਚਾਰ ਹੋਣਾ ਪੈ ਰਿਹਾ ਹੈ। ਟੈਕਸਾਸ ਪ੍ਰਤੀਨਿੱਧ ਸਲਮਾਨ ਭੋਜਾਨੀ ਨੇ ਕਿਹਾ ਹੈ ਕਿ ਇਹ ਘਟਨਾ ਬਹੁਤ ਗੰਭੀਰ ਹੈ। ਮੇਰੇ ਈਉਲੈਸ ਡਿਸਟ੍ਰਿਕਟ 92 ਸਮੇਤ ਸਮੁੱਚੇ ਇਸ ਮਹਾਨ ਰਾਜ ਵਿਚ ਨਫਰਤ ਲਈ ਕੋਈ ਥਾਂ ਨਹੀਂ ਹੈ। ਉਨਾਂ ਕਿਹਾ ਕਿ ਪ੍ਰਭਾਵਿਤ ਪਰਿਵਾਰ ਦੀ ਉਹ ਹਰ ਤਰਾਂ ਮਦਦ ਕਰਨ ਲਈ ਤਿਆਰ ਹਨ।

# ਔਜਲਾ ਨੇ ਤੀਜੀ ਵਾਰ ਲੋਕ ਸਭਾ ਮੈਂਬਰ ਵਜੋਂ ਸਹੁੰ ਚੁੱਕੀ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ

ਅੰਮ੍ਰਿਤਸਰ ਤੋਂ ਤੀਜੀ ਵਾਰ ਜਿੱਤ ਕੇ ਲੋਕ ਸਭਾ ਪਹੁੰਚੇ ਗੁਰਜੀਤ ਸਿੰਘ ਔਜਲਾ ਨੇ ਅੱਜ ਸਹੁੰ ਚੁੱਕੀ। ਜੈ ਜਵਾਨ ਜੈ ਕਿਸਾਨ ਦੇ ਨਾਲ-ਨਾਲ ਜੈ ਸੰਵਿਧਾਨ ਦਾ ਨਾਅਰਾ ਵੀ ਦਿੱਤਾ। ਉਨ੍ਹਾਂ ਦਿੱਲੀ ਲੋਕ ਸਭਾ ਵਿੱਚ ਸਪੀਕਰ ਰਾਧਾ ਮੋਹਨ ਸਿੰਘ ਦੀ ਪ੍ਰਧਾਨਗੀ ਹੇਠ ਪੰਜਾਬੀ ਵਿੱਚ ਲੋਕ ਸਭਾ ਮੈਂਬਰੀ ਦੀ ਸਹੁੰ ਚੁੱਕੀ। ਗੁਰਜੀਤ ਸਿੰਘ ਔਜਲਾ 2017 ਵਿੱਚ ਪਹਿਲੀ ਵਾਰ ਅੰਮ੍ਰਿਤਸਰ ਤੋਂ ਸੰਸਦ ਮੈਂਬਰ ਬਣੇ ਸਨ। ਉਸ ਤੋਂ ਬਾਅਦ 2019 ਵਿੱਚ ਅਤੇ ਫਿਰ 2024 ਵਿੱਚ ਤੀਜੀ ਵਾਰ ਅੰਮ੍ਰਿਤਸਰ ਦੇ ਲੋਕਾਂ ਨੇ ਉਨ੍ਹਾਂ ਵਿੱਚ ਵਿਸ਼ਵਾਸ ਦਿਖਾਇਆ ਅਤੇ ਉਨ੍ਹਾਂ ਨੂੰ ਅੰਮ੍ਰਿਤਸਰ ਦੀ ਆਵਾਜ਼ ਬਣਾਇਆ।



ਗੁਰਜੀਤ ਸਿੰਘ ਔਜਲਾ ਨੇ ਲੋਕ ਸਭਾ ਮੈਂਬਰ ਵਜੋਂ ਆਪਣੇ ਕਾਰਜਕਾਲ ਦੌਰਾਨ ਸ਼ਹਿਰ ਲਈ ਹਰ ਮੁੱਦੇ 'ਤੇ ਆਵਾਜ਼ ਉਠਾਈ। ਉਨ੍ਹਾਂ ਲੋਕ ਸਭਾ ਵਿੱਚ ਨਸ਼ਿਆਂ ਦੇ ਮੁੱਦੇ 'ਤੇ ਵੀ ਚਰਚਾ ਕੀਤੀ ਅਤੇ ਪੰਜਾਬ ਸਰਕਾਰ ਨੂੰ ਪੱਤਰ ਵੀ ਲਿਖੇ। ਗੁਰਜੀਤ ਸਿੰਘ ਔਜਲਾ ਨੇ ਸਹੁੰ ਚੁੱਕਣ ਉਪਰੰਤ ਅੰਮ੍ਰਿਤਸਰ ਅਤੇ ਅੰਮ੍ਰਿਤਸਰ ਵਾਸੀਆਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਉਹ ਲੋਕਾਂ ਦੇ ਭਰੋਸੇ ਅਤੇ ਸਹਿਯੋਗ ਲਈ ਧੰਨਵਾਦੀ ਰਹਿਣਗੇ

ਗੁਰਜੀਤ ਸਿੰਘ ਔਜਲਾ ਨੇ ਕਿਹਾ ਕਿ ਉਹ ਅੰਮ੍ਰਿਤਸਰ ਦੇ ਲੋਕਾਂ ਦੇ ਭਰੋਸੇ ਨੂੰ ਟੁੱਟਣ ਨਹੀਂ ਦੇਣਗੇ ਅਤੇ ਪਹਿਲਾਂ ਵਾਂਗ ਹੀ ਤਨ-ਮਨ ਨਾਲ ਸੇਵਾ ਕਰਨਗੇ। ਉਨ੍ਹਾਂ ਕਿਹਾ ਕਿ ਪਹਿਲਕਦਮੀ ਦੇ ਆਧਾਰ 'ਤੇ ਉਹ ਆਪਣੇ ਰੁਕੇ ਹੋਏ ਪ੍ਰਾਜੈਕਟਾਂ ਨੂੰ ਪੂਰਾ ਕਰਨਗੇ ਅਤੇ ਜਲਦੀ ਹੀ ਨਵੀਆਂ ਯੋਜਨਾਵਾਂ 'ਤੇ ਕੰਮ ਕਰਨਗੇ। ਉਨ੍ਹਾਂ ਸੀਨੀਅਰ ਕਾਂਗਰਸੀ ਆਗੂਆਂ ਦਾ ਵੀ ਧੰਨਵਾਦ ਕੀਤਾ ਜਿਨ੍ਹਾਂ ਨੇ ਉਨ੍ਹਾਂ ਦਾ ਸਾਥ ਦਿੱਤਾ ਅਤੇ ਉਨ੍ਹਾਂ ਨੂੰ ਜੇਤੂ ਬਣਾਇਆ।



# Now Open New Banquet Hall in Sacramento

***For more info: Contact Paul : (916)334-6000***




# SONNY DHALIWAL

# for SUPERVISOR

**EXPERIENCED LEADERSHIP YOU CAN TRUST**

Paid for by Sonny Dhaliwal for County Supervisor 2024 FPPC#1459023


ARCPOINT LABS
OF MANTECA
Accurate, Reliable, Confidential Testing.
ਸਾਡੀਆਂ ਸੇਵਾਵਾਂ :
DOT ਦੇ Drug ਤੇ Alcohal Testing
Pre- Employment Testing | Physicals
Hair & Nail Testing |Immigration DNA
Paternity & Relationship DNA
Health Checkups ਜਿਵੇਂ :
Cholestrol Test
Heart Health
Thyroid Test
Diabetes Test
Food Allergy
Vitamin & Nutrient Test
ਆਪਣੇ ਹੋਣ ਵਾਲੇ Baby ਦਾ Gender ਜਾਣੋ 6 Weeks ਵਿੱਚ
BOY? or GIRL?
ਵਧੇਰੇ ਜਾਣਕਾਰੀ ਲਈ ਕਾਲ ਕਰੋ :
(209) 629-8282 |(209) 505-6384
Address : 119. Maple AVe, Suite A Manteca, CA 95336


SINCE 1990
BAGGA
PALACE
ਇੱਕੋ ਥਾਂ 'ਤੇ ਪਿਛਲੇ 1990 ਤੋਂ
ਤੁਹਾਡੀ ਸੇਵਾ ਕਰ ਰਹੇ ਹਨ
ਖਰੀਦੋ ਮਨਪਸੰਦ ਸੋਨੇ ਦੇ ਗਹਿਣੇ
ਨਵੇਂ ਤੋਂ ਨਵੇਂ ਡਿਜ਼ਾਈਨ
ਸ਼ੁੱਧਤਾ ਦੀ 100% ਗਾਰੰਟੀ
22 ਕੈਰੇਟ ਸੋਨੇ ਦੇ ਗਹਿਣੇ
We buy Gold
ਸੋਨੇ ਦੇ ਗਹਿਣੇ ਖਰੀਦਣ, ਵੇਚਣ ਅਤੇ ਪੁਰਾਣੇ ਸੋਨੇ ਬਦਲੇ
ਨਵਾਂ ਸੋਨਾ ਲੈਣ ਲਈ ਸੰਪਰਕ ਕਰੋ
Ph.: (916) 393-1872, (916) 678-9312
Monday to Sunday (open) | Tuesday ( closed )
(closed)
ADDRESS : 6620 FLORIN ROAD, SACRAMENTO , CA 95828

# JK TYRE INC

## JK TYRE
TOTAL CONTROL

**KTD10-LEAO**
Radial Truck Tire (Long Haul)



295/75R22.5
$2600

With Installation
Singh: 510-766-9382

**JK JETSTEEL JDH**

SPECIAL OFFER !!



DRIVE TIRE
11R22.5-

With Installation
Singh: 510-766-9382

**Firestone FS591**

SPECIAL OFFER !!

STEER TIRE
295/75R22.5

With Installation
Singh: 510-766-9382



11R22.5

With Installation
Singh: 510-766-9382

**Sizes available in drive & trailer**

295/75/22.5
11r/22.5
11r/24.5
255/70/22.5
315/80/22.5
425/65/22.5

**JETWAY JTH 1**

SPECIAL OFFER !!



TRAILER TIRE
11R22.5-
11R24.5-

With Installation
Singh: 510-766-9382

**JETWAY JTH SD**

SPECIAL OFFER !!



TRAILER TIRE
295/75R22.5-

With Installation
Singh: 510-766-9382

**JK JETSTEEL JDL2**

SPECIAL OFFER !!



DRIVE TIRE
11R22.5-
11R24.5-
295/75R22.5-

With Installation
Singh: 510-766-9382



FALKEN TIRES · GOODYEAR · KELLY TIRES · BARKLEY Feel the difference · PIRELLI
MICHELIN A better way forward · BRIDGESTONE · Firestone · YOKOHAMA
PEARLY · NAMA · TOYO TIRES driven to perform · Continental · DUNLOP TIRES

# S. Singh Cell: (510) 766-9382

**2955 N. Wilson Way Stockton , CA 95205**

# ਡੀ.ਆਈ.ਜੀ ਹਰਚਰਨ ਸਿੰਘ ਭੁੱਲਰ ਵੱਲੋਂ ਜ਼ਿਲ੍ਹਾ ਸੰਗਰੂਰ ਵਿੱਚ ਨਸ਼ਿਆਂ ਨੂੰ ਮੁਕੰਮਲ ਠੱਲ੍ਹ ਪਾਉਣ ਲਈ 'ਮਿਸ਼ਨ ਸਹਿਯੋਗ' ਨੂੰ ਸਫ਼ਲ ਬਣਾਉਣ ਦਾ ਸੱਦਾ

ਸੰਗਰੂਰ ਸਾਂਝੀ ਸੋਚ ਬਿਊਰੋ

ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਨੂੰ ਨਸ਼ਿਆਂ ਤੋਂ ਮੁਕੰਮਲ ਤੌਰ ਉੱਤੇ ਮੁਕਤ ਕਰਨ ਲਈ ਪੰਜਾਬ ਪੁਲਿਸ ਤੇ ਪ੍ਰਸ਼ਾਸਨ ਵਲੋਂ ਆਰੰਭ ਕੀਤੇ ਮਿਸ਼ਨ ਸਹਿਯੋਗ ਨੂੰ ਜ਼ਿਲ੍ਹਾ ਸੰਗਰੂਰ ਵਿੱਚ ਸਫਲ ਬਣਾਉਣ ਦਾ ਸੱਦਾ ਦਿੰਦਿਆਂ ਡੀ.ਆਈ.ਜੀ ਪਟਿਆਲਾ ਰੇਂਜ ਹਰਚਰਨ ਸਿੰਘ ਭੁੱਲਰ ਨੇ ਕਿਹਾ ਕਿ ਨਸ਼ਿਆਂ ਖਿਲਾਫ ਲੜਾਈ ਵਿੱਚ ਸਮੂਹ ਨਾਗਰਿਕਾਂ ਦੇ ਸਰਗਰਮ ਸਹਿਯੋਗ ਦੀ ਲੋੜ ਹੈ।

ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਅਤੇ ਜ਼ਿਲ੍ਹਾ ਪੁਲਿਸ ਮੁਖੀ ਸਰਤਾਜ ਸਿੰਘ ਚਹਿਲ ਦੀ ਮੌਜੂਦਗੀ ਵਿਚ ਮਿਸ਼ਨ ਸਹਿਯੋਗ ਤਹਿਤ ਪੁਲਿਸ ਪਬਲਿਕ ਕੋ- ਆਰਡੀਨੇਸ਼ਨ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡੀ.ਆਈ.ਜੀ ਨੇ ਕਿਹਾ ਕਿ ਇਹ ਮਹਿਜ਼ ਇੱਕ ਪ੍ਰੋਗਰਾਮ ਨਹੀਂ ਬਲਕਿ ਸਮਾਜ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਇਕ ਅੰਦੋਲਨ ਹੈ ਜਿਸ ਵਿੱਚ ਹਰ ਵਰਗ ਨੂੰ ਸ਼ਾਮਿਲ ਕਰਨ ਦਾ ਮੁੱਖ ਮਕਸਦ ਇਸ ਸਮਾਜਿਕ ਬੁਰਾਈ ਦਾ ਰਲਮਿਲ ਕੇ ਖਾਤਮਾ ਕਰਨਾ ਮਿਥਿਆ ਗਿਆ ਹੈ। ਉਨ੍ਹਾਂ ਕਿਹਾ ਕਿ ਸਮਾਜ ਵਿੱਚ ਆਪਣੇ ਨਿੱਜੀ ਸਵਾਰਥਾਂ ਲਈ ਭੋਲੇ ਭਾਲੇ ਲੋਕਾਂ ਨੂੰ ਨਸ਼ਿਆਂ ਦੀ ਦਲਦਲ ਵਿੱਚ ਧੱਕਣ ਵਾਲੇ ਸ਼ਰਾਰਤੀ ਅਨਸਰਾਂ ਨੂੰ ਸਲਾਖਾਂ ਪਿੱਛੇ ਪਹੁੰਚਾ ਕੇ ਕਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੇ ਹੋਏ ਮਿਸਾਲੀ ਸਜ਼ਾਵਾਂ ਦਿੱਤੀਆਂ ਜਾਣਗੀਆਂ। ਡੀ ਆਈ ਜੀ ਹਰਚਰਨ ਸਿੰਘ ਭੁੱਲਰ ਨੇ ਕਿਹਾ ਕਿ ਹਰ ਪਿੰਡ ਅਤੇ ਸ਼ਹਿਰ ਵਿੱਚ ਪੁਲਿਸ ਜਨਤਕ ਸਹਿਯੋਗ ਦੇ ਨਾਲ ਕਮੇਟੀਆਂ ਦਾ ਗਠਨ ਕੀਤਾ ਜਾ ਰਿਹਾ ਹੈ ਜਿਸ ਨਾਲ ਨਸ਼ਾ ਵਿਰੋਧੀ ਮੁਹਿੰਮ ਨੂੰ ਮਜ਼ਬੂਤੀ ਮਿਲੇਗੀ।

ਉਨ੍ਹਾਂ ਕਿਹਾ ਕਿ ਜਿਹੜੇ ਲੋਕ ਨਸ਼ਾ ਤਸਕਰਾਂ ਬਾਰੇ ਜਾਣਕਾਰੀ ਦਿੰਦੇ ਹਨ ਉਨ੍ਹਾਂ ਦਾ ਨਾਮ ਅਤੇ ਪਤਾ ਪੂਰੀ ਤਰ੍ਹਾਂ ਗੁਪਤ ਰੱਖਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਪੁਲਿਸ ਦਾ ਕੋਈ ਅਧਿਕਾਰੀ ਜਾਂ ਕਰਮਚਾਰੀ ਕਿਸੇ ਵੀ ਨਸ਼ਾ ਤਸਕਰ ਦੀ ਮਦਦ ਕਰਦਾ ਪਾਇਆ ਜਾਵੇਗਾ ਤਾਂ ਉਸ ਵਿਰੁੱਧ ਕੇਸ ਦਰਜ ਕਰਨ ਦੇ ਨਾਲ ਨਾਲ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਉਨ੍ਹਾਂ ਇਹ ਵੀ ਕਿਹਾ ਕਿ ਗਠਿਤ ਕੀਤੀਆਂ ਜਾਣ ਵਾਲੀਆਂ ਕਮੇਟੀਆਂ ਵਲੋਂ ਜਦੋਂ ਵੀ ਕਿਸੇ ਪਿੰਡ ਜਾਂ ਮੁਹੱਲੇ ਨੂੰ ਨਸ਼ਾ ਮੁਕਤ ਕੀਤਾ ਜਾਵੇਗਾ ਤਾਂ ਇਸ ਦੀ ਪੜਤਾਲ ਕਰਨ ਮਗਰੋਂ ਰਿਪੋਰਟ ਸਰਕਾਰ ਨੂੰ ਭੇਜੀ ਜਾਵੇਗੀ ਅਤੇ ਫਿਰ ਉਸ ਪਿੰਡ ਨੂੰ ਵਿਕਾਸ ਕਾਰਜਾਂ ਲਈ ਵਿਸ਼ੇਸ਼ ਗ੍ਰਾਂਟ ਜਾਰੀ ਕੀਤੀ ਜਾਵੇਗੀ। ਉਹਨਾਂ ਇਹ ਵੀ ਕਿਹਾ ਕਿ ਨਸ਼ਿਆਂ ਦੀ ਰੋਕਥਾਮ ਲਈ ਸ਼ਾਨਦਾਰ ਉਪਰਾਲੇ ਕਰਨ ਵਾਲਿਆਂ ਨੂੰ ਕੌਮੀ ਦਿਹਾੜਿਆਂ ਮੌਕੇ ਸਨਮਾਨਿਤ ਕੀਤਾ ਜਾਵੇਗਾ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜਿਹੜੇ ਵੀ ਨਾਗਰਿਕ ਗੁੰਮਰਾਹ ਹੋ ਕੇ ਨਸ਼ਿਆਂ ਦੇ ਰੋਗ ਦਾ ਸ਼ਿਕਾਰ ਹੋ ਗਏ ਹਨ ਉਨ੍ਹਾਂ ਦਾ ਇਲਾਜ ਸੰਭਵ ਹੈ ਅਤੇ ਅਜਿਹੇ ਲੋਕਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਸਰਕਾਰੀ ਨਸ਼ਾ ਮੁਕਤੀ ਕੇਂਦਰ ਵਿਚ ਦਾਖਲ ਕਰਵਾਇਆ ਜਾਵੇ। ਓਹਨਾ ਕਿਹਾ ਕਿ ਪ੍ਰਸ਼ਾਸ਼ਨ ਵਲੋਂ ਸਬ ਡਵੀਜ਼ਨ ਪੱਧਰ ਉਤੇ ਹਰ ਹਫਤੇ 2 ਕੈਂਪ ਲਗਾਏ ਜਾਣਗੇ ਜਿਸ ਵਿਚ ਨਸ਼ਿਆਂ ਦੀ ਰੋਕਥਾਮ ਲਈ ਜਾਗਰੂਕਤਾ ਪੈਦਾ ਕੀਤੀ ਜਾਵੇਗੀ ਜਿਸ ਦੇ ਸਾਰਥਕ ਨਤੀਜੇ ਸਾਹਮਣੇ ਆਉਣਗੇ। ਇਸ ਮੌਕੇ ਜਿਲਾ ਪੁਲਿਸ ਮੁਖੀ ਸਰਤਾਜ ਸਿੰਘ ਚਹਿਲ ਨੇ ਕਿਹਾ ਕਿ ਆਪਣੇ ਘਰਾਂ, ਪਰਿਵਾਰਾਂ, ਦੋਸਤਾਂ, ਆਲੇ ਦੁਆਲੇ ਨੂੰ ਨਸ਼ਾ ਮੁਕਤ ਕਰਨ ਦਾ ਟੀਚਾ ਮਿਥ ਕੇ ਪੂਰੀ ਤਨਦੇਹੀ ਨਾਲ ਉਪਰਾਲੇ ਕਰਨ ਦੀ ਲੋੜ ਹੈ ਤਾਂ ਜੋ ਇਸ ਕੋਹੜ ਦਾ ਸਫਾਇਆ ਕੀਤਾ ਜਾ ਸਕੇ। ਮੀਟਿੰਗ ਦੌਰਾਨ ਹਾਜ਼ਰ ਵੱਖ ਵੱਖ ਸਮਾਜ ਸੇਵੀ, ਧਾਰਮਿਕ ਤੇ ਸਿਆਸੀ ਜਥੇਬੰਦੀਆਂ, ਵਪਾਰ ਮੰਡਲਾਂ, ਐਸੋਸੀਏਸ਼ਨਾਂ ਦੇ ਪ੍ਰਤੀਨਿਧਾਂ ਨੇ ਅਧਿਕਾਰੀਆਂ ਨੂੰ ਮਿਸ਼ਨ ਸਹਿਯੋਗ ਦੀ ਸਫਲਤਾ ਲਈ ਸਰਗਰਮ ਮਦਦ ਕਰਨ ਦਾ ਵਿਸ਼ਵਾਸ ਦਿਵਾਇਆ। ਇਸ ਮੌਕੇ ਜ਼ਿਲ੍ਹਾ ਪੁਲਿਸ ਅਤੇ ਪ੍ਰਸ਼ਾਸਨ ਦੇ ਹੋਰ ਸੀਨੀਅਰ ਅਧਿਕਾਰੀ ਵੀ ਹਾਜ਼ਰ ਸਨ।

# ਸੁਖਬੀਰ ਬਾਦਲ ਨੂੰ ਪ੍ਰਧਾਨਗੀ ਤੋਂ ਹਟਾਉਣ ਦਾ ਐਲਾਨ ਸੀਨੀਅਰ ਲੀਡਰ ਇੱਕ ਜੁਲਾਈ ਨੂੰ ਕਰਨਗੇ ਫੈਸਲਾ

ਚੰਡੀਗੜ੍ਹ ਸਾਂਝੀ ਸੋਚ ਬਿਊਰੋ

ਲੋਕ ਸਭਾ ਚੋਣਾਂ ਮਗਰੋਂ ਸ਼੍ਰੋਮਣੀ ਅਕਾਲੀ ਦਲ ਅੰਦਰ ਭੁਚਾਲ ਆ ਗਿਆ ਹੈ। ਪੰਥਕ ਕਹਾਉਣ ਵਾਲੀ ਪਾਰਟੀ ਦੋ ਹਿੱਸਿਆਂ ਵਿੱਚ ਵੰਡੀ ਗਈ ਹੈ। ਇੱਕ ਧੜੇ ਨੇ ਸੁਖਬੀਰ ਬਾਦਲ ਨੂੰ ਅਕਾਲੀ ਦਲ ਦੀ ਪ੍ਰਧਾਨਗੀ ਦੇ ਅਹੁਦੇ ਤੋਂ ਹਟਾਉਣ ਦਾ ਐਲਾਨ ਕਰ ਦਿੱਤਾ ਹੈ। ਇਸ ਨਾਲ ਸੁਖਬੀਰ ਬਾਦਲ ਦੀਆਂ ਮੁਸ਼ਕਲਾਂ ਵਧ ਗਈਆਂ ਹਨ।

ਦਰਅਸਲ ਅੱਜ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਲੀਡਰਾਂ ਨੇ ਜਲੰਧਰ ਵਿਖੇ ਵੱਡੀ ਮੀਟਿੰਗ ਕਰਕੇ ਸੁਖਬੀਰ ਬਾਦਲ ਖਿਲਾਫ ਬਗਾਵਤ ਦਾ ਝੰਡਾ ਬੁਲੰਦ ਕਰ ਦਿੱਤਾ। ਮੀਟਿੰਗ ਵਿੱਚ ਅਕਾਲੀ ਦਲ ਦੇ ਕਈ ਸੀਨੀਅਰ ਆਗੂ ਹਾਜ਼ਰ ਸਨ। ਦੂਜੇ ਪਾਸੇ ਚੰਡੀਗੜ੍ਹ ਵਿੱਚ ਸੁਖਬੀਰ ਬਾਦਲ ਦੀ ਅਗਵਾਈ ਹੇਠ ਅਕਾਲੀ ਦਲ ਦੀ ਅਹਿਮ ਮੀਟਿੰਗ ਹੋਈ, ਜਿਸ ਵਿੱਚ ਉਕਤ ਆਗੂ ਗੈਰਹਾਜ਼ਰ ਰਹੇ। ਗੈਰ-ਹਾਜ਼ਰ ਆਗੂਆਂ ਨੇ ਜਲੰਧਰ ਵਿੱਚ ਵੱਖਰੀ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਸਿਕੰਦਰ ਸਿੰਘ ਮਲੂਕਾ, ਸੁਰਜੀਤ ਸਿੰਘ ਰੱਖੜਾ, ਬੀਬੀ ਜਗੀਰ ਕੌਰ, ਪ੍ਰੇਮ ਸਿੰਘ ਚੰਦੂਮਾਜਰਾ ਤੇ ਹੋਰ ਕਈ ਸੀਨੀਅਰ ਲੀਡਰ ਹਾਜ਼ਰ ਸਨ। ਇਸ ਦੌਰਾਨ ਪ੍ਰੇਮ ਸਿੰਘ ਚੰਦੂਮਾਜਰਾ ਨੇ ਕਿਹਾ ਕਿ ਅੱਜ ਇਸ ਗੱਲ 'ਤੇ ਗੰਭੀਰ ਚਰਚਾ ਹੋਈ ਕਿ ਅਕਾਲੀ ਦਲ ਇੰਨਾ ਕਮਜ਼ੋਰ ਕਿਉਂ ਹੋ ਗਿਆ ਹੈ। ਅੱਜ ਅਸੀਂ ਤਖ਼ਤ ਤੋਂ ਫਰਸ਼ 'ਤੇ ਆ ਗਏ ਹਾਂ। ਅੱਜ ਪਾਰਟੀ ਨੂੰ ਇਸ ਦੀ ਪੁਰਾਣੀ ਨੀਂਹ 'ਤੇ ਲਿਆਉਣ ਲਈ ਬਦਲਾਅ ਜ਼ਰੂਰੀ ਹੈ। ਚੰਦੂਮਾਜਰਾ ਨੇ ਕਿਹਾ ਕਿ 1 ਜੁਲਾਈ ਨੂੰ ਸਾਰੇ ਅਕਾਲੀ ਆਗੂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਮੱਥਾ ਟੇਕਣਗੇ। ਉੱਥੋਂ ਹੀ ਸ਼੍ਰੋਮਣੀ ਅਕਾਲੀ ਦਲ ਬਚਾਓ ਲਹਿਰ ਸ਼ੁਰੂ ਕੀਤੀ ਜਾਏਗੀ। ਇਸ ਵਿੱਚ ਅਕਾਲੀ ਦਲ ਦੇ ਸੀਨੀਅਰ ਆਗੂ ਸ਼ਾਮਲ ਹੋਣਗੇ। ਚੰਦੂਮਾਜਰਾ ਨੇ ਇਹ ਵੀ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਅਪੀਲ ਕਰਦੇ ਹਨ ਕਿ ਵਰਕਰਾਂ ਦੀਆਂ ਭਾਵਨਾਵਾਂ ਨੂੰ ਨਜ਼ਰਅੰਦਾਜ਼ ਨਾ ਕੀਤਾ ਜਾਏ, ਸਗੋਂ ਉਨ੍ਹਾਂ ਨੂੰ ਸਮਝਣਾ ਚਾਹੀਦਾ ਹੈ। ਉਨ੍ਹਾਂ ਨੇ ਕਿਹਾ ਕਿ ਪਾਰਟੀ ਵੋਟਿੰਗ ਤੋਂ ਬਾਅਦ ਫੈਸਲਾ ਲਵੇਗੀ। ਦੱਸ ਦੇਈਏ ਕਿ ਕੁਝ ਦਿਨ ਪਹਿਲਾਂ ਵੀ ਪਾਰਟੀ ਪ੍ਰਧਾਨ ਸੁਖਬੀਰ ਬਾਦਲ ਨੂੰ ਬਦਲਣ ਦੀ ਮੰਗ ਉਠਾਈ ਗਈ ਸੀ। ਹੁਣ ਇਹ ਮਾਮਲਾ ਜ਼ੋਰ ਫੜ ਗਿਆ ਹੈ।

ਹਾਸਲ ਜਾਣਕਾਰੀ ਅਨੁਸਾਰ ਅਕਾਲੀ ਆਗੂਆਂ ਦੀ ਮੀਟਿੰਗ ਕਰੀਬ ਪੰਜ ਘੰਟੇ ਚੱਲੀ। ਆਗੂਆਂ ਨੇ ਕਿਹਾ ਕਿ 2017 ਤੋਂ 2024 ਤੱਕ ਅਕਾਲੀ ਦਲ ਦਾ ਪੱਧਰ ਬੇਹੱਦ ਡਿੱਗਿਆ ਹੈ, ਇਹ ਚਿੰਤਾ ਦਾ ਵਿਸ਼ਾ ਹੈ।

ਇਸ ਦੇ ਨਾਲ ਹੀ ਚੰਦੂਮਾਜਰਾ ਨੇ ਪਾਰਟੀ ਪ੍ਰਧਾਨ ਸੁਖਬੀਰ ਬਾਦਲ ਨੂੰ ਅਪੀਲ ਕੀਤੀ ਹੈ ਕਿ ਉਹ ਉਸ ਤਰੀਕ 'ਤੇ ਕੁਰਬਾਨੀ ਦੇ ਜਜ਼ਬੇ ਨੂੰ ਉੱਚਾ ਰੱਖਣ। ਜਲੰਧਰ 'ਚ ਹੋਈ ਮੀਟਿੰਗ 'ਚ ਅਕਾਲੀ ਦਲ ਦੇ ਕਈ ਆਗੂ ਮੌਜੂਦ ਸਨ। ਇਨ੍ਹਾਂ ਵਿੱਚ ਸਿਕੰਦਰ ਸਿੰਘ ਮਲੂਕਾ, ਸੁਰਜੀਤ ਸਿੰਘ ਰੱਖੜਾ, ਬੀਬੀ ਜਗੀਰ ਕੌਰ, ਪ੍ਰੇਮ ਸਿੰਘ ਚੰਦੂਮਾਜਰਾ, ਬੀਬੀ ਕਿਰਨਜੋਤ ਕੌਰ, ਭਾਈ ਮਨਜੀਤ ਸਿੰਘ, ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ, ਗੁਰਪ੍ਰਤਾਪ ਵਡਾਲਾ, ਚਰਨਜੀਤ ਸਿੰਘ ਬਰਾੜ, ਹਰਿੰਦਰਪਾਲ ਸਿੰਘ ਟੌਹੜਾ, ਗਗਨਜੀਤ ਸਿੰਘ ਬਰਨਾਲਾ, ਬੀਬੀ ਪਰਮਜੀਤ ਕੌਰ ਲਾਂਡਰਾਂ, ਪਰਮਿੰਦਰ ਸਿੰਘ ਢੀਂਡਸਾ, ਬਲਬੀਰ ਸਿੰਘ ਘੁਣਸ, ਰਣਧੀਰ ਸਿੰਘ ਰੱਖੜਾ, ਗਿਆਨੀ ਹਰਪ੍ਰੀਤ ਸਿੰਘ, ਸੁੱਚਾ ਸਿੰਘ ਛੋਟੇਪੁਰ, ਕਰਨੈਲ ਸਿੰਘ ਪੰਜੋਲੀ, ਸਰਵਨ ਸਿੰਘ ਫਿਲੌਰ ਆਦਿ ਦੇ ਨਾਂ ਸ਼ਾਮਲ ਹਨ।

ਉਧਰ, ਲੋਕ ਸਭਾ ਚੋਣਾਂ ਵਿੱਚ ਮਿਲੀ ਹਾਰ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਨੇ ਅੱਜ ਚੰਡੀਗੜ੍ਹ ਵਿੱਚ ਅਹਿਮ ਮੀਟਿੰਗ ਸੱਦੀ ਸੀ। ਮੀਟਿੰਗ ਦੀ ਪ੍ਰਧਾਨਗੀ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕੀਤੀ। ਇਸ ਮੀਟਿੰਗ ਵਿੱਚ ਬਾਦਲ ਨੇ ਭਾਜਪਾ ਨਾਲ ਗਠਜੋੜ ਨਾ ਕਰਨ ਦੇ ਫੈਸਲੇ ਦੀ ਸ਼ਲਾਘਾ ਕੀਤੀ ਗਈ।

ਅਕਾਲੀ ਦਲ ਦੀ ਇਸ ਮੀਟਿੰਗ ਵਿੱਚ ਪਾਰਟੀ ਦੇ ਜ਼ਿਲ੍ਹਾ ਪ੍ਰਧਾਨਾਂ ਨੇ ਦੋਸ਼ ਲਾਇਆ ਹੈ ਕਿ ਸਰਕਾਰ ਪੰਥ ਤੇ ਪੰਜਾਬ ਨੂੰ ਆਗੂ ਰਹਿਤ ਕਰਨ ਦੀ ਸਾਜ਼ਿਸ਼ ਰਚ ਰਹੀ ਹੈ। ਪ੍ਰਧਾਨ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੂੰ ਕਮਜ਼ੋਰ ਜਾਂ ਤੋੜਨ ਦੀਆਂ ਕੋਸ਼ਿਸ਼ਾਂ ਪਿੱਛੇ ਭਾਜਪਾ ਤੇ ਏਜੰਸੀਆਂ ਦਾ ਹੱਥ ਹੈ।

# ਅੰਤਰ-ਧਰਮ ਭਾਈਚਾਰੇ ਦੇ ਨੇਤਾਵਾਂ ਨਾਲ ਸੰਵਾਦ ਪਾਕਿਸਤਾਨ ਅੰਬੈਸੀ ਵਿੱਚ ਕਰਵਾਇਆ

ਵਾਸ਼ਿੰਗਟਨ ਸੁਰਿੰਦਰ ਗਿੱਲ

ਧਾਰਮਿਕ ਅੰਤਰ-ਧਰਮ ਭਾਈਚਾਰੇ ਦੇ ਨੇਤਾਵਾਂ ਨਾਲ ਵਿਚਾਰ ਵਟਾਂਦਰੇ ਦਾ ਸਮਾਗਮ ਪਾਕਿਸਤਾਨ ਅੰਬੈਸੀ ਵਿੱਚ ਅਯੋਜਿਤ ਕੀਤਾ ਗਿਆ ਹੈ। ਜਿਸ ਵਿੱਚ ਸਿੱਖ,ਮੁਸਲਿਮ,ਕ੍ਰਿਸਚਨ,ਹਿੰਦੂ ਤੇ ਜੈਨੀ ਧਰਮ ਦੇ ਨੇਤਾਵਾਂ ਨੇ ਹਿੱਸਾ ਲਿਆ। ਇਸ ਪ੍ਰੋਗਰਾਮ ਦਾ ਮੁੱਖ ਮਕਸਦ ਭਾਈਚਾਰਕ ਸਾਝ ਨੂੰ ਮਜ਼ਬੂਤ ਕਰਨਾ ਤੇ ਸ਼ਾਂਤੀ,ਸਤਿਕਾਰ ਦੇ ਸੰਦੇਸ਼ ਨੂੰ ਮਜ਼ਬੂਤੀ ਨਾਲ ਪ੍ਰਸਾਰਨ ਤੇ ਜ਼ੋਰ ਦਿੱਤਾ ਗਿਆ ਹੈ।

ਪ੍ਰੋਗਰਾਮ ਦੀ ਸ਼ੁਰੂਆਤ ਅੰਬੈਸਡਰ ਮਸੂਦ ਖਾਨ ਪਾਕਿਸਤਾਨ ਨੇ ਕੀਤੀ। ਉਹਨਾਂ ਕਿਹਾ ਕਿ ਅੱਜ ਦੇ ਵਿਕਾਸਸ਼ੀਲ ਯੁੱਗ ਵਿਚ ਅਨੇਕਾਂ ਮੁਸ਼ਕਲਾਂ ਹਨ। ਜਿੰਨਾ ਨੂੰ ਇਨਸਾਨ ਪਿਆਰ,ਸਤਿਕਾਰ ਤੇ ਸ਼ਾਂਤੀ ਦਾ ਮਾਹੌਲ ਸਿਰਜਦੇ ਹੱਲ ਕਰ ਸਕਦਾ ਹੈ। ਧਾਰਮਿਕ ਨੇਤਾਵਾਂ ਦਾ ਪ੍ਰਚਾਰ ਕਾਰਗਰ ਸਾਬਤ ਹੋ ਸਕਦਾ ਹੈ। ਜੇਕਰ ਉਹ ਮਾਨਵਤਾ ਨੂੰ ਪਹਿਲ ਦੇਣ। ਹਰੇਕ ਧਰਮ ਦਾ ਮਿਸ਼ਨ ਇਕ ਹੈ। ਇਸ ਨੂੰ ਪ੍ਰਚਾਰਨ ਦੇ ਢੰਗ ਤਾਰੀਕੇ ਵਖੋ ਵੱਖਰੇ ਹਨ। ਪਰ ਪ੍ਰਾਪਤੀ ਦੀ ਮੰਜਿਲ ਇਕ ਹੀ ਹੈ। ਅੱਜ ਦਾ ਸਮਾਗਮ,ਇਸ ਸਾਰੇ ਭਾਈਚਾਰੇ ਨੂੰ ਏਕੇ ਵਿਚ ਪ੍ਰੋਣ ਦਾ ਕਾਰਜ ਕਰੇਗਾ। ਤੁਸੀ ਅਪਨੇ ਵਿਚਾਰਾਂ ਦੀ ਸਾਂਝ ਪਾਉਣ ਤੇ ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰੋ। ਡੈਨਿਅਲ ਨੇ ਕਿਹਾ ਕਿ ਮੈਂ ਚਰਚ ਨਾਲ ਜੁੜਿਆ ਹੋਇਆ ਹਾਂ। ਪਰ ਮੇਰੇ ਪਿਛੋਕੜ ਪਾਕਿਸਤਾਨ ਨਾਲ ਜੁੜਿਆ ਹੋਇਆ ਹੈ।

ਅਸੀ ਮੁਸਲਿਮ ਭਾਈਚਾਰੇ ਦੇ ਮੁਰੀਦ ਹਾਂ। ਜੋ ਹਮੇਸ਼ਾ ਹੀ ਸਾਨੂੰ ਪਿਆਰ ਦਾ ਪਾਠ ਅਲਾਪਣ ਵਿੱਚ ਸਹਾਈ ਹੁੰਦੇ ਹਨ। ਇਹਨਾਂ ਦਾ ਹਰ ਸਮਾਗਮ ਪ੍ਰੇਰਣਾ ਸਰੋਤ ਹੁੰਦਾ ਹੈ। ਹਿੰਦੂ ਕੁਮਿਨਟੀ ਦੇ ਨੇਤਾ ਅਲੋਕ ਨਾਥ ਨੇ ਕਿਹਾ ਕਿ ਮੈਂ ਭਾਵੇਂ ਹਿੰਦੂ ਮੰਦਰ ਨਾਲ ਜੁੜਿਆ ਹੋਇਆ ਹਾ, ਪਰ ਜੋ ਪਾਕਿਸਤਾਨ ਸਤਿਕਾਰ ਦਿੰਦੀ ਹੈ । ਉਹ ਕਿਸੇ ਹੋਰ ਜਗਾ ਨਹੀ ਮਿਲਦਾ ਹੈ। ਅਸੀ ਹਮੇਸ਼ਾ ਹੀ ਜ਼ਿਕਰ ਦੀਵਾਲੀ ਦਾ ਕਰਦੇ ਹਾਂ ਜੋ ਪਾਕਿਸਤਾਨ ਅੰਬੈਸੀ ਵਿੱਚ ਮਨਾਈ ਜਾਦੀ ਹੈ। ਜੋ ਸਾਡੇ ਲਈ ਮਾਣ ਵਾਲੀ ਗੱਲ ਹੈ।

ਡਾਕਟਰ ਸੁਰਿੰਦਰ ਸਿੰਘ ਗਿੱਲ ਅੰਬੈਸਡਰ ਫਾਰ ਪੀਸ ਨੇ ਕਿਹਾ ਕਿ ਸਾਡਾ ਮੱਕਾ ਪਾਕਿਸਤਾਨ ਵਿੱਚ ਹੈ। ਸਾਡੀ ਭਾਵੇਂ ਗਿਣਤੀ ਤੁੱਛ ਜਿਹੀ ਹੈ। ਪਰ ਸਾਨੂੰ ਸਤਿਕਾਰ ਮੰਤਰੀਆਂ ਵਾਲਾ ਮਿਲਦਾ ਹੈ।

ਅਸੀ ਘੱਟ ਗਿਣਤੀ ਵਿੱਚ ਹੋਣ ਦੇ ਬਾਵਜੂਦ ਵੀ ਕੈਬਨਿਟ ਰੈਂਕ ਦੇ ਭਾਗੀਦਾਰ ਹਾਂ। ਕਰਤਾਰਪੁਰ ਕੋਰੀਡੋਰ ਖੋਲ ਕੇ ਵਿਛੜੇ ਪ੍ਰੀਵਾਰਾਂ ਨੂੰ ਮਿਲਾਉਣ ਦਾ ਕਾਰਜ ਸ਼ਲਾਘਾ ਯੋਗ ਕਦਮ ਹੈ।

ਅਮਰਜੀਤ ਸਿੰਘ ਸੰਧੂ ਕਮਿਸ਼ਨਰ ਮੈਰੀਲੈਂਡ ਸਟੇਟ ਨੇਕਿਹਾ ਕਿ ਜੋ ਸਾਡਾ ਰੁਤਬਾ ਪਾਕਿਸਤਾਨ ਅੰਬੈਸੀ ਵਿੱਚ ਆ ਕੇ ਦੁਗਣਾ ਹੋ ਜਾਂਦਾ ਹੈ। ਜਿੱਥੇ ਆ ਕੇ ਅਸੀ ਬਾਬੇ ਨਾਨਕ ਦੀਆਂ



ਸਿੱਖਿਆਵਾਂ ਦਾ ਪਸਾਰ ਕਰਨ ਦਾ ਮੋਕਾ ਪਾਇਆ ਤੇ ਸਿੱਖ ਕੁਮਿਨਟੀ ਦੀ ਸੇਵਾ ਔਖੇ ਸਮੇਂ ਕਰਨ ਦਾ ਕਾਰਜਾਂ ਦੀ ਸਾਂਝ ਪਾਈ ਜੋ ਮੇਰੇ ਲਈ ਫਖਰ ਵਾਲੀ ਗੱਲ ਰਹੀ ਹੈ।

ਦੂਜੀਆਂ ਅੰਬੈਸੀਆ ਤੋਂ ਆਏ ਅੰਬੈਸਡਰਾ ਵੱਲੋਂ ਵੀ ਇਸ ਇੰਟਰਫੇਥ ਸਮਾਗਮ ਵਿੱਚ ਅਪਨੇ ਵਿਚਾਰਾਂ ਦੀ ਸਾਂਝ ਪਾਈ। ਉਪਰੰਤ ਰਾਤਰੀ ਭੋਜ ਸਮੇਂ ਨੁਕਤੇ ਸਾਂਝੇ ਕੀਤੇ। ਸਾਰੀਆਂ ਕੁਮਨਟੀਆ ਦੇ ਨੁਮਾਇਦਿਆ ਵੱਲੋਂ ਯਾਦਗਰ ਤਸਵੀਰਾਂ ਅੰਬੈਸਡਰ ਮਸੂਦ ਖਾਨ ਨਾਲ ਬਣਵਾਈਆਂ । ਇਸ ਮੋਕੇ ਸਿੱਖ ਕੁਮਿਨਟੀ ਤੋਂ ਹਰਪ੍ਰੀਤ ਸਿੰਘ ਗਿੱਲ ,ਕੇ ਕੇ ਸਿਧੂ,ਜਿਦੰਰਪਾਲ ਸਿੰਘ ਬਰਾੜ,ਸੁਰਿੰਦਰ ਮੋਹਨ ਸਿੰਘ ਨੱਤ ,ਅਮਰਜੀਤ ਸਿੰਘ ਸੰਧੂ,ਸੁਰਮੁਖ ਸਿੰਘ ਮਾਣਕੂ ਤੇ ਹਰਜੀਤ ਸਿੰਘ ਹੰਦਲ ਹਾਜ਼ਰ ਹੋਏ। ਪਾਕਿਸਤਾਨ ਕੁਮਿਨਟੀ ਤੋ ਰਾਜ ਰਾਠੋਰ ,ਆਇਸ਼ਾ ਖਾਨ ,ਰਹੀਸ ਖਾਨ,ਕਰੀਨਾ ਹੂ ਤੇ ਏਵਰੀ ਚੀਨ ਤੋ,ਸਮੀਊਲ ਕ੍ਰਿਸਚਿਨ ਕੁਮਿਨਟੀ ਤੋ ਇਲਾਵਾ ਕਈ ਅੰਬੈਸੀਆਂ ਦੇ ਨੁਮਾਇਦੇ ਤੇ ਸਟੇਟ ਡਿਪਾਰਮੈਟ ਤੋ ਸ਼ਖਸੀਅਤਾ ਸ਼ਾਮਲ ਹੋਈਆਂ ਹਨ। ਸਮੁੱਚਾ ਸਮਾਗਮ ਵੱਖਰੀ ਛਾਪ ਛੱਡ ਗਿਆ ਜੋ ਸ਼ਾਂਤੀ ,ਸਤਿਕਾਰ ਤੇ ਏਕੇ ਦਾ ਪ੍ਰਤੀਕ ਰਿਹਾ ਹੈ।

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

**AUTO · HOME · TRUCK · BUSINESS · LIFE · MEDICAL**

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜ਼ਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



Capital
DRUG TESTING

# CAPITAL DRUG TESTING

## Drug and Alcohol Test

## DOT / NON DOT

**PRE EMPLOYMENT - RANDOM**
**POST ACCIDENT - REASONABLE SUSPICION**

**Services: DOT Random Prog., FMCSA Clearinghouse, DOT Supervisor Training, SAP Classes Etc.**



**Lab. Ph:(916) 680-9293**

6624 Florin Road
Sacramento CA, 95828

Email: capitaldrugtest@gmail.com
Website: www.capitaldrugtest.com


One Auto Repair
a1aurtorepair4@yahoo.com
ਏ ਵਨ ਆਟੋ ਰਿਪੇਅਰ ਸ਼ਾਪ
Tune up
Oil change
Transmission
Brakes
Engine
ਬ੍ਰੈਕ ਰਿਪੇਅਰ
ਆਇਲ ਬਦਲਣਾ
ਕਾਰਾਂ ਦੀ ਡਾਇਗਨੋਸਿਸ
ਟਿਊਨਅਪ
ਟ੍ਰਾਂਸਮਿਸਨਾਂ ਦਾ ਕੰਮ ਤੱਸਲੀਬਖਸ਼
24 ਘੰਟੇ ਉਪਲੱਬਧ
ਹਰ ਤਰ੍ਹਾਂ ਦੀ ਆਟੋ ਰਿਪੇਅਰ ਦਾ ਕੰਮ ਤੱਸਲੀਬਖਸ਼
ਫੋਰਗਨ ਅਤੇ ਡੋਮੇਸਟਿਕ ਕਾਰਾਂ ਦੀ ਰਿਪੇਅਰ
ਆਪਣੀਆਂ ਕਾਰਾਂ ਦੇ ਤੱਸਲੀਬਖਸ਼ ਰਿਪੇਅਰ ਲਈ ਪ੍ਰਦੀਪ ਸਿੰਘ ਨਾਲ
ਕਿਸੇ ਵੇਲੇ ਵੀ ਸੰਪਰਕ ਕਰ ਸਦਕੇ ਹੋਂ।
2213 Rockefeller Dr. Ste.D Ceres CA 95307
PH : (209) 537-5081, CELL : (209) 604-0354


Punjabi Cultural Society Of Tracy Presents
ਤੀਆਂ ਦਾ ਮੇਲਾ
LADIES ONLY
4 ਅਗਸਤ, 2024, ਦਿਨ ਐਤਵਾਰ
IPFES
PORTUGUESE HALL
400 W 9th St, Tracy, CA 95376
11:00AM - 7:00PM
Hosted By : ASHA SHARMA
ਇਲਾਕੇ ਦੀਆਂ ਸਮੂਹ ਪੰਜਾਬੀ ਮੁਟਿਆਰਾਂ ਵੱਲੋਂ
ਗਿੱਧਾ, ਭੰਗੜਾ, ਬੋਲੀਆਂ ਪਾ ਪੇਸ਼ ਕੀਤੀਆਂ ਜਾਣਗੀਆਂ
ਵੱਖ-ਵੱਖ ਸੱਭਿਆਚਾਰਕ ਵੰਨਗੀਆ ਤੇ ਦਿਲ ਖਿੱਚਵੇਂ ਰੰਗਾਂ -ਰੰਗ ਪ੍ਰੋਗਰਾਮ |
ਲੱਗਣਗੇ ਹਾਰ- ਸ਼ਿੰਗਾਰ ਤੇ ਵੱਖੋ -ਵੱਖਰੇ ਖਾਣ ਪੀਣ ਦੇ ਸਟਾਲ, ਬੱਚਿਆਂ ਲਈ ਖੇਡਾਂ ਦਾ ਖ਼ਾਸ ਪ੍ਰਬੰਧ !
OUR PROUD SPONSORS
TRACY LIQUOR
NEW INDIAN SUPERMARKET
doaba
MOUNTAIN MIKE'S
LATHROP LIQUOR
PAAM
SUNSET LIQUORS
SANSAR
dhaba Indian Cuisine
CASTLE WINTON PHARMACY
NorCal Liquors
NEW INDIAN FABRIC
CLEANERS
CITY AUTO
Two Guy's
TANDOORi PIZZA
Dentistry
IMPERIAL SPICE
KRUSS TRUCKING
SUNRISE TRUCKING
ADVANCED Trucking
TRY-US TRANSPORTATION INC.
Sandhu Brothers
Sohi Realty LLC
LTA Bros Inc
Continental C Express Inc
Kamal Transport
ARCO ampm
SUBWAY
ਇਸ ਵਾਰ ਪਹਿਲਾਂ ਹੀ ਸਾਰੇ Vendors Book ਹਨ
ਵਧੇਰੇ ਜਾਣਕਾਰੀ ਲਈ ਕਾਲ ਕਰੋ : Tajinder Muhar :(209) 640-9521 | Rani Kahlon :(209) 683-6926




ਸਮੁੱਚੀ ਲੋਕਾਈ ਨੂੰ ਸਾਂਝੀਵਾਲਤਾ ਦਾ ਉਪਦੇਸ਼ ਦੇਣ ਵਾਲੇ

## ਮਹਾਨ ਸੰਤ ਅਤੇ ਕਵੀ ਭਗਤ ਕਬੀਰ ਜੀ ਦੇ ਆਗਮਨ ਪੂਰਬ ਸੰਬੰਧੀ

ਸਰਬੱਤ ਦੇ ਭਲੇ ਲਈ

## ਸ੍ਰੀ ਅਖੰਡ ਪਾਠ ਸਾਹਿਬ ਅਤੇ ਕਥਾ -ਕੀਰਤਨ

09,10 ਅਤੇ 11 ਅਗਸਤ ਦਿਨ ਸ਼ੁੱਕਰ, ਸ਼ਨੀ ਅਤੇ ਐਤਵਾਰ ਨੂੰ ਕਰਵਾਇਆ ਜਾ ਰਿਹਾ ਹੈ

ਸੰਗਤ ਤੇ ਸੇਵਾਦਾਰਾਂ ਦੇ ਪਰਿਵਾਰਾਂ ਵੱਲੋਂ ਸੇਵਾ

09 ਅਗਸਤ, 2024
( ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ )

11 ਅਗਸਤ, 2024
( ਸ੍ਰੀ ਅਖੰਡ ਪਾਠ ਸਾਹਿਬ ਦਾ ਭੋਗ )

ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਵੀ ਕੀਰਤਨ ਦੀਵਾਨ ਸੱਜਣਗੇ ਤੇ ਸੰਗਤਾਂ ਨੂੰ ਮਹਾਨ ਕੀਰਤਨੀਆਂ ਤੇ ਰਾਗੀਆਂ ਵੱਲੋਂ ਨਿਹਾਲ ਕੀਤਾ ਜਾਵੇਗਾ।

**ਸੇਵਾਦਾਰ ਪਰਿਵਾਰਾਂ ਵੱਲੋਂ ਸੰਗਤਾਂ ਲਈ ਲੰਗਰ ਦਾ ਵਿਸ਼ੇਸ਼ ਪ੍ਰਬੰਧ |**

ਸਮੂਹ ਸਾਧ ਸੰਗਤ ਨੂੰ ਬੇਨਤੀ ਹੈ ਕਿ ਵੱਧ ਤੋਂ ਵੱਧ ਪਹੁੰਚੋ ਤੇ ਆਪਣੀਆਂ ਹਾਜ਼ਰੀਆਂ ਲਗਵਾਓ ਜੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ :

ਰਮੇਸ਼ ਸੁਮਨ : (925) 366 3618 | ਦਿਲਬਾਗ਼ ਸਿੰਘ (209) 834 4641 | ਵਿਨੋਦ ਕੁਮਾਰ : +1 (408) 718-2506

SRI GURU RAVIDASS TEMPLE: 2150 CRESTVIEW DRIVE, PITTSBURG, CA 94565

# ਸੰਗਰੂਰ ਤੋਂ ਆਪ ਦੇ ਐੱਮ ਪੀ ਮੀਤ ਹੇਅਰ ਨੇ ਲੋਕ ਸਭਾ ਮੈਂਬਰ ਵਜੋਂ ਪੰਜਾਬੀ 'ਚ ਸਹੁੰ ਚੁੱਕੀ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ



ਸੰਗਰੂਰ ਸੰਸਦੀ ਹਲਕੇ ਤੋਂ ਚੁਣੇ ਗਏ ਮੈਂਬਰ ਅਤੇ ਆਮ ਆਦਮੀ ਪਾਰਟੀ ਦੇ ਆਗੂ ਗੁਰਮੀਤ ਸਿੰਘ ਮੀਤ ਹੇਅਰ ਨੇ ਅੱਜ ਸੰਸਦ ਵਿੱਚ ਲੋਕ ਸਭਾ ਮੈਂਬਰ ਵਜੋਂ ਸਹੁੰ ਚੁੱਕੀ। ਇਸ ਮੌਕੇ ਸੰਸਦ ਭਵਨ ਚ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਅਤੇ ਮੀਤ ਹੇਅਰ ਦੇ ਮਾਤਾ-ਪਿਤਾ ਅਤੇ ਪਤਨੀ ਵੀ ਹਾਜ਼ਰ ਸਨ।

ਮੀਤ ਹੇਅਰ ਨੇ ਪੰਜਾਬੀ ਮਾਂ ਬੋਲੀ ਵਿੱਚ ਸਹੁੰ ਚੁੱਕੀ। ਸਹੁੰ ਚੁੱਕਣ ਤੋਂ ਬਾਅਦ ਮੀਤ ਹੇਅਰ ਨੇ ਦੇਸ਼ ਦੇ ਆਜ਼ਾਦੀ ਘੁਲਾਟੀਆ, ਕਿਸਾਨਾਂ ਅਤੇ ਜਵਾਨਾਂ ਨੂੰ ਸਿਜਦਾ ਕਰਦਿਆਂ 'ਇਨਕਲਾਬ ਜ਼ਿੰਦਾਬਾਦ', ਤੇ 'ਜੈ ਜਵਾਨ, ਜੈ ਕਿਸਾਨ' ਦਾ ਨਾਅਰਾ ਵੀ ਬੁਲੰਦ ਕੀਤਾ।35 ਵਰ੍ਹਿਆਂ ਦੇ ਮੀਤ ਹੇਅਰ ਨੇ ਇਸ ਵਾਰ ਲੋਕ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਟਿਕਟ ਉਤੇ ਸੰਗਰੂਰ ਲੋਕ ਸਭਾ ਹਲਕਾ ਤੋਂ ਆਪਣੇ ਨੇੜਲੇ ਵਿਰੋਧੀ ਕਾਂਗਰਸ ਦੇ ਸੁਖਪਾਲ ਸਿੰਘ ਖਹਿਰਾ ਨੂੰ 1,72,560 ਵੋਟਾਂ ਦੇ ਫਰਕ ਨਾਲ ਹਰਾ ਕੇ ਜਿੱਤੇ ਸਨ। ਇਹ ਉਨ੍ਹਾਂ ਦੀ ਪਹਿਲੀ ਲੋਕ ਸਭਾ ਚੋਣ ਸੀ। ਇਸ ਤੋਂ ਪਹਿਲਾਂ ਉਹ 2017 ਤੇ 2022 ਵਿੱਚ ਬਰਨਾਲਾ ਵਿਧਾਨ ਸਭਾ ਹਲਕੇ ਤੋਂ ਲਗਾਤਾਰ ਦੋ ਵਾਰ ਵਿਧਾਇਕ ਚੁਣੇ ਗਏ ਸਨ। ਸਾਲ 2022 ਤੋਂ ਉਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵਿੱਚ ਬਤੌਰ ਕੈਬਨਿਟ ਮੰਤਰੀ ਵਜੋਂ ਸੇਵਾਵਾਂ ਨਿਭਾ ਰਹੇ ਸਨ।

ਮੀਤ ਹੇਅਰ ਦਾ ਜੱਦੀ ਪਿੰਡ ਬਰਨਾਲਾ ਜ਼ਿਲੇ ਦੇ ਮਹਿਲ ਕਲਾਂ ਹਲਕੇ ਦਾ ਕੁਰੜ (ਛਾਪਾ) ਹੈ ਅਤੇ ਉਹ ਬਰਨਾਲਾ ਸ਼ਹਿਰੀ ਦਾ ਪੱਕਾ ਵਸਨੀਕ ਹੈ। ਬਰਨਾਲਾ ਤੋਂ ਸਕੂਲੀ ਪੜ੍ਹਾਈ ਕਰਨ ਉਪਰੰਤ ਸਵਾਮੀ ਵਿਵੇਕਾਨੰਦ ਇੰਸਟੀਚਿਊਟ ਆਫ਼ ਇੰਜਨੀਅਰਿੰਗ ਐਂਡ ਟੈਕਨਾਲੋਜੀ ਬਨੂੜ ਤੋਂ ਮੈਕਨੀਕਲ ਇੰਜਨੀਅਰਿੰਗ ਦੀ ਡਿਗਰੀ ਪਾਸ ਮੀਤ ਹੇਅਰ ਸਿਵਲ ਸੇਵਾਵਾਂ ਪ੍ਰੀਖਿਆ ਦੀ ਤਿਆਰੀ ਕਰ ਸਨ ਜਦੋਂ ਉਹ ਅੰਨਾ ਹਜ਼ਾਰੇ ਤੇ ਅਰਵਿੰਦ ਕੇਜਰੀਵਾਲ ਵੱਲੋਂ ਚਲਾਏ ਜਾ ਰਹੇ ਅੰਦੋਲਨ ਨਾਲ ਜੁੜ ਗਏ ਅਤੇ ਫੇਰ ਆਮ ਆਦਮੀ ਪਾਰਟੀ ਦੇ ਮੁੱਢਲੇ ਮੈਂਬਰ ਬਣ ਗਏ। ਮੀਤ ਹੇਅਰ ਆਮ ਆਦਮੀ ਪਾਰਟੀ ਦੇ ਯੂਥ ਵਿੰਗ ਦੇ ਵੀ ਪ੍ਰਧਾਨ ਰਹੇ।

ਕੈਬਨਿਟ ਮੰਤਰੀ ਵਜੋਂ ਖੇਡਾਂ ਤੇ ਯੁਵਕ ਸੇਵਾਵਾਂ, ਜਲ ਸਰੋਤ, ਖਣਨ, ਉਚੇਰੀ ਸਿੱਖਿਆ ਤੇ ਭਾਸ਼ਾਵਾਂ, ਸਕੂਲ ਸਿੱਖਿਆ, ਪ੍ਰਸ਼ਾਸਕੀ ਸੁਧਾਰ, ਵਾਤਾਵਰਣ, ਸਾਇੰਸ ਤੇ ਤਕਨਾਲੋਜੀ ਅਤੇ ਪ੍ਰਿੰਟਿੰਗ ਤੇ ਸਟੇਸ਼ਨਰੀ ਵਿਭਾਗਾਂ ਦੀਆਂ ਸੇਵਾਵਾਂ ਨਿਭਾਉਣ ਵਾਲੇ ਮੀਤ ਹੇਅਰ ਕ੍ਰਿਕਟ ਤੇ ਬੈਡਮਿੰਟਨ ਦੇ ਚੰਗੇ ਖਿਡਾਰੀ ਵੀ ਹਨ। ਉਨ੍ਹਾਂ ਦੀ ਵਾਤਾਵਰਣ ਸੰਭਾਲ ਦੇ ਸਮਾਜਿਕ ਕੰਮਾਂ, ਪੰਜਾਬੀ ਮਾਂ ਬੋਲੀ ਦੇ ਪ੍ਰਚਾਰ ਤੇ ਪਸਾਰ ਅਤੇ ਪਾਲਤੂ ਜਾਨਵਰ ਰੱਖਣ ਵਿੱਚ ਬਹੁਤ ਰੁੱਚੀ ਹੈ।

# ਪੰਜਾਬੀ ਸਾਹਿਤ ਸਭਾ ਨੇ "ਜਲ ਹੈ ਤਾਂ ਕੱਲ੍ਹ ਹੈ" ਦਾ ਪੋਸਟਰ ਕੀਤਾ ਲੋਕ ਅਰਪਿਤ



ਰਈਆ
ਕਾਰਤਿਕ ਰਿਖੀ

ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਸਾਹਿਤਕ ਸਮਾਗਮ ਕਰਵਾਇਆ ਗਿਆ, ਪ੍ਰਧਾਨਗੀ ਮੰਡਲ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਉਤੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ, ਕਾਰਜਕਾਰੀ ਮੈਂਬਰ ਮਾ: ਮਨਜੀਤ ਸਿੰਘ ਵੱਸੀ, ਜਸਪਾਲ ਸਿੰਘ ਜੌਹਲ, ਮੱਖਣ ਸਿੰਘ ਭੈਣੀਵਾਲਾ, ਡਾ: ਕੁਲਵੰਤ ਸਿੰਘ ਬਾਠ ਸੁਸ਼ੋਭਿਤ ਹੋਏ। ਇਸ ਮੌਕੇ ਲੇਖਕ, ਨਿਰਦੇਸ਼ਕ ਅਤੇ ਡਾਇਰੈਕਟਰ ਸੁਲੱਖਣ ਸਿੰਘ ਦਿਓਲ ਦੀ ਨਿਰਦੇਸ਼ਨਾ ਹੇਠ ਵਾਤਾਵਰਣ ਨੂੰ ਖੁਸ਼ਹਾਲ ਰੱਖਣ ਲਈ ਅਤੇ ਪਾਣੀ ਅਤੇ ਰੁੱਖ ਨੂੰ ਬਚਾਉਣ ਲਈ ਤਿਆਰ ਟੈਲੀ ਫਿਲਮ "ਜਲ ਹੈ ਤਾਂ ਕੱਲ੍ਹ ਹੈ" ਦਾ ਪੋਸਟਰ ਲੋਕ ਅਰਪਿਤ ਕੀਤਾ ਗਿਆ । ਇਸ ਟੈਲੀ ਫਿਲਮ ਵਿੱਚ ਸਕੱਤਰ ਸਿੰਘ ਪੁਰੇਵਾਲ, ਸਾਬ ਸਰਾਂ, ਗੁਰਪ੍ਰੀਤ ਸਿੰਘ ਪੁਰੇਵਾਲ ਅਤੇ ਗੇਜਾ ਖਡੂਰ ਸਾਹਿਬ ਨੇ ਮੁੱਖ ਭੂਮਿਕਾ ਨਿਭਾਈ ਹੈ । ਇਸ ਮੌਕੇ ਬੁਲਾਰਿਆਂ ਨੇ ਕਿਹਾ ਕਿ ਅੱਜ ਗਰਮੀ ਨਾਲ ਲੋਕ ਤਰਾਸ-ਤਰਾਸ ਕਰ ਰਹੇ ਹਨ, ਜਿਸ ਦਾ ਕਾਰਣ ਹਰਿਆਲੀ ਭਰੇ ਰੁੱਖਾਂ ਦਾ ਕੱਟੇ ਜਾਣਾ ਹੈ, ਉਨ੍ਹਾਂ ਕਿਹਾ ਕਿ ਸਾਨੂੰ ਹਰਿਆਲੀ ਭਰੇ ਰੁੱਖ ਲਾਉਣੇ ਚਾਹੀਦੇ ਹਨ ਅਤੇ ਪਾਣੀ ਦੀ ਵੱਧ ਤੋਂ ਵੱਧ ਬੱਚਤ ਕਰਨੀ ਚਾਹੀਦੀ ਹੈ । ਇਸ ਮੌਕੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੀ ਮਹਿਲਾ ਵਿੰਗ ਦੀ ਪ੍ਰਧਾਨ ਸੁਖਵੰਤ ਕੌਰ ਵੱਸੀ, ਸਕੱਤਰ ਅਮਨ ਢਿੱਲੋਂ ਕਸੇਲ, ਸਰਬਜੀਤ ਸਿੰਘ ਲਾਡੀ, ਸਰਬਜੀਤ ਸਿੰਘ ਪੱਡਾ, ਕਵੀਸ਼ਰ ਅਮਰਜੀਤ ਸਿੰਘ ਰਤਨਗੜ੍ਹ, ਤਰਸੇਮ ਸਿੰਘ ਸਰਾਂ ਤਲਵੰਡੀ, ਅਰਮਾਨਜੀਤ ਸਿੰਘ ਦਿਓਲ, ਲਖਵਿੰਦਰ ਸਿੰਘ ਉੱਪਲ, ਅਮਰਜੀਤ ਸਿੰਘ ਘੁੱਕ, ਅੰਗਰੇਜ ਸਿੰਘ ਖਡੂਰ ਸਾਹਿਬ, ਗੁਰਪ੍ਰੀਤ ਸਿੰਘ ਪੁਰੇਵਾਲ, ਮਾ: ਬਲਬੀਰ ਸਿੰਘ ਆਦਿ ਨੇ ਕਾਵਿ ਰਚਨਾਵਾਂ ਪੜ੍ਹੀਆਂ ।







ARES
LENDING
Residential | Commercial | Investment
ਆਪਣਾ ਘਰ Re-Finance ਜਾਂ ਖ਼ਰੀਦਣਾ
Business ਲੈਣਾ ਜਾਂ Re-Finance ਕਰਨਾ, Working Capital ਲੈਣਾ ਹੈ
ਤਾਂ ARES LANDING Assist ਕਰ ਸਕਦੀ ਹੈ :
SBA Loan
SBA LOAN
FHA Loan
FHA LOAN
CONVENTIONAL LOAN
CONVENTIONAL LOAN
Commercial Loan
PRIVATE LOAN
PRIVATE LOAN
VA HOME LOANS
VA LOAN
ਜੇਕਰ ਤੁਸੀਂ Veteran ਹੋ America ਦੇ ਤਾਂ
ਤੁਹਾਨੂੰ 100% Financing Veteran ਦਾ ਆਪਾ ਦਵਾ ਸਕਦੇ ਹਾਂ
Contact (TONY SINGH ) For More INFO at : (916) 519-7009
DRE#: 01901843 | NMLS: 823070 | DRE# 02188764 | NMLS# 2402240
TRS LDA SERVICES COMPANY
DRE# 02188764 | LDA# 2022-001
Loan ਲੈਣ ਵਿੱਚ ਆਉਂਦੀ ਹੋਵੇ ਮੁਸ਼ਕਿਲ ਤਾਂ TRS LDA SERVICES COMPANY
ਕੋਲ ਹੈ Credit Repair ਦਾ ਹਰ ਹੱਲ
Credit ਠੀਕ ਕਰਵਾਉਣਾ ਹੋਵੇ | Credit ਤੇ Negative Items ਹੋਣ | ਜ਼ਿਆਦਾ Enquiries ਹੋਣ
ਤੁਹਾਡਾ LOAN ਪਾਸ ਨਾ ਹੁੰਦਾ ਹੋਵੇ, ਤਾਂ ਅਸੀਂ ਤੁਹਾਡਾ Credit FIX ਕਰਨ ਵਿੱਚ ਮਦਦ ਕਰਦੇ ਹਾਂ
ਤੁਹਾਡਾ Score ਘੱਟ ਹੈ ਤਾਂ ਸਾਡੀ Company Credit Repair ਵੀ ਕਰਦੀ ਹੈ
ਜਾਣਕਾਰੀ ਲਈ ਕਾਲ ਕਰੋ : Credit Analyst : Fatima Fierros : (916) 829-4200

ARES REALTY
Residential | Commercial | Investment

Thinking
Of Selling Or
Buying A Home ?



ਘਰ ਜਾਂ Business ਵੇਚਣਾ ਜਾਂ ਖਰੀਦਣਾ ਹੋਵੇ

Residential | Commercial | Industrial | Raw land

ਜਿਵੇਂ :Farm House ,Liquor Stores ,Gas Stations
ਹਰ ਤਰ੍ਹਾਂ ਦੇ Apartments, Buildings Car Wash,
Truck Wash ਜਾਂ Gas Pumps ਵਰਗੀਆਂ ਪ੍ਰੋਪਰਟੀਜ਼

ਖਰੀਦਣ ਜਾਂ ਵੇਚਣ ਦੇ ਚਾਹਵਾਨ ਇੱਕ ਵਾਰ ਸਾਨੂੰ ਮਿਲੋ - ARES REALTY

Broker | Realtor | Mortgage Loan Originator : Tony Singh : (916) 519-7009 License ID: 01901843

REALTOR
Jassi Avtar : (916) 335-3760 License ID: 02192444
Alex Singh : (916) 582-4394 License ID: 02191925
Rupinder Dhaliwal ( Ruby ): (916) 764-2859 License ID: 01461487
Amarbir Takhar : (209) 277-9200 License ID: 02225690
Harpreet Singh : (510) 589-8409 License ID: 02194943
Roseleen Kumar : (916)802-4833 License ID: 02028063

OFFICE MANAGER | MARKETING DIRECTOR Sadie EL Ibrahimi : (916)-829-4200 | E-FAX : (916) 367-6756


TRS Constructions

ਘਰ ਵੇਚਣਾ ਹੋਵੇ, ਖ਼ਰੀਦਣਾ ਹੋਵੇ ਜਾਂ ਹੋਣ ਵਾਲੀ ਹੈ ਤੁਹਾਡੇ ਘਰ ਦੀ ਮੁਰੰਮਤ

ਅਸੀਂ ਘਰ ਦੀ ਸਾਰੀ Repair ਤੇ Re -Modelling ਕਰਦੇ ਹਾਂ | Without Any Money Out Of Your Pocket

ਤੁਸੀਂ ਇੱਕ ਵੀ ਪੈਸਾ ਨਹੀਂ ਦਿਓਗੇ TRS Constructions ਨੂੰ ਤੁਹਾਡੀ Sale ਦੇ ਵਿੱਚੋਂ Pay ਹੋ ਜਾਣਗੇ

ਵਧੇਰੇ ਜਾਣਕਾਰੀ ਜਾਂ ਕਿਸੇ ਵੀ ਤਰ੍ਹਾਂ ਦੀ Quiry ਲਈ ਕਾਲ : Tony Singh : (916) 519-7009 Loan Contractor
License ID: 01901843


EXIT
EXIT REALTY CONSULTANTS
150 W.Yosemite Ave.,Manteca ,CA ,95336
ਵਪਾਰਕ, ਰਿਹਾਇਸ਼ੀ, ਉਦਯੋਗਿਕ, ਖੇਤੀਬਾੜੀਜ਼ਮੀਨਾਂ
(ਘਰ , ਖਾਲੀ ਜ਼ਮੀਨ ,ਫਾਰਮ ,ਸਟੇਸ਼ਨ )
ਵਾਜਬ ਰੇਟਾਂ ਤੇ ਵੇਚਣ ਜਾਂ ਖਰੀਦਣ ਲਈ
ਇਮਾਨਦਾਰ ਅਤੇ ਭਰੋਸੇਮੰਦ ਸੇਵਾਵਾਂ ਲਈ ਮਿਲੋ
Raman Bassi
Realtor DRE # 02162139
ਵਧੇਰੇ ਜਾਣਕਾਰੀ ਲਈ ਕਾਲ ਕਰੋ
Cell : 510-432-8122
Office : 209-823-1234
www.RamanBassi.EXITHOME.COM
RBassi@EXITHOME.com

# ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



**Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ**

**Paul Sahota**

**ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ**
**ਤਜ਼ਰਬਾ ਘੱਟੋ-ਘੱਟ 1 ਸਾਲ**
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

**ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ**

**ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ**
**ਫੋਨ : (559) 653-8130, 774-243-4154**

**SmartWay Express 3545 Date Avenue Fresno, CA 93725**
**ਈ-ਮੇਲ: newtrucks@smartwayexp.com**



# ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ




**e-Baba Entertainment App ਨੂੰ Download ਕਰੋ।**

ਹੁਣ ਕਿਸੇ ਵੀ Company ਦੇ ਬਣੇ Android TV 'ਚ **eBaba App** ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ **eBaba** ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also **eBaba** Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




**ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।**

SANJHI SOCH
ਪ੍ਰੋ: ਸਰਚਾਂਦ ਸਿੰਘ ਖਿਆਲਾ
97813-55522



# ਐਮਰਜੈਂਸੀ : ਭਾਰਤੀ ਇਤਿਹਾਸ ਦਾ ਇਕ ਕਾਲਾ ਦੌਰ

ਭਾਰਤੀ ਇਤਿਹਾਸ ਦੀ 1975 ਦੀ ਇਕ ਅਜਿਹੀ ਰਾਤ ਜਿੱਥੇ ਲੋਕ ਸੁੱਤੇ ਤਾਂ ਜਮਹੂਰੀਅਤ 'ਚ ਸਨ ਪਰ ਜਾਗਦਿਆਂ ਪਤਾ ਲਗਾ ਕਿ ਉਨ੍ਹਾਂ ਦੇ ਅਧਿਕਾਰਾਂ ਦਾ ਰਾਤੋਂ ਰਾਤ ਹਨਨ ਹੋ ਚੁੱਕਿਆ ਹੈ। ਜੀ ਹਾਂ, ਉਸ ਸਾਲ 25 ਜੂਨ ਦੀ ਅੱਧੀ ਰਾਤ ਨੂੰ ਦੇਸ਼ 'ਚ ਐਮਰਜੈਂਸੀ ਲਾਗੂ ਕਰ ਦਿੱਤੀ ਗਈ ਸੀ। ਭਾਰਤ ਦੇ ਤਤਕਾਲੀ ਰਾਸ਼ਟਰਪਤੀ ਫਖਰੂਦੀਨ ਅਲੀ ਅਹਿਮਦ ਵੱਲੋਂ ਸ੍ਰੀਮਤੀ ਇੰਦਰਾ ਗਾਂਧੀ ਹਕੂਮਤ ਵੱਲੋਂ ਮੰਤਰੀ ਮੰਡਲ ਨੂੰ ਭਰੋਸੇ 'ਚ ਲਏ ਬਿਨਾਂ ਕੀਤੀ ਗਈ ਸਿਫ਼ਾਰਸ਼ 'ਤੇ ਅਮਲ ਕਰਦਿਆਂ ਸੰਵਿਧਾਨ ਦੇ ਅਨੁਛੇਦ 352 ਤਹਿਤ ਦੇਸ਼ ਭਰ 'ਚ ਐਮਰਜੈਂਸੀ ਦਾ ਐਲਾਨ ਕਰ ਦਿੱਤਾ ਗਿਆ ਸੀ। ਉਨ੍ਹਾਂ ਦੇ ਇਕ ਆਦੇਸ਼ ਨੇ ਪ੍ਰਧਾਨ ਮੰਤਰੀ ਨੂੰ ਸ਼ਾਸਨ ਲਈ ਸਾਰੇ ਅਧਿਕਾਰ ਪ੍ਰਦਾਨ ਕਰ ਦਿੱਤੇ ਸਨ। ਜਿਸ ਵਿਚ ਚੋਣਾਂ ਮੁਲਤਵੀ ਕਰਨ ਤੋਂ ਇਲਾਵਾ ਨਾਗਰਿਕ ਸੁਤੰਤਰਤਾ ਨੂੰ ਰੋਕਿਆ ਜਾ ਸਕਦਾ ਸੀ। ਬਾਅਦ 'ਚ ਜੁਲਾਈ ਤੋਂ ਅਗਸਤ 1975 ਤਕ ਕੈਬਨਿਟ ਅਤੇ ਸੰਸਦ ਦੁਆਰਾ ਇਸ ਦੀ ਪੁਸ਼ਟੀ ਕੀਤੀ ਗਈ। ਜਿਸ ਨੂੰ 6-6 ਮਹੀਨਿਆਂ ਲਈ ਅੱਗੇ ਵਧਾਇਆ ਜਾ ਸਕਦਾ ਸੀ। ਭਾਰਤ ਵਿੱਚ ਇਸ ਵਾਰ ਐਮਰਜੈਂਸੀ 25 ਜੂਨ 1975 ਤੋਂ 21 ਮਾਰਚ 1977 ਨੂੰ ਵਾਪਸ ਲੈਣ ਤਕ 21 ਮਹੀਨਿਆਂ ਲਈ ਲਾਗੂ ਰਹੀ। ਇਸ ਤੋਂ ਪਹਿਲਾਂ ਭਾਰਤ - ਚੀਨ ਯੁੱਧ ਅਤੇ ਦੂਜੀ ਵਾਰ ਭਾਰਤ-ਪਾਕਿਸਤਾਨ ਯੁੱਧ ਦੌਰਾਨ ਲਾਗੂ ਸੀ।

ਭਾਵੇਂ ਕਿ ਸ੍ਰੀਮਤੀ ਇੰਦਰਾ ਗਾਂਧੀ ਨੇ ਐਮਰਜੈਂਸੀ ਵਾਸਤੇ ਰਾਸ਼ਟਰੀ ਸੁਰੱਖਿਆ ਲਈ ਅੰਦਰੂਨੀ ਅਤੇ ਬਾਹਰੀ ਖ਼ਤਰਿਆਂ ਦਾ ਹਵਾਲਾ ਦਿੱਤਾ ਅਤੇ ਪਾਕਿਸਤਾਨ ਨਾਲ ਖ਼ਤਮ ਹੋਈ ਜੰਗ ਨੂੰ ਦਲੀਲ ਵਜੋਂ ਉਜਾਗਰ ਕੀਤਾ ਸੀ, ਪਰ ਹਕੀਕਤ 'ਚ ਸ੍ਰੀਮਤੀ ਗਾਂਧੀ ਖ਼ੁਦ ਖ਼ਤਰੇ ਵਿਚ ਸੀ। ਕਿਉਂਕਿ ਇਲਾਹਾਬਾਦ ਹਾਈ ਕੋਰਟ ਦੇ ਜਸਟਿਸ ਜਗਮੋਹਨ ਲਾਲ ਸਿਨਹਾ ਨੇ 12 ਜੂਨ 1975 ਨੂੰ ਇਕ ਫ਼ੈਸਲੇ ਵਿਚ ਸ੍ਰੀਮਤੀ ਇੰਦਰਾ ਗਾਂਧੀ ਨੂੰ 1971 ਦੀ ਚੋਣ ਪ੍ਰਕਿਰਿਆ 'ਚ ਚੋਣ ਧੋਖਾਧੜੀ ਅਤੇ ਰਾਜ ਮਸ਼ੀਨਰੀ ਦੀ ਦੁਰਵਰਤੋਂ ਦਾ ਦੋਸ਼ੀ ਪਾਇਆ, ਉਸ ਦੀ ਚੋਣ ਰੱਦ ਕਰ ਦਿੱਤੀ ਅਤੇ 6 ਸਾਲਾਂ ਲਈ ਕਿਸੇ ਵੀ ਚੋਣ 'ਚ ਹਿੱਸਾ ਲੈਣ 'ਤੋ ਅਯੋਗ ਕਰਾਰ ਦਿੱਤਾ। ਇਹ ਕੇਸ ਯੂ ਪੀ ਦੇ ਰਾਏ ਬਰੇਲੀ ਸੀਟ ਤੋਂ ਸ੍ਰੀਮਤੀ ਗਾਂਧੀ ਦੇ ਵਿਰੁੱਧ ਚੋਣ ਲੜਨ ਅਤੇ ਹਾਰ ਜਾਣ ਵਾਲੇ ਸਮਾਜਵਾਦੀ ਨੇਤਾ ਰਾਜ ਨਰਾਇਣ ਵੱਲੋਂ ਸ੍ਰੀਮਤੀ ਗਾਂਧੀ 'ਤੇ ਲੋਕ ਪ੍ਰਤੀਨਿਧਤਾ ਐਕਟ 1951 ਦੀ ਉਲੰਘਣਾ ਦਾ ਦੋਸ਼ ਲਾਉਂਦਿਆਂ ਅਦਾਲਤ ਵਿਚ ਦਿੱਤੀ ਗਈ ਚੁਨੌਤੀ ਦਾ ਸੀ। ਕੇਸ ਨਾਲ ਸੰਬੰਧਿਤ ਸ੍ਰੀਮਤੀ ਗਾਂਧੀ ਦਾ ਚੋਣ ਏਜੰਟ ਯਸ਼ਪਾਲ ਕਪੂਰ ਇਕ ਸਰਕਾਰੀ ਨੌਕਰਸ਼ਾਹ ਭਾਵੇਂ ਕਿ ਉਹ ਅਹੁਦੇ ਤੋਂ ਅਸਤੀਫ਼ਾ ਦੇ ਚੁਕਾ ਸੀ ਫਿਰ ਵੀ ਉਸ 'ਤੇ ਨਿੱਜੀ ਚੋਣ ਨਾਲ ਸੰਬੰਧਿਤ ਕੰਮਾਂ ਵਿਚ ਸਰਕਾਰੀ ਮਸ਼ੀਨਰੀ ਦੀ ਦੁਰਵਰਤੋਂ ਅਤੇ ਰਾਜ ਬਿਜਲੀ ਵਿਭਾਗ ਦੀ ਬਿਜਲੀ ਦੀ ਵਰਤੋਂ ਲਈ ਦੋਸ਼ੀ ਪਾਇਆ ਗਿਆ। ਸ੍ਰੀਮਤੀ ਗਾਂਧੀ ਨੇ ਹਾਈ ਕੋਰਟ ਦੇ ਇਸ ਫ਼ੈਸਲੇ ਨੂੰ ਸੁਪਰੀਮ ਕੋਰਟ 'ਚ ਤੁਰੰਤ ਚੁਨੌਤੀ ਦਿੱਤੀ। ਜਿੱਥੇ 24 ਜੂਨ ਨੂੰ ਜਸਟਿਸ ਵੀ ਆਰ ਕ੍ਰਿਸ਼ਨਾ ਅਈਅਰ ਨੇ ਹਾਈ ਕੋਰਟ ਦੇ ਫ਼ੈਸਲੇ ਨੂੰ ਨਾ ਕੇਵਲ ਬਰਕਰਾਰ ਰੱਖਿਆ ਸਗੋਂ ਇੰਦਰਾ ਗਾਂਧੀ ਨੂੰ ਸਾਂਸਦ ਵਜੋਂ ਮਿਲੇ ਅਧਿਕਾਰਾਂ ਅਤੇ ਵੋਟ ਪਾਉਣ 'ਤੇ ਵੀ ਰੋਕ ਲਗਾਉਣ ਦਾ ਆਦੇਸ਼ ਵੀ ਦਿੱਤਾ। ਹਾਲਾਂਕਿ ਉਸ ਨੂੰ ਪ੍ਰਧਾਨ ਮੰਤਰੀ ਬਣੇ ਰਹਿਣ ਦਿੱਤਾ ਗਿਆ ਸੀ।

ਦੂਜੇ ਪਾਸੇ ਬਿਹਾਰ ਦੇ ਪਟਨਾ ਵਿਚ ਗਾਂਧੀਵਾਦੀ ਨੇਤਾ ਜੈ ਪ੍ਰਕਾਸ਼ ਨਰਾਇਣ, ਜਿਨ੍ਹਾਂ ਨੇ ਕਦੇ ਸਰਕਾਰੀ ਅਹੁਦਾ ਨਹੀਂ ਲਿਆ ਸੀ ਅਤੇ ਭ੍ਰਿਸ਼ਟਾਚਾਰ ਲਈ ਕਾਂਗਰਸ ਦੇ ਆਲੋਚਕ ਸਨ, ਨੇ ਮੋਰਾਰਜੀ ਦੇਸਾਈ ਨਾਲ ਮਿਲ ਕੇ ਇਸ ਨੂੰ ਰਾਸ਼ਟਰੀ ਮੁੱਦਾ ਬਣਾ ਲਿਆ ਅਤੇ ਲੋਕਾਂ ਨੂੰ ਸਰਕਾਰ ਵਿਰੁੱਧ ਪ੍ਰਦਰਸ਼ਨ ਲਈ ਅੱਗੇ ਆਉਣ ਦਾ ਸੱਦਾ ਦਿੱਤਾ। ਅਜਿਹੀ ਸਥਿਤੀ 'ਚੋਂ ਨਿਕਲਣ ਲਈ ਇੰਦਰਾ ਗਾਂਧੀ ਨੇ ਆਪਣੇ ਖ਼ਾਸ ਸਲਾਹਕਾਰਾਂ ਅਤੇ ਆਪਣੇ ਪੁੱਤਰ ਸੰਜੇ ਗਾਂਧੀ ਦੀ ਸਲਾਹ ਨਾਲ ਰਾਸ਼ਟਰਪਤੀ ਰਾਹੀਂ ਐਮਰਜੈਂਸੀ ਲਗਾ ਦਿੱਤੀ। ਇੰਦਰਾ ਗਾਂਧੀ ਨੇ ਅਸਧਾਰਨ ਸ਼ਕਤੀਆਂ ਦੀ ਦੁਰਵਰਤੋਂ ਕਰਦਿਆਂ ਸਰਕਾਰ ਵਿਰੁੱਧ ਰੋਸ ਵਿਖਾਵਿਆਂ ਅਤੇ ਹੜਤਾਲਾਂ 'ਤੇ ਬੰਦਸ਼ਾਂ ਲਗਾ ਦਿੱਤੀਆਂ ਗਈਆਂ। ਸਿਆਸੀ ਵਿਰੋਧੀਆਂ ਨੂੰ ਕੈਦ ਅਤੇ ਆਮ ਲੋਕਾਂ 'ਤੇ ਅਤਿਆਚਾਰ ਕਰਨ ਤੋਂ ਇਲਾਵਾ ਪ੍ਰੈੱਸ ਨੂੰ ਸੈਂਸਰ ਕੀਤਾ ਗਿਆ। ਆਪਣੇ ਸਵਾਰਥੀ ਹਿਤਾਂ ਲਈ ਨਿੱਜੀ ਮੀਡੀਆ ਅਦਾਰਿਆਂ ਅਤੇ ਦੂਰਦਰਸ਼ਨ ਦੀ ਦੁਰਵਰਤੋਂ ਕੀਤੀ ।

ਆਰ ਐਸ ਐਸ ਅਤੇ ਜਮਾਤ ਏ ਇਸਲਾਮ 'ਤੇ ਪਾਬੰਦੀਆਂ ਲਗਾਈਆਂ ਗਈਆਂ। ਵਿਦੇਸ਼ੀ ਮੁਦਰਾ ਦੀ ਸੰਭਾਲ ਅਤੇ ਤਸਕਰੀ ਗਤੀਵਿਧੀਆਂ ਦੀ ਰੋਕਥਾਮ ਐਕਟ 1974 ਦੀ ਵਰਤੋਂ ਵਿਰੋਧੀਆਂ ਨੂੰ ਨਿਸ਼ਾਨਾ ਬਣਾਉਣ ਲਈ ਕੀਤੀ ਗਈ। ਅੰਦਰੂਨੀ ਸੁਰੱਖਿਆ ਕਾਨੂੰਨ (ਮੀਸਾ) ਦੇ ਤਹਿਤ ਜੈ ਪ੍ਰਕਾਸ਼ ਨਰਾਇਣ, ਜਨ ਸੰਘ ਦੇ ਨੇਤਾ ਅਟੱਲ ਬਿਹਾਰੀ ਵਾਜਪਾਈ, ਲਾਲ ਕਿਸ਼ਨ ਅਡਵਾਨੀ,ਮੁਲਾਇਮ ਸਿੰਘ ਯਾਦਵ, ਰਾਜ ਨਰਾਇਣ, ਜਾਰਜ ਫਰਨਾਂਡਿਜ਼, ਚਰਨ ਸਿੰਘ, ਮੁਰਾਰਜੀ ਦੇਸਾਈ ਆਦਿ ਅਨੇਕਾਂ ਨੇਤਾ ਜੇਲ੍ਹਾਂ 'ਚ ਬੰਦ ਕੀਤੇ ਗਏ। ਉੱਥੇ ਹੀ ਅਰੁਣ ਜੇਤਲੀ ਅਤੇ ਲਾਲੂ ਪ੍ਰਸਾਦ ਯਾਦਵ ਵਰਗੇ ਵਿਦਿਆਰਥੀ ਨੇਤਾਵਾਂ ਨੂੰ ਵੀ ਨਜ਼ਰਬੰਦ ਕਰ ਲਏ ਗਏ। ਬਿਨਾ ਕਿਸੇ ਦੋਸ਼ ਜਾਂ ਪਰਿਵਾਰ ਨੂੰ ਸੂਚਿਤ ਕੀਤੇ ਬਿਨਾ ਗ੍ਰਿਫ਼ਤਾਰੀਆਂ ਹੀ ਨਹੀਂ ਕੀਤੀਆਂ ਗਈਆਂ, ਕੈਦੀਆਂ ਨਾਲ ਦੁਰਵਿਵਹਾਰ ਵੀ ਕੀਤਾ ਗਿਆ।

ਐਮਰਜੈਂਸੀ ਦੇ ਵਿਰੁੱਧ ਸਿੱਖ ਲੀਡਰਸ਼ਿਪ ਨੇ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਅਗਵਾਈ 'ਚ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਮੋਰਚਾ ਚਲਾਇਆ ਅਤੇ ਸ. ਪ੍ਰਕਾਸ਼ ਸਿੰਘ ਬਾਦਲ ਵਰਗੇ ਵੱਡੇ ਨੇਤਾਵਾਂ ਸਮੇਤ 40 ਹਜ਼ਾਰ ਤੋਂ ਵਧ ਕਾਰਕੁਨਾਂ ਨੇ ਗ੍ਰਿਫ਼ਤਾਰੀ ਦਿੱਤੀ। ਉਸ ਵਕਤ ਦਮਦਮੀ ਟਕਸਾਲ ਦੇ 13ਵੇਂ ਮੁਖੀ ਸੰਤ ਕਰਤਾਰ ਸਿੰਘ ਭਿੰਡਰਾਂਵਾਲਿਆਂ ਵੱਲੋਂ ਐਮਰਜੈਂਸੀ ਦੇ ਨਿਯਮਾਂ ਦੀ ਉਲੰਘਣਾ ਕਰਨ ਵਾਲੇ 37 ਵੱਡੇ ਧਾਰਮਿਕ ਜਲੂਸ ਕੱਢੇ ਸਨ। ਆਮ ਲੋਕਾਂ ਦੀ ਨਿੱਜੀ ਅਧਿਕਾਰਾਂ ਦਾ ਹਨਨ ਕਰਦਿਆਂ ਆਬਾਦੀ ਦੇ ਵਾਧੇ ਨੂੰ ਰੋਕਣ ਦੇ ਨਾਮ ਹੇਠ 8.3 ਕਰੋੜ ਲੋਕਾਂ ਦੀ ਜ਼ਬਰਦਸਤੀ ਨਸਬੰਦੀ ਕੀਤੀ ਗਈ। ਦਿਲੀ 'ਚ ਗ਼ਰੀਬ ਲੋਕਾਂ ਦੀਆਂ ਝੁੱਗੀਆਂ ਢਾਹੁਣ ਕਾਰਨ 7 ਲੱਖ ਲੋਕ ਬੇਘਰ ਹੋ ਗਏ।

ਯਕੀਨਨ 1975 ਦੀ ਐਮਰਜੈਂਸੀ ਭਾਰਤੀ ਲੋਕਤੰਤਰ 'ਚ ਇਕ ਕਾਲਾ ਦੌਰ ਸੀ। ਜਿਸ ਨੂੰ ਕਿਸੇ ਵੀ ਕੀਮਤ 'ਤੇ ਭੁਲਾਇਆ ਨਹੀਂ ਜਾ ਸਕਦਾ। ਜਿੱਥੇ ਰਾਜਸੀ ਸਵਾਰਥ ਲਈ ਲੋਕਤੰਤਰ ਨੂੰ ਹਾਈਜੈੱਕ ਕੀਤਾ ਗਿਆ ਅਤੇ ਅਸਹਿਮਤੀ ਨੂੰ ਬਲ ਪੂਰਵਕ ਦਬਾਇਆ ਗਿਆ। ਬੁਨਿਆਦੀ ਅਧਿਕਾਰਾਂ ਨੂੰ ਮੁਅੱਤਲ ਕਰਕੇ ਨਾਗਰਿਕ ਸੁਤੰਤਰਤਾ ਦਾ ਖ਼ਾਤਮਾ ਅਤੇ ਮਨੁੱਖੀ ਅਧਿਕਾਰਾਂ ਦੀ ਘੋਰ ਉਲੰਘਣਾ ਕੀਤੀ ਗਈ। ਪ੍ਰੈੱਸ ਨੂੰ ਦਮਨਕਾਰੀ ਹੱਦ ਤੱਕ ਸੈਂਸਰ ਕੀਤਾ ਗਿਆ।

ਪੰਜਾਬ ਦੀ ਰਾਜਨੀਤੀ 'ਚ ਸਭ ਤੋਂ ਵੱਧ ਚਰਚਿਤ ਅਤੇ ਵਿਵਾਦਿਤ ਸਤਲੁਜ ਯਮੁਨਾ ਲਿੰਕ (ਸ਼ੈ.ਲ) ਦਾ ਮੁੱਦਾ ਵੀ ਇਸੇ ਦੌਰ ਦੀ ਦੇਣ ਹੈ। ਜਿਸ ਨੇ 1980 ਦੇ ਦਹਾਕੇ ਦੌਰਾਨ ਸ਼ੁਰੂ ਹੋਈ ਪੰਜਾਬ ਦੀ ਤ੍ਰਾਸਦੀ ਦਾ ਮੁੱਢ ਬੰਨ੍ਹਿਆ। ਇਹ ਕਾਂਗਰਸ ਪਾਰਟੀ ਦੀ ਪੰਜਾਬ ਨੂੰ ਕਮਜ਼ੋਰ ਕਰਨ ਅਤੇ ਵੰਡ ਪਾਊ ਰਾਜਨੀਤੀ ਤਹਿਤ ਪ੍ਰਧਾਨ ਮੰਤਰੀ ਸ਼੍ਰੀਮਤੀ ਇੰਦਰਾ ਗਾਂਧੀ ਵੱਲੋਂ ਐਮਰਜੈਂਸੀ ਦੌਰਾਨ ਕੇਂਦਰੀ ਕ੍ਰਿਸ਼ੀ ਅਤੇ ਸਿੰਚਾਈ ਵਿਭਾਗ ਦੁਆਰਾ ਪੰਜਾਬ ਦੇ ਦਰਿਆਈ ਪਾਣੀਆਂ ਦੀ ਅਣ ਉਚਿਤ ਵੰਡ ਬਾਰੇ ਜਾਰੀ ਇਕ ਨੋਟੀਫ਼ਿਕੇਸ਼ਨ ਸੀ।

ਐਮਰਜੈਂਸੀ ਬਾਰੇ ਸੁਪਰੀਮ ਕੋਰਟ ਦੇ ਜਸਟਿਸ ਸੰਜੇ ਕ੍ਰਿਸ਼ਨ ਕੌਲ ਦੀ ਅਗਵਾਈ ਵਾਲੇ ਬੈਂਚ ਨੇ 14 ਦਸੰਬਰ 2020 ਨੂੰ ਇਕ ਫ਼ੈਸਲੇ 'ਚ ਇਸ ਨੂੰ ਦੇਸ਼ ਲਈ ਬੇਲੋੜਾ ਕਰਾਰ ਦਿੱਤਾ ਸੀ। ਅਜ਼ਾਦ ਭਾਰਤ ਦੇ ਇਤਿਹਾਸ ਦੇ ਸਭ ਤੋਂ ਵਿਵਾਦਪੂਰਨ ਦੌਰ ਵਿਚੋਂ ਇਕ ਉਕਤ ਐਮਰਜੈਂਸੀ ਦੌਰਾਨ ਸ੍ਰੀਮਤੀ ਇੰਦਰਾ ਗਾਂਧੀ ਵੱਲੋਂ ਸੰਵਿਧਾਨਕ ਸ਼ਕਤੀਆਂ ਦੀ ਖੁੱਲ ਕੇ ਦੁਰਵਰਤੋਂ ਕੀਤੀ ਗਈ। ਸਭ ਤੋਂ ਪ੍ਰੇਸ਼ਾਨ ਕਰਨ ਵਾਲਾ ਪਹਿਲੂ ਤਾਂ ਵਿਰੋਧੀ ਧਿਰ ਦੇ ਨੇਤਾਵਾਂ ਦੀ ਕੈਦ, ਨਾਗਰਿਕ ਸੁਤੰਤਰਤਾ ਦੀ ਪੂਰੀ ਤਰ੍ਹਾਂ ਮੁਅੱਤਲੀ, ਮੌਲਿਕ ਅਧਿਕਾਰਾਂ ਦੀ ਕਟੌਤੀ, ਸੈਂਸਰਸ਼ਿਪ ਸਮੇਤ ਪ੍ਰੈੱਸ ਦੀ ਆਜ਼ਾਦੀ 'ਤੇ ਸਖ਼ਤ ਪਾਬੰਦੀਆਂ, ਅਤੇ ਇੰਦਰਾ ਗਾਂਧੀ ਦੀ ਅਗਵਾਈ ਵਾਲੀ ਤਾਨਾਸ਼ਾਹੀ ਹੱਥਾਂ ਵਿੱਚ ਸੱਤਾ ਦਾ ਕੇਂਦਰੀਕਰਨ ਸੀ। ਲੋਕਤੰਤਰ ਨੂੰ ਲਿਤਾੜਨ ਦੀ ਕਾਂਗਰਸ ਦੀ ਉਕਤ ਫਾਸ਼ੀਵਾਦੀ ਰੁਝਾਨ ਅੱਜ ਵੀ ਲੋਕ ਮਨਾਂ ਤੇ ਸਿਮ੍ਰਿਤੀਆਂ 'ਚ ਸਾਂਭਿਆ ਪਿਆ ਹੈ। ਕਿੰਨੀ ਹੈਰਾਨੀ ਦੀ ਗਲ ਹੈ ਕਿ ਐਮਰਜੈਂਸੀ ਰਾਹੀਂ ਲੋਕਤੰਤਰ ਦਾ ਗੱਲਾ ਘੁਟਣ ਵਾਲੀ ਕਾਂਗਰਸ ਅੱਜ ਭਾਰਤੀ ਜਨਤਾ ਪਾਰਟੀ ਨੂੰ ਲੋਕਤੰਤਰ ਦਾ ਸਬਕ ਸਿਖਾਉਣ ਤੁਰੀ ਹੈ। ਕਿੰਨਾ ਕੁਝ ਦੇ ਬਾਵਜੂਦ ਅੱਜ ਕਾਂਗਰਸ ਲੋਕਤੰਤਰ ਦੀ ਰੱਖਿਅਕ ਵਜੋਂ ਆਪਣੀ ਦੋਗਲੀ ਗੱਲ ਪ੍ਰਭਾਵਸ਼ਾਲੀ ਢੰਗ ਨਾਲ ਕਰਦੀ ਹੈ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਫਾਸ਼ੀਵਾਦੀ ਕਿਹਾ ਜਾ ਰਿਹਾ ਹੈ। ਹਾਲੀਆ ਲੋਕ ਸਭਾ ਚੋਣ ਪ੍ਰਚਾਰ ਦੌਰਾਨ ਕਾਂਗਰਸ ਅਤੇ ਇੰਡੀ ਗੱਠਜੋੜ ਵੱਲੋਂ ਗ਼ਲਤ ਜਾਣਕਾਰੀ, ਡਰ ਅਤੇ ਸ਼ੰਕੇ ਫੈਲਾ ਕੇ ਕਾਂਗਰਸ ਵੱਲੋਂ ਅਤੀਤ ਦੌਰਾਨ ਕੀਤੇ ਕਾਰਿਆਂ ਨੂੰ ਲੋਕਾਂ ਦੀ ਜਨਤਕ ਯਾਦਦਾਸ਼ਤ ਵਿਚੋਂ ਮਿਟਾਉਣ ਦੀ ਕੋਸ਼ਿਸ਼ ਕੀਤੀ ਗਈ। ਸਿਆਸੀ ਸਵਾਰਥ ਪੂਰਤੀ ਲਈ ਐਮਰਜੈਂਸੀ ਦੌਰਾਨ ਭਾਰਤੀ ਸੰਵਿਧਾਨ 'ਚ 39 ਵੀਂ ਸੋਧ ਕਰਨ ਵਾਲੀ ਕਾਂਗਰਸ ਵੱਲੋਂ ਭਾਜਪਾ ਉੱਤੇ ਸੰਵਿਧਾਨ ਨੂੰ ਖ਼ਤਮ ਕਰਨ ਦੇ ਬੇਬੁਨਿਆਦ ਅਤੇ ਗੁਮਰਾਹਕੁਨ ਦੋਸ਼ ਲਾ ਕੇ ਦੇਸ਼ ਵਿਚ ਇਕ ਅਵਿਸ਼ਵਾਸ ਦਾ ਮਾਹੌਲ ਅਤੇ ਬਿਰਤਾਂਤ ਸਿਰਜਣ ਦੀ ਵੀ ਪੂਰੀ ਕੋਸ਼ਿਸ਼ ਕੀਤੀ ਗਈ। ਜੋ ਕਿ ਇਹ ਭਾਰਤੀ ਸਿਹਤਮੰਦ ਲੋਕਤੰਤਰ ਅਤੇ ਸਮਾਜ ਦੋਵਾਂ ਲਈ ਇੱਕ ਖ਼ਤਰਨਾਕ ਅਤੇ ਚਿੰਤਾਜਨਕ ਵਰਤਾਰਾ ਹੈ। ਐਮਰਜੈਂਸੀ ਦੇ ਦੌਰ 'ਚ ਅਸੀਂ ਇਹ ਦੇਖ ਚੁੱਕੇ ਹਾਂ ਕਿ ਇੰਦਰਾ ਗਾਂਧੀ ਨੇ ਸ਼ਾਸਨ 'ਤੇ ਪੂਰਾ ਨਿਯੰਤਰਨ ਪ੍ਰਾਪਤ ਕਰ ਲਿਆ ਸੀ। ਉਹ ਨਿਰੰਕੁਸ਼ ਸ਼ਾਸਨ ਕਾਇਮ ਕਰਨ ਦੇ ਰਾਹ ਪੈ ਚੁੱਕੀ ਸੀ। ਸਰਕਾਰ ਦੀ ਸ਼ਕਤੀ ਕੈਬਨਿਟ ਦੀ ਬਜਾਏ ਪ੍ਰਧਾਨ ਮੰਤਰੀ ਸਕੱਤਰੇਤ ਦੇ ਅਧੀਨ ਕਰ ਲਈ ਗਈ। ਗਾਂਧੀ ਪਰਿਵਾਰ ਪ੍ਰਤੀ ਵਫ਼ਾਦਾਰੀ ਨੂੰ ਰਾਜਨੀਤੀ 'ਚ ਪ੍ਰਸੰਗਿਕ ਬਣਾ ਲਿਆ ਗਿਆ ਸੀ। ਅੱਜ ਵੀ ਇਹ ਮਾਡਲ ਗੈਰ ਭਾਜਪਾ ਅਤੇ ਕਾਂਗਰਸ 'ਚ ਕੰਮ ਕਰ ਰਿਹਾ ਹੈ। ਇਹੀ ਕਾਰਨ ਹੈ ਕਿ ਭਾਰਤ ਨੂੰ ਵੰਸ਼ਵਾਦੀ ਰਾਜਨੀਤਿਕ ਪਾਰਟੀਆਂ ਤੋਂ ਵੱਡਾ ਖ਼ਤਰਾ ਹੈ। ਜਦੋਂ ਇਕ ਪਰਿਵਾਰ ਕਿਸੇ ਪਾਰਟੀ 'ਤੇ ਹਾਵੀ ਹੁੰਦਾ ਹੈ, ਤਾਂ ਸਭ ਤੋਂ ਪਹਿਲਾਂ ਨੁਕਸਾਨ ਪ੍ਰਤਿਭਾ ਦਾ ਹੁੰਦਾ ਹੈ। ਦੇਸ਼ ਸਾਲਾਂ ਤੋਂ ਇਹ ਨੁਕਸਾਨ ਝੱਲ ਰਿਹਾ ਹੈ। ਜੇਕਰ ਜਮਹੂਰੀਅਤ ਮਜ਼ਬੂਤ ਹੁੰਦੀ ਤਾਂ ਖੇਤਰੀ ਪਾੜਾ, ਐਮਰਜੈਂਸੀ, ਜਾਤੀ ਮਤਭੇਦ ਨਾ ਹੁੰਦੇ। ਸ੍ਰੀ ਦਰਬਾਰ ਸਾਹਿਬ 'ਤੇ ਹਮਲਾ ਨਾ ਹੁੰਦਾ ਅਤੇ ਨਾ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਢਹਿ ਢੇਰੀ ਕੀਤਾ ਜਾਂਦਾ। ਨਾ ਹੀ ਨਵੰਬਰ '84 'ਚ ਸਿੱਖ ਕਤਲੇਆਮ ਹੋਇਆ ਹੁੰਦਾ। ਮੈ ਸਮਝਦਾ ਹਾਂ ਕਿ ਲੋਕਤੰਤਰ ਦੇ ਸਿਧਾਂਤਾਂ ਤੇ ਕਦਰਾਂ ਕੀਮਤਾਂ ਨੂੰ ਕਾਇਮ ਰੱਖਣ ਲਈ ਜਮਹੂਰੀ ਸੰਸਥਾਵਾਂ ਦੀ ਅਖੰਡਤਾ ਨੂੰ ਮਜ਼ਬੂਤ ਕਰਨਾ ਜ਼ਰੂਰੀ ਹੈ। ਮੈਂ ਅੱਜ ਦੇ ਦਿਨ ਉਨ੍ਹਾਂ ਮਹਾਨ ਸ਼ਖ਼ਸੀਅਤਾਂ ਨੂੰ ਸ਼ਰਧਾਂਜਲੀ ਭੇਟ ਕਰਨਾ ਚਾਹੁੰਦਾ ਹਾਂ, ਜਿਨ੍ਹਾਂ ਨੇ ਇੰਦਰਾ ਗਾਂਧੀ ਦੁਆਰਾ ਲਾਈ ਗਈ ਐਮਰਜੈਂਸੀ ਦਾ ਜ਼ੋਰਦਾਰ ਵਿਰੋਧ ਕਰਦਿਆਂ ਲੋਕਤੰਤਰੀ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ ਕੰਮ ਕੀਤਾ। ਅੱਜ ਸਾਨੂੰ ਜਮਹੂਰੀਅਤ ਦੀ ਰੱਖਿਆ ਲਈ ਆਪਣੇ ਆਪ ਨੂੰ ਸਮਰਪਿਤ ਕਰਨ ਅਤੇ ਸੰਵਿਧਾਨ ਅਤੇ ਸੰਸਥਾਵਾਂ ਦੀ ਮਰਿਆਦਾ ਨੂੰ ਬਰਕਰਾਰ ਰੱਖਣ ਲਈ ਆਪਣੀ ਭੂਮਿਕਾ ਨਿਭਾਉਣ ਦਾ ਸੰਕਲਪ ਕਰਨ ਦੀ ਲੋੜ ਹੈ।





# ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ

HOPE
IMMIGRATION

*Where Hope Meets*

## IMMIGRATION OPPORTUNITIES

**USA SERVICES :**

- CITIZENSHIP
- GREEN CARD & PETITION
- AFFIDAVIT OF SUPPORT
- WORK PERMIT RENEW
- STUDENT VISA & TRANSFER
- TOURIST VISAS

**INDIAN SERVICES :**

- Passport
- VISA
- OCI CARD
- RENUNCIATION
- POWER OF ATTORNEY
- LEGAL DOCUMENTS ATTESTATIONS
- NOTARY SERVICES

**WE CAN HELP YOU WORK AND SETTLE IN COUNTRIES WORLDWIDE ALSO**

ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ **HOPE IMMIGRATION** ਕੋਲ ਆਓ

ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।



**ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630**

WEBSITE : www.hopeimmigration.net | Email : help@hopeimmigration.net

ਅਸੀਂ California State ਦੇ Bonded Immigration Consultant ਹਾਂ

ADDRESS : 2953 W CAPITOL AVE WEST SACRAMENTO, CA 95691

ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ


AAA
TRUCK WASH
ਕੈਲੀਫੋਰਨੀਆ ਦੀ ਕਿਸੇ ਵੀ ਲੋਕੇਸ਼ਨ ਤੇ ਜਾਓ
ਟਰੱਕ ਅਤੇ ਟ੍ਰੇਲਰ ਚਮਕਾਓ ਸਸਤੇ ਅਤੇ ਵਾਜਬ ਰੇਟਾਂ ਉੱਤੇ
Our Locations :-
Delhi | Merced | Madera | Santa Nella
Tracy | San Fransisco | Corning
Old Truck Stop Gemco Ripon Next to Flying J, Santos Ave ਦੇ ਉੱਤੇ
Truck Wash
WASH TRUCK
Find nearest Location & Hours
Call at 1800-405-9274 or visit our website for
credit application to open credit account with our company
ਸਾਡੀਆਂ ਰਿਪਨ ਵਾਲੀਆਂ ਲੋਕੇਸ਼ਨਾਂ ਤੇ ਅਸੀਂ ਟੈਂਕਰ ਜੋ ਕੇ food Grade ਹਨ
ਉਹਨਾਂ ਨੂੰ ਅੰਦਰੋਂ ਧੋਂਦੇ ਹਾਂ ਅਤੇ Certified ਕਰਦੇ ਅਤੇ ਕੋਸ਼ਰ ਵਾਸ਼ ਵੀ ਕਰਦੇ ਹਾਂ
Tire Shop, Repair Shop, Oil & Lube Shop available on our locations
Website:- www.aaatruckwash.com

WE HAVE THE CHEAPEST FARES TO INDIA

# LEGEND TRAVEL

arc accredited agency

CST # 207524-40

Special Fares To India From West-coast (us) On Air India Direct Flights



JATINDER SINGH



## LOWEST AIRFARES FROM USA TO INDIA

★Travel Insurance ★ Great last Minute Deals★ Offices in India

ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।

CALL US

## (510) 797-9010

USA OFFICE: 2450 PERALTA BLVD., STE 106-108,
FREMONT CA 94536 PH.: 510-797-9010

Website: www.legendamerica.net

Emirates | CATHAY PACIFIC | ASIANA AIRLINES | JET AIRWAYS | CHINA AIRLINES | BRITISH AIRWAYS | SINGAPORE AIRLINES | Lufthansa | ANA

## ਹਿੰਦੀ ਕਹਾਣੀ

# ਮੰਮੀ ਮੈਨੂੰ ਪਤਾ ਹੈ...

### ਮੂਲ: ਰਾਜੇਸ਼ ਕ਼ਦਮ



ਪ੍ਰੋ.ਨਵ ਸੰਗੀਤ ਸਿੰਘ
ਪੋਸਟਗ੍ਰੈਜੂਏਟ ਪੰਜਾਬੀ ਵਿਭਾਗ,
ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ
94176-92015.

"ਨੀਲੂ ਬੇਟਾ, ਲੈ ਦੁੱਧ ਪੀ ਲੈ।" ਸੁਮਨ ਨੇ ਨੀਲਿਮਾ ਨੂੰ ਪਿਆਰ ਨਾਲ ਪੁਚਕਾਰਦੇ ਹੋਏ ਕਿਹਾ।

"ਨਹੀਂ ਮੰਮਾ, ਮੈਂ ਅੱਜ ਦੁੱਧ ਨਹੀਂ ਪੀਵਾਂਗੀ।" ਨੀਲਿਮਾ ਨੇ ਜ਼ਬਰਦਸਤੀ ਸੁਮਨ ਦਾ ਹੱਥ ਪਰੇ ਧੱਕ ਦਿੱਤਾ।

"ਨੀਲੂ ਬੇਟਾ, ਜ਼ਿੱਦ ਨਾ ਕਰ, ਚੁੱਪਚਾਪ ਦੁੱਧ ਪੀ ਕੇ ਸੌਂ ਜਾ, ਸਵੇਰੇ ਸਕੂਲ ਜਾਣਾ ਹੈ।" ਸੁਮਨ ਨੇ ਨੀਲਿਮਾ ਨੂੰ ਹਲਕਾ ਜਿਹਾ ਝਿੜਕਦੇ ਹੋਏ ਕਿਹਾ।

"ਨਹੀਂ ਮੰਮਾ ਨਹੀਂ, ਪਲੀਜ਼, ਮੈਨੂੰ ਪ੍ਰੈੱਸ ਨਾ ਕਰੋ, ਨਹੀਂ ਤਾਂ ਮੈਂ ਰੋ ਪਵਾਂਗੀ। ਅੱਜ ਮੈਨੂੰ ਪਾਪਾ ਦੀ ਬਹੁਤ ਯਾਦ ਆ ਰਹੀ ਹੈ।" ਇਹ ਕਹਿ ਕੇ ਨੀਲਿਮਾ ਸੱਚਮੁੱਚ ਰੋਣ ਲੱਗ ਪਈ। ਕਾਫੀ ਦੇਰ ਤੱਕ ਨੀਲਿਮਾ ਸਿਰਹਾਣੇ ਨੂੰ ਦੋਹਾਂ ਹੱਥਾਂ ਵਿੱਚ ਘੁੱਟ ਕੇ ਰੋਂਦੀ ਰਹੀ।

ਨੀਲਿਮਾ ਨੂੰ ਇਸ ਤਰ੍ਹਾਂ ਰੋਂਦੇ ਦੇਖ ਕੇ ਸੁਮਨ ਦਾ ਦਿਲ ਵੀ ਘਬਰਾ ਗਿਆ। ਉਸ ਨੇ ਦੁੱਧ ਦਾ ਗਿਲਾਸ ਢਕ ਕੇ ਨੇੜੇ ਮੇਜ਼ 'ਤੇ ਰੱਖ ਦਿੱਤਾ ਅਤੇ ਨੀਲਿਮਾ ਨੂੰ ਚੁੱਪ ਕਰਵਾਉਣ ਦੀ ਕੋਸ਼ਿਸ਼ ਕਰਨ ਲੱਗੀ, "ਨਹੀਂ ਬੇਟਾ, ਰੋ ਨਾ। ਦੇਖ ਤੂੰ ਮੇਰੀ ਬਹਾਦਰ ਲਾਡੋ ਹੈਂ। ਕੀ ਬਹਾਦਰ ਬੱਚੇ ਕਿਤੇ ਰੋਂਦੇ ਹਨ?"

"ਪਰ ਮੰਮਾ, ਮੈਂ ਕੀ ਕਰਾਂ? ਮੈਨੂੰ ਪਾਪਾ ਦੀ ਯਾਦ ਭੁੱਲਦੀ ਹੀ ਨਹੀਂ, ਪਲੀਜ਼ ਮੈਨੂੰ ਪਾਪਾ ਨਾਲ ਮਿਲਾ ਦਿਓ...!" ਨੀਲਿਮਾ ਅਜੇ ਵੀ ਹਿਚਕੀਆਂ ਲੈ ਲੈ ਕੇ ਰੋ ਰਹੀ ਸੀ।

"ਨੀਲੂ, ਮੈਨੂੰ ਪਤਾ ਹੈ ਕਿ ਤੂੰ ਆਪਣੇ ਪਾਪਾ ਨੂੰ ਕਿੰਨਾ ਪਿਆਰ ਕਰਦੀ ਹੈਂ। ਯੈਸ, ਆਈ ਨੋਅ ਦੈਟ, ਬਟ ਵਟ ਕੈਨ ਆਈ ਡੂ...!"

ਨੀਲਿਮਾ ਰੋਂਦੀ-ਰੋਂਦੀ ਕਦੋਂ ਦੀ ਸੌਂ ਗਈ ਸੀ। ਪਰ ਸੁਮਨ ਅਜੇ ਵੀ ਨਮ ਅੱਖਾਂ ਨਾਲ ਉਸਨੂੰ ਦੇਖ ਰਹੀ ਸੀ। ਨੀਲਿਮਾ ਦੇ 'ਬਾਂਡ ਕੱਟ' ਵਾਲ ਉਸ ਦੇ ਮੱਥੇ 'ਤੇ ਖਿੱਲਰੇ ਹੋਏ ਸਨ, ਉਹ ਵਾਰ-ਵਾਰ ਪੱਖੇ ਦੀ ਹਵਾ ਨਾਲ ਟਕਰਾ ਕੇ ਨੀਲਿਮਾ ਦੀਆਂ ਅੱਖਾਂ ਵਿਚ ਦਾਖਲ ਹੋਣ ਦੀ ਅਸਫਲ ਕੋਸ਼ਿਸ਼ ਕਰ ਰਹੇ ਸਨ। ਸੁਮਨ ਨੂੰ ਅਜਿਹੇ ਵਾਲਾਂ ਤੋਂ ਸਖ਼ਤ ਨਫ਼ਰਤ ਹੈ। ਉਹਨੇ ਤਾਂ ਕਦੇ ਵੀ ਨੀਲਿਮਾ ਦੇ ਵਾਲ ਕੱਟਣ ਨਾ ਦਿੱਤੇ ਹੁੰਦੇ। ਕਿੰਨੀ ਪਿਆਰੀ ਲੱਗਦੀ ਸੀ ਨੀਲਿਮਾ ਉਦੋਂ, ਬਿਲਕੁਲ ਪਰੀ ਵਰਗੀ ਲੱਗਦੀ ਸੀ, ਜਦੋਂ ਉਹ ਆਪਣੀ ਪਸੰਦੀਦਾ ਚਿੱਟੇ ਮੋਤੀਆਂ ਅਤੇ ਗੋਟੇ ਜੜੀ ਫ਼ਰਾਕ ਪਹਿਨਦੀ ਸੀ। ਪਰ ਨੀਲਿਮਾ ਦੇ ਪਾਪਾ ਦੀ ਜ਼ਿੱਦ ਕਾਰਨ ਹੀ ਉਹਨੇ ਨੀਲਿਮਾ ਦੇ ਵਾਲ ਕਟਵਾਏ ਸਨ।

ਅਚਾਨਕ ਹੀ ਸੁਮਨ ਦਾ ਹੱਥ ਨੀਲਿਮਾ ਦੇ ਖਿੱਲਰੇ ਹੋਏ ਵਾਲਾਂ ਨੂੰ ਠੀਕ ਕਰਨ ਲਈ ਤਿਆਰ ਹੋ ਗਿਆ। ਨੀਲਿਮਾ ਦੇ ਵਾਲਾਂ ਨੂੰ ਸੰਵਾਰਦੇ ਹੋਏ ਸੁਮਨ ਬੁੜਬੁੜਾਈ ਸੀ, 'ਉਹੂੰ, ਹੁਣ ਮੈਂ ਨੀਲੂ ਦੇ ਵਾਲ ਕਦੇ ਨਹੀਂ ਕਟਵਾਵਾਂਗੀ, ਕਿੰਨੀ ਬਦਸੂਰਤ ਲੱਗਦੀ ਹੈ ਨੀਲੂ ਇਨ੍ਹਾਂ ਵਾਲਾਂ ਵਿੱਚ। ਨੀਲੂ ਨੂੰ ਖ਼ੁਸ਼ ਰੱਖਣ ਲਈ ਉਹਦੇ ਵਾਲ ਕੱਟਵਾਉਣੇ, ਉਸ ਦੇ 'ਬਰਥਡੇਅ' 'ਤੇ ਉਸ ਨੂੰ ਵੱਡੇ-ਵੱਡੇ ਤੋਹਫ਼ੇ ਦੇਣੇ ਅਤੇ ਸਾਰੀ ਉਮਰ ਮੇਰੇ ਨਾਲ ਰਹਿਣ ਦਾ ਵਾਅਦਾ ਕਰਨਾ, ਇਹ ਸਭ ਧੋਖਾ ਸੀ, ਹਿਮਾਂਸ਼ੂ ਦਾ ਅਤੇ ਹਿਮਾਂਸ਼ੂ ਦੇ ਇਸੇ ਧੋਖੇ ਵਿੱਚ ਫਸ ਗਈ ਸਾਂ ਮੈਂ।' ਘੰਟਿਆਂ ਬੱਧੀ ਬਿਸਤਰੇ 'ਤੇ ਪਾਸੇ ਮਾਰਦਿਆਂ ਹੀ ਸੁਮਨ ਨੂੰ ਨੀਂਦ ਆ ਸਕੀ ਸੀ।

ਰਾਤ ਨੂੰ ਦੇਰ ਨਾਲ ਸੌਣ ਕਾਰਨ ਸੁਮਨ ਸਵੇਰੇ ਦੇਰ ਨਾਲ ਉੱਠੀ। ਉੱਠਦੇ ਹੀ ਸੁਮਨ ਨੇ ਛੇਤੀ ਛੇਤੀ ਨੀਲਿਮਾ ਨੂੰ ਉਠਾਇਆ ਅਤੇ ਉਹਨੂੰ ਤਿਆਰ ਕਰਕੇ ਸਕੂਲ ਭੇਜ ਦਿੱਤਾ। ਸੁਮਨ ਨੇ ਆਪਣੇ ਲਈ ਹਲਕਾ ਜਿਹਾ ਨਾਸ਼ਤਾ ਤਿਆਰ ਕੀਤਾ ਸੀ, ਨਾਸ਼ਤਾ ਕਰਕੇ ਸੁਮਨ ਜਲਦੀ ਨਾਲ ਸਾਰਾ ਕੰਮ ਨਿਪਟਾ ਕੇ ਆਪਣੇ ਸਕੂਲ ਲਈ ਰਵਾਨਾ ਹੋ ਗਈ।

ਅਜਿਹਾ ਅਕਸਰ ਹੀ ਹੁੰਦਾ ਸੀ। ਹਾਲਾਂਕਿ ਘਰ ਵਿੱਚ ਦੋ ਹੀ ਜਣੇ ਸਨ, ਸੁਮਨ ਅਤੇ ਨੀਲਿਮਾ। ਪਰ ਜਦੋਂ ਤੋਂ ਹਿਮਾਂਸ਼ੂ ਸੁਮਨ ਤੋਂ ਵੱਖ ਹੋਇਆ ਹੈ, ਦੋਹਾਂ ਦੀ ਜ਼ਿੰਦਗੀ ਪੂਰੀ ਤਰ੍ਹਾਂ ਉਲਟ-ਪੁਲਟ ਹੋ ਗਈ ਹੈ। ਦਿੱਲੀ ਵਰਗੇ ਮਹਾਂਨਗਰ ਵਿੱਚ ਦੋਹਾਂ ਦੀ ਜ਼ਿੰਦਗੀ ਮਸ਼ੀਨ ਵਾਂਗ ਬਣ ਗਈ ਹੈ। ਨਾ ਸਮੇਂ ਸਿਰ ਖਾਣਾ, ਨਾ ਸਮੇਂ ਸਿਰ ਸੌਣਾ ਅਤੇ ਨਾ ਹੀ ਸਮੇਂ ਸਿਰ ਜਾਗਣਾ। ਫਿਰ ਮਾਨਸਿਕ ਪਰੇਸ਼ਾਨੀਆਂ ਅਤੇ ਤਣਾਅ ਕਾਰਨ ਦੋਵੇਂ ਇੱਕ-ਦੂਜੇ ਨੂੰ ਸਿਰਫ਼ ਖਾਮੋਸ਼ ਤਸੱਲੀ ਹੀ ਦੇ ਸਕਦੀਆਂ ਸਨ।

ਨੀਲਿਮਾ ਅਜੇ ਛੋਟੀ ਸੀ। ਪਰ, ਬੱਚੀ ਬਿਲਕੁਲ ਨਹੀਂ ਸੀ, ਉਹ ਸਭ ਕੁਝ ਸਮਝਦੀ ਸੀ। ਉਹ ਆਪਣੀ ਜ਼ਿੰਦਗੀ ਵਿੱਚ ਆਪਣੇ ਪਾਪਾ ਦੀ ਕਮੀ ਨੂੰ ਚੰਗੀ ਤਰ੍ਹਾਂ ਸਮਝਦੀ ਸੀ। ਪਾਪਾ ਲਈ ਮਾਂ ਦੇ ਦਿਲ ਵਿਚ ਵਧ ਰਹੀ ਇਕੱਲਤਾ ਅਤੇ ਖਾਲੀਪਣ ਨੂੰ ਵੀ ਉਹ ਲੁਕਛਿਪ ਕੇ ਵੇਖ ਲੈਂਦੀ ਸੀ। ਜਦੋਂ ਤੋਂ ਹਿਮਾਂਸ਼ੂ ਵੱਖ ਹੋਇਆ ਸੀ, ਸੁਮਨ ਨੂੰ ਆਪਣੇ ਅਤੇ ਨੀਲਿਮਾ ਦੇ ਗੁਜ਼ਾਰੇ ਲਈ ਦਰ-ਦਰ ਭਟਕਣਾ ਪਿਆ ਸੀ। ਅਤੇ ਫਿਰ ਕਿਤੇ ਜਾ ਕੇ ਸੁਮਨ ਨੂੰ ਇੱਕ 'ਕਾਨਵੈਂਟ' ਸਕੂਲ ਵਿੱਚ ਅਧਿਆਪਕ ਦੀ ਜੌਬ ਮਿਲੀ ਸੀ।

ਸਕੂਲ ਵਿੱਚ ਅਧਿਆਪਕ ਲੱਗਣ ਨਾਲ ਸੁਮਨ ਦਾ ਆਰਥਿਕ ਪਾੜਾ ਜ਼ਰੂਰ ਪੂਰਾ ਹੋ ਗਿਆ ਸੀ, ਪਰ ਹਿਮਾਂਸ਼ੂ ਦੀ ਗੈਰ-ਮੌਜੂਦਗੀ ਦਾ ਅਹਿਸਾਸ ਸੁਮਨ ਦੇ ਦਿਲ ਵਿੱਚ ਲਗਾਤਾਰ ਇੱਕ ਬੇਅੰਤ ਪਾੜਾ ਪੈਦਾ ਕਰ ਰਿਹਾ ਸੀ। ਉਂਜ ਤਾਂ ਕਈ ਲੋਕਾਂ ਨੇ ਸੁਮਨ ਨੂੰ ਦੂਜੇ ਵਿਆਹ ਦੀ ਸਲਾਹ ਦਿੱਤੀ ਸੀ ਅਤੇ ਸੁਮਨ ਖੁਦ ਵੀ ਇਹ ਚਾਹੁੰਦੀ ਸੀ। ਪਰ... 'ਲੋਕ ਕੀ ਕਹਿਣਗੇ' ਦਾ ਡਰ ਸੁਮਨ ਨੂੰ ਆਪਣੇ ਪੰਜਿਆਂ ਵਿੱਚ ਜਕੜ ਲੈਂਦਾ। ਅੰਦਰ ਕਿਤੇ ਨਾ ਕਿਤੇ ਕੋਈ ਅਦਿੱਖ ਦਰਦ ਸੀ ਜੋ ਸੁਮਨ ਨੂੰ ਅਜਿਹਾ ਕਰਨ ਤੋਂ ਰੋਕ ਰਿਹਾ ਸੀ। ਸੁਮਨ ਨੂੰ ਅਜੇ ਵੀ ਵਿਸ਼ਵਾਸ ਸੀ ਕਿ ਹਿਮਾਂਸ਼ੂ ਇੱਕ ਨਾ ਇੱਕ ਦਿਨ ਜ਼ਰੂਰ ਵਾਪਸ ਆ ਜਾਵੇਗਾ। ਅਤੇ ਇਹੋ ਸੋਚ-ਸੋਚ ਕੇ, ਸੁਮਨ ਆਪਣੀ ਜ਼ਿੰਦਗੀ ਦਾ ਹਰ ਹਿੱਸਾ, ਹਰ ਪਲ ਹਿਮਾਂਸ਼ੂ ਦੇ ਅਤੀਤ ਨਾਲ ਜੀਅ ਰਹੀ ਸੀ।

ਅੱਜ ਸੁਮਨ ਸਕੂਲੋਂ ਕੁਝ ਛੇਤੀ ਆ ਗਈ ਸੀ। ਸਿਰਦਰਦ ਸੀ, ਇਸੇ ਕਰਕੇ ਮਜਬੂਰਨ ਬੱਤਰਾ ਸਾਹਿਬ ਤੋਂ ਛੁੱਟੀ ਮੰਗਣੀ ਪਈ ਸੀ। ਉਂਜ ਤਾਂ ਬੱਤਰਾ ਸਾਹਿਬ ਬਹੁਤ 'ਸਟ੍ਰਿਕਟ ਸਰ' ਹਨ, ਕਿਸੇ ਨੂੰ ਛੇਤੀ ਕੀਤਿਆਂ ਛੁੱਟੀ ਨਹੀਂ ਦਿੰਦੇ ਪਰ ਕਿਉਂਕਿ ਸੁਮਨ ਨਾਂਹ ਦੇ ਬਰਾਬਰ ਹੀ ਛੁੱਟੀ ਲੈਂਦੀ ਸੀ, ਇਸੇ ਲਈ ਬੱਤਰਾ ਸਾਹਿਬ ਨੇ ਅੱਜ ਤੱਕ ਕਦੇ ਵੀ ਸੁਮਨ ਨੂੰ ਛੁੱਟੀ ਦੇਣ ਤੋਂ ਇਨਕਾਰ ਨਹੀਂ ਕੀਤਾ। ਅਤੇ ਵੈਸੇ ਵੀ, ਬੱਤਰਾ ਸਾਹਿਬ ਸੁਮਨ ਦੀ ਮਿਹਨਤ ਅਤੇ ਲਗਨ ਤੋਂ ਬਹੁਤ ਖ਼ੁਸ਼ ਸਨ। ਸੁਮਨ ਦੀ ਕਲਾਸ ਦੇ ਸਾਰੇ ਬੱਚੇ ਅਤੇ ਉਨ੍ਹਾਂ ਦੇ ਮਾਪੇ ਵੀ ਸੁਮਨ ਤੋਂ ਖ਼ੁਸ਼ ਸਨ।

ਸੁਮਨ ਨੇ ਸਕੂਲ ਤੋਂ ਵਾਪਸ ਆਉਂਦੇ ਸਮੇਂ ਰਾਹ ਵਿੱਚੋਂ ਹੀ ਦਵਾਈ ਲੈ ਲਈ ਸੀ। ਉਹ ਠੰਡੇ ਪਾਣੀ ਨਾਲ ਦਵਾਈ ਖਾ ਕੇ ਲੇਟ ਗਈ ਸੀ। ਕੁਝ ਦੇਰ ਬਾਅਦ ਜਦੋਂ ਉਹ ਜਾਗੀ ਤਾਂ ਉਸਨੇ ਖ਼ੁਦ ਨੂੰ ਬਹੁਤ ਹਲਕਾ ਅਤੇ ਤਰੋਤਾਜ਼ਾ ਮਹਿਸੂਸ ਕੀਤਾ।

ਨੀਲਿਮਾ ਦੇ ਸਕੂਲੋਂ ਪਰਤਣ ਦਾ ਸਮਾਂ ਹੋ ਰਿਹਾ ਸੀ, ਇਸ ਲਈ ਸੁਮਨ ਨੇ ਛੇਤੀ-ਛੇਤੀ ਉਸ ਲਈ ਖਾਣਾ ਬਣਾਇਆ। ਪੂਰੀ, ਕਚੌਰੀ, ਸਬਜ਼ੀ, ਰਾਇਤਾ ਅਤੇ ਨੀਲਿਮਾ ਦੀ ਮਨਪਸੰਦ ਕਾਜੂ ਵਾਲੀ ਖੀਰ ਵੀ ਤਿਆਰ ਕੀਤੀ ਸੀ ਸੁਮਨ ਨੇ। ਕਿੰਨੇ ਦਿਨ ਹੋ ਗਏ ਨੀਲਿਮਾ ਨੂੰ ਜੀਅ ਭਰ ਕੇ ਪਿਆਰ ਕੀਤਿਆਂ। ਇੰਝ ਜਾਪਦਾ ਸੀ ਜਿਵੇਂ ਸੁਮਨ ਰੋਜ਼ਾਨਾ ਮਾਨਸਿਕ ਤਣਾਅ ਅਤੇ ਉਦਾਸੀ ਕਾਰਨ ਨੀਲਿਮਾ ਨੂੰ ਘੁੱਟਣ, ਨਿਘਾਰ ਅਤੇ ਲਗਾਤਾਰ ਕਮੀ ਦੀ ਘੁੱਟ ਪਿਲਾ ਰਹੀ ਹੋਵੇ। ਕਦੇ-ਕਦੇ ਤਾਂ ਸੁਮਨ ਨੀਲਿਮਾ ਨੂੰ ਹਾਸੇ, ਮਜ਼ਾਕ ਜਾਂ ਪਿਆਰ ਦੇ ਦੋ ਬੋਲ ਵੀ ਨਹੀਂ ਕਹਿ ਸਕਦੀ ਸੀ, ਇਸ ਗੱਲ ਦਾ ਲਗਾਤਾਰ ਅਹਿਸਾਸ ਸੁਮਨ ਨੂੰ ਤੜਪਾਉਂਦਾ ਰਹਿੰਦਾ ਸੀ, ਜਿਸਦੀ ਪੀੜ ਨਾਲ ਸੁਮਨ ਤੜਪ ਕੇ ਰਹਿ ਜਾਂਦੀ ਸੀ। ਇਸੇ ਲਈ ਤਾਂ ਅੱਜ ਸੁਮਨ ਨੇ ਪੱਕਾ ਫੈਸਲਾ ਕਰ ਲਿਆ ਸੀ ਕਿ ਹੁਣ ਉਹ ਨੀਲਿਮਾ ਨੂੰ ਆਪਣੇ ਦੁੱਖ ਵਿੱਚ ਸ਼ਾਮਲ ਨਹੀਂ ਕਰੇਗੀ। ਉਸ ਨੂੰ ਇੱਕ ਸੁਨਹਿਰੀ ਅਤੇ ਖੁਸ਼ਹਾਲ ਭਲਕ ਦਾ ਸੁਪਨਾ ਦਿਖਾਏਗੀ।

"ਮੰਮੀ, ਛੇਤੀ ਛੇਤੀ ਖਾਣਾ ਲੈ ਆਓ, ਭੁੱਖ ਲੱਗੀ ਹੈ।" ਨੀਲਿਮਾ ਨੇ ਚਮਚੇ ਨਾਲ ਪਲੇਟ ਖੜਕਾਉਂਦਿਆਂ ਮੰਮੀ ਨੂੰ ਆਵਾਜ਼ ਮਾਰੀ।

"ਨੀਲੂ ਬੇਟਾ, ਦੱਸ, ਅੱਜ ਮੈਂ ਆਪਣੀ ਪਿਆਰੀ ਲਾਡੋ ਲਈ ਕੀ ਬਣਾਇਆ ਹੈ?" ਸੁਮਨ ਨੇ ਮੇਜ਼ 'ਤੇ ਖਾਣਾ ਰੱਖਦਿਆਂ ਨੀਲਿਮਾ ਨੂੰ ਪੁੱਛਿਆ।

"ਤੁਸੀਂ ਉਹੀ ਸਬਜ਼ੀ-ਰੋਟੀ ਬਣਾਈ ਹੋਵੇਗੀ, ਹੋਰ ਕੀ!" ਨੀਲਿਮਾ ਨੇ ਮੂੰਹ ਬਣਾਉਂਦਿਆਂ ਬੱਚਿਆਂ ਵਰਗੀ ਚੰਚਲਤਾ ਨਾਲ ਕਿਹਾ।

"ਨ...ਹੀਂ, ਅੱਜ ਮੈਂ ਪੂਰੀ, ਕਚੌਰੀ, ਸਬਜ਼ੀ, ਰਾਇਤਾ, ਸਲਾਦ ਅਤੇ ਆਪਣੀ ਰਾਣੀ ਬੇਟੀ ਦੀ ਮਨਪਸੰਦ 'ਖੀਰ' ਵੀ ਬਣਾਈ ਹੈ। ਅੱਜ ਮੈਂ ਆਪਣੇ ਹੱਥਾਂ ਨਾਲ ਆਪਣੀ ਲਾਡੋ ਨੂੰ ਖਾਣਾ ਖੁਆਵਾਂਗੀ।"

"ਓ ਮਾਈ ਸਵੀਟ ਮੰਮਾ... ਮੇਰੀ ਪਿਆਰੀ ਮੰਮੀ... ਤੁਸੀਂ ਕਿੰਨੇ ਚੰਗੇ ਹੋ।" ਨੀਲਿਮਾ ਨੇ ਆਪਣੀ ਗੱਲ ਖਤਮ ਕਰਦਿਆਂ ਹੀ ਸੁਮਨ ਦੀਆਂ ਗੱਲ੍ਹਾਂ ਤੇ ਪਾਰੀਆਂ ਕਰਨੀਆਂ ਸ਼ੁਰੂ ਕਰ ਦਿੱਤੀਆਂ।

ਖਾਣਾ ਖਾਣ ਪਿੱਛੋਂ ਨੀਲਿਮਾ ਆਪਣਾ 'ਹੋਮਵਰਕ' ਕਰਨ ਬੈਠ ਗਈ ਅਤੇ ਸੁਮਨ ਇੱਕ ਮੈਗਜ਼ੀਨ ਚੁੱਕ ਕੇ ਪੜ੍ਹਨ ਲੱਗ ਪਈ। 'ਹੋਮਵਰਕ' ਖਤਮ ਕਰਨ ਪਿੱਛੋਂ, ਨੀਲਿਮਾ ਨੇ ਆਪਣੀਆਂ ਨੋਟਬੁੱਕਸ ਇਕੱਠੀਆਂ ਕਰਕੇ ਇਕ ਪਾਸੇ ਰੱਖ ਦਿੱਤੀਆਂ।

ਹੁਣ ਉਹ ਬੈਠ ਕੇ ਆਪਣੀਆਂ ਅੰਗਰੇਜ਼ੀ ਦੀਆਂ ਪੋਇਮਜ਼ ਯਾਦ ਲੱਗ ਪਈ ਸੀ। ਪੜ੍ਹਦਿਆਂ-ਪੜ੍ਹਦਿਆਂ ਨੀਲਿਮਾ ਬਿਲਕੁਲ ਚੁੱਪ ਹੋ ਗਈ ਸੀ। ਉਸਦੀਆਂ ਵੱਡੀਆਂ-ਵੱਡੀਆਂ ਅਤੇ ਕਾਲੀਆਂ ਅੱਖਾਂ ਮੈਗਜ਼ੀਨ ਵਿੱਚ ਗੁਆਚੀ ਸੁਮਨ 'ਤੇ ਰੁਕ ਗਈਆਂ, "ਮੰਮੀ, ਇਹ ਦੂਜੀ ਔਰਤ ਕੌਣ ਹੁੰਦੀ ਹੈ? ਪਾਪਾ ਕਿਸੇ ਹੋਰ ਔਰਤ ਕੋਲ ਕਿਉਂ ਚਲੇ ਗਏ ਹਨ?" ਨੀਲਿਮਾ ਨੇ ਅਚਾਨਕ ਆਪਣੀ ਮਾਸੂਮੀਅਤ ਵਿੱਚ ਸੁਮਨ ਨੂੰ ਇੱਕ ਸਵਾਲ ਪੁੱਛਿਆ ਸੀ।

"ਨੀਲੂ, ਤੂੰ ਪੜ੍ਹਾਈ ਕਰ ਰਹੀ ਹੈਂ ਜਾਂ ਅਜਿਹੀਆਂ 'ਸੈਂਸਲੈੱਸ' ਗੱਲਾਂ ਬਾਰੇ ਸੋਚ ਰਹੀ ਹੈਂ? ਤੈਨੂੰ ਕਿਸਨੇ ਕਿਹਾ ਕਿ ਤੇਰੇ ਪਾਪਾ...?"

"ਨਹੀਂ ਮੰਮੀ, ਉਹ ਮੇਰਾ ਦੋਸਤ ਹੈ ਨਾ ਉਤਕਰਸ਼! ਉਹ ਮੇਰੀ ਕਲਾਸ ਵਿੱਚ ਪੜ੍ਹਦਾ ਹੈ। ਉਤਕਰਸ਼ ਨੇ ਮੈਨੂੰ ਦੱਸਿਆ ਸੀ ਕਿ ਉਸਦੇ ਡੈਡੀ ਕਿਸੇ ਹੋਰ ਔਰਤ ਕੋਲ ਚਲੇ ਗਏ ਸਨ। ਫਿਰ ਉਸਦੀ ਮੰਮੀ ਨੇ ਦੂਸਰੀ ਮੈਰਿਜ ਕਰ ਲਈ ਸੀ, ਅਤੇ ਫਿਰ ਜਦੋਂ ਉਸਦੇ ਨਵੇਂ ਪਾਪਾ ਆਏ ਤਾਂ ਨਾਲ ਹੀ ਕੁਝ ਦਿਨਾਂ ਬਾਅਦ ਉਸਦੀ ਇੱਕ ਛੋਟੀ ਭੈਣ ਵੀ ਆ ਗਈ ਸੀ। ਛੋਟੀ ਭੈਣ ਦੇ ਆ ਜਾਣ ਤੇ ਉਤਕਰਸ਼ ਦੇ ਨਵੇਂ ਪਾਪਾ ਭੈਣ ਨੂੰ ਤਾਂ ਖ਼ੂਬ ਪਿਆਰ ਕਰਦੇ ਹਨ ਅਤੇ ਉਤਕਰਸ਼ ਨੂੰ ਕਦੇ ਪਿਆਰ ਨਹੀਂ ਕਰਦੇ। ਉਤਕਰਸ਼ ਦੇ ਨਵੇਂ ਪਾਪਾ ਉਹਨੂੰ ਮਾਰਦੇ ਵੀ ਹਨ। ਅਤੇ ..." ਬਾਕੀ ਦੀ ਗੱਲਬਾਤ ਨੀਲਿਮਾ ਨੇ ਨਰਮ ਹੰਝੂਆਂ ਨਾਲ ਜਾਰੀ ਰੱਖੀ ਸੀ, ਜੋ ਲਗਾਤਾਰ ਅਣਕਹੀ ਹੀ ਰਹੀ ਸੀ।

"ਨੀਲੂ... ਨੀ...ਲੂ..., ਚੁੱਪ ਕਰ। ਅੱਜ ਤੂੰ ਇਸ ਤਰ੍ਹਾਂ ਦੀਆਂ ਗੱਲਾਂ ਕਿਉਂ ਕਰ ਰਹੀ ਹੈਂ? ਖ਼ਬਰਦਾਰ ਨੀਲੂ, ਜੋ ਕਦੇ ਤੇਰੇ ਮੂੰਹੋਂ ਫ਼ੇਰ ਇਹੋ ਜਿਹੇ ਲਫ਼ਜ਼ ਨਿਕਲੇ। ਚੁੱਪਚਾਪ ਆਪਣੀ ਪੜ੍ਹਾਈ ਕਰ। ਕੋਈ ਜ਼ਰੂਰਤ ਨਹੀਂ ਤੈਨੂੰ ਇਧਰ-ਉਧਰ ਦੀਆਂ ਫ਼ਾਲਤੂ ਗੱਲਾਂ ਸੋਚਣ-ਸਮਝਣ ਦੀ।" ਨੀਲਿਮਾ ਦੀਆਂ ਗੱਲਾਂ ਸੁਣ ਕੇ ਸੁਮਨ ਆਪਣੇ-ਆਪ 'ਤੇ ਕਾਬੂ ਨਾ ਰੱਖ ਸਕੀ ਅਤੇ ਭਰੇ ਹੋਏ ਬੱਦਲਾਂ ਵਾਂਗ ਨੀਲਿਮਾ 'ਤੇ ਵਰ੍ਹ ਪਈਆਂ।

ਸੁਮਨ ਦੀ ਡਾਂਟ ਸੁਣ ਕੇ ਨੀਲਿਮਾ ਅੰਦਰ ਤੱਕ ਕੰਬ ਗਈ ਸੀ ਅਤੇ ਫਿਰ ਸਹਿਮ ਕੇ ਆਪਣੀਆਂ ਕਾਪੀਆਂ-ਕਿਤਾਬਾਂ ਵਿੱਚ ਖੁੱਭ ਗਈ ਸੀ।

ਅਗਲੀ ਸਵੇਰ, ਕਿਉਂਕਿ ਐਤਵਾਰ ਸੀ, ਸੁਮਨ ਥੋੜ੍ਹੀ ਦੇਰ ਨਾਲ ਉੱਠੀ। ਧੁੱਪ ਰੌਸ਼ਨਦਾਨ ਵਿੱਚੋਂ ਅੰਦਰ ਆ ਰਹੀ ਸੀ। ਸੁਮਨ ਖ਼ੁਸ਼ਗਵਾਰ ਅੰਗੜਾਈ ਲੈ ਕੇ ਜਾਗ ਪਈ। ਅਚਾਨਕ ਉਸ ਦੀ ਨਜ਼ਰ ਸਾਹਮਣੇ ਕੰਧ 'ਤੇ ਰੰਗਦਾਰ ਚਾਕ ਨਾਲ ਲਿਖੀ ਲਿਖਤ 'ਤੇ ਪਈ, ਜਿਸ ਨਾਲ ਉਸ ਦਾ ਚਿਹਰਾ ਲਾਲ ਹੋ ਗਿਆ, 'ਬੱਤਰਾ ਅੰਕਲ - ਮੇਰੇ ਗੰਦੇ ਪਾਪਾ।'

'ਨੀਲੂ...! ਓ ਮਾਈ ਗੌਡ...!' ਬੁੜਬੁੜਾ ਕੇ ਸੁਮਨ ਗੁੱਸੇ ਨਾਲ ਨੀਲਿਮਾ ਵੱਲ ਵਧੀ। ਸੁਮਨ ਦੇ ਹਾਵਭਾਵ ਨੂੰ ਦੇਖਦਿਆਂ, ਉਸਦਾ ਗੁੱਸਾ ਸੱਤਵੇਂ ਅਸਮਾਨ 'ਤੇ ਸੀ। ਲੱਗਦਾ ਸੀ ਕਿ ਉਹ ਹੁਣੇ ਨੀਲੂ ਨੂੰ ਬਾਂਹੋਂ ਫੜ ਕੇ ਉਠਾਵੇਗੀ ਅਤੇ ਉਸਨੂੰ ਇੱਕ ਜ਼ੋਰਦਾਰ ਥੱਪੜ ਮਾਰੇਗੀ।

ਪਰ ਨੀਲਿਮਾ ਦੇ ਨੇੜੇ ਆ ਕੇ ਸੁਮਨ ਰੁਕ ਗਈ। ਉਸ ਦੇ ਚਿਹਰੇ ਵੱਲ ਦੇਖਦਿਆਂ ਉਸ ਦੀਆਂ ਗੱਲ੍ਹਾਂ 'ਤੇ ਹੰਝੂਆਂ ਦੀਆਂ ਕਈ ਸੁੱਕੀਆਂ ਰੇਖਾਵਾਂ ਨਜ਼ਰ ਆ ਰਹੀਆਂ ਸਨ। ਸੁਮਨ ਸਮਝ ਗਈ ਕਿ ਨੀਲਾ ਸਾਰੀ ਰਾਤ ਬਹੁਤ ਰੋਂਦੀ ਰਹੀ ਹੈ।

ਨੀਲਿਮਾ ਦੇ ਵਾਲਾਂ ਨੂੰ ਪਿਆਰ ਨਾਲ ਸਹਿਲਾਉਂਦਿਆਂ ਸੁਮਨ ਉਸ ਨੂੰ ਸ਼ਿੱਦਤ ਨਾਲ ਚੁੰਮਣ ਲੱਗੀ, ਜਿਸ ਕਾਰਨ ਨੀਲਿਮਾ ਘਬਰਾ ਕੇ ਉੱਠ ਗਈ। ਹੁਣ ਉਹ ਡਰ ਨਾਲ 'ਕੱਠੀ ਹੁੰਦੀ ਜਾ ਰਹੀ ਸੀ।

***

# ਮੂਲ : ਰਾਜੇਸ਼ ਕਦਮ, ਕਾਨਪੁਰ-208005 (ਉੱਤਰਪ੍ਰਦੇਸ਼)
8953751503.




CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com

# ਚੰਗੀ ਚਿੜੀ



ਇੱਕ ਵਾਰ ਦੀ ਗੱਲ ਹੈ। ਇੱਕ ਜੰਗਲ ਵਿੱਚ ਇੱਕ ਚਿੜੀ ਰਹਿੰਦੀ ਸੀ। ਇੱਕ ਦਿਨ ਚਿੜੀ ਨੂੰ ਭੁੱਖ ਲੱਗੀ। ਫਿਰ ਚਿੜੀ ਭੋਜਨ ਲੱਭਣ ਲੱਗ ਪਈ। ਫਿਰ ਚਿੜੀ ਨੂੰ ਇੱਕ ਰੁੱਖ 'ਤੇ ਫਲ ਦੇਖਿਆ। ਫਿਰ ਚਿੜੀ ਨੇ ਫ਼ਲ ਖਾ ਲਿਆ। ਉਹ ਚਿੜੀ ਆਪਣੇ ਆਲ੍ਹਣੇ ਦੇ ਵਿੱਚ ਆ ਗਈ। ਅਗਲੇ ਦਿਨ ਉਸਨੇ ਹੋਰ ਚਿੜੀਆਂ ਨੂੰ ਫ਼ਲ ਬਾਰੇ ਦੱਸਿਆ। ਸਾਰੀਆਂ ਚਿੜੀਆਂ ਫ਼ਲ ਖਾਣ ਲੱਗ ਗਈਆਂ।

ਸਿੱਖਿਆ- ਇਸ ਕਹਾਣੀ ਤੇ ਸਿੱਖਿਆ ਮਿਲਦੀ ਹੈ ਕਿ ਸਭ ਨਾਲ ਰਲ-ਮਿਲ ਕੇ ਰਹਿਣਾ ਚਾਹੀਦਾ ਹੈ ਅਤੇ ਦੂਸਰਿਆਂ ਦਾ ਭਲਾ ਕਰਨਾ ਚਾਹੀਦਾ ਹੈ।



ਹਰਸ਼ਿਤ ਸਿੰਘ , ਜਮਾਤ ਪੰਜਵੀਂ
ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ,
ਗੰਭੀਰਪੁਰ ਲੋਅਰ, ਜਿਲ੍ਹਾ
ਰੂਪਨਗਰ,
ਗਾਈਡ ਅਧਿਆਪਕ
ਮਾਸਟਰ ਸੰਜੀਵ ਧਰਮਾਣੀ
9478561356

# ਸਬਕ

ਸਬਕ ਰੋਜ਼ ਨੇ ਮਿਲਦੇ ਰਹਿੰਦੇ,
ਅਨੋਖੇ ਅਤੇ ਨਵੀਨ ਸਦਾ,
ਮਤਲਬ ਜਿਨ੍ਹਾਂ ਦੇ ਨਿਕਲਣ ਹਮੇਸ਼ਾ,
ਡੂੰਘੇ ਅਤੇ ਮਹੀਨ ਸਦਾ।
ਕੁੱਝ ਤਾਂ ਪੱਲੇ ਪੈ ਜਾਂਦੇ ਨੇ,
ਪਰ ਕੁੱਝ ਸਮਝ ਤੋਂ ਬਾਹਰ,
ਕਈਆਂ ਨੂੰ ਤਾਂ ਮੰਨਣ ਤੋਂ,
ਹੋ ਜਾਂਦੇ ਹਾਂ ਅਸੀਂ ਨਾਬਰ।
ਸਫਲਤਾ ਦੀ ਟੀਸੀ 'ਤੇ ਚੜ੍ਹਨਾ,
ਖ਼ਤਰਿਆਂ ਤੋਂ ਨਹੀਂ ਖਾਲੀ,
ਗਲਤੀਆਂ ਹੀ ਪਰਪੱਕ ਕਰਦੀਆਂ,
ਅਨਾੜੀਆਂ ਨੂੰ ਹਰ ਹਾਲੀ।
ਮਰਹਲੇ ਖੜ੍ਹੇ ਨੇ ਪੈਰ ਪੈਰ 'ਤੇ,
ਜ਼ੰਜੀਰਾਂ ਵਾਂਗੂੰ ਜਾਪਣ,
ਧਿੰਗੋਜ਼ੋਰੀ ਰਾਹ ਰੋਕ ਕੇ,
ਸਾਡੀਆਂ ਸ਼ਕਤੀਆਂ ਨਾਪਣ।
ਹਰ ਇੱਕ ਦੇ ਨਾਲ ਵਾਹ ਪੈਣ ਦਾ,
ਅਹਿਸਾਸ ਹਮੇਸ਼ਾਂ ਵੱਖਰਾ,
ਠੁੱਠ ਕਈ ਵਾਰ ਦਿਖਾ ਜਾਂਦਾ ਹੈ,
ਬੰਦਾ ਕੋਈ ਕੋਈ ਚਤਰਾ।
ਦੂਸਰਿਆਂ ਨੂੰ ਸਬਕ ਸਿਖਾਉਣ ਲਈ,
ਹਰ ਕੋਈ ਹੈ ਕਾਹਲ਼ਾ,
ਭਾਵੇਂ ਉਸ ਦੀ ਅਪਣੀ ਅਕਲ ਦਾ,
ਨਿਕਲਿਆ ਹੋਵੇ ਦੀਵਾਲ਼ਾ।



ਸਾਂਝੀ ਸੋਚ
ਰਵਿੰਦਰ ਸਿੰਘ ਕੁੰਦਰਾ
ਕਵੈਂਟਰੀ ਯੂ.ਕੇ
+44 77487-72308

LARRY T. NIERMEYER
Attorney at Law



OFFERING SERVICES IN
THE FOLLOWING AREAS





1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation

PHONE: (209) 574-9447
1420 F STREET ST_ 2ND FLOOR MODESTO, CA 95354
Email : ltniermeyer@aol.com





RE/MAX®
EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**
Realtor ® CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED


Star India
SWEETS AND CATERING
VEG AND NON-VEG
Entrees
DESSERTS
APPETIZERS
BEVERAGES
SIDES ETC.
RENOWNED CHEFS
HIGH QUALITY INGREDIENTS
ਵਿਆਹ - ਸ਼ਾਦੀਆਂ ਜਾਂ ਪਾਰਟੀਆਂ ਲਈ 2000 ਬੰਦਿਆਂ ਦੀ ਕੇਟਰਿੰਗ ਦਾ ਵੀ ਖਾਸ ਪ੍ਰਬੰਧ
ਦੇਸੀ ਘੀ ਦੀਆਂ ਸਵਾਦਿਸ਼ਟ ਤੇ ਤਾਜ਼ੀਆਂ ਮਠਿਆਈਆਂ ਖ਼ਾਸ ਮੌਕਿਆਂ ਲਈ
ORDERS ਤੇ ਕਰਵਾਓ ਤਿਆਰ
DINE IN AND TO GO ORDERS ALSO AVAILABLE
ਹਫ਼ਤੇ ਦੇ 7 ਤੇ ਦਿਨ ਖੁੱਲਾ : 10am-9pm
PHONE NUMBER:
(209) 629-8511, (209)858-1380
CELL ( ASHOK VERMA) (209) 681-5171
Address :- 209 E Louise Ave, Lathrop, CA , 95330